PAIGAM-E-JAGAT

# ਪੈਗ਼ਾਮ-ਏ-ਜਗਤ

"ਸਿੱਖਿਆ ਸਭ ਤੋਂ ਸ਼ਕਤੀਸ਼ਾਲੀ ਹਥਿਆਰ ਹੈ ਜਿਸ ਨਾਲ ਤੁਸੀਂ ਦੁਨੀਆ ਬਦਲ ਸਕਦੇ ਹੋ।"
-ਨੈਲਸਨ ਮੰਡੇਲਾ

Title code : CHAMUL00914 | E-mail : Info@paigamejagat.com | ਐਤਵਾਰ, 4 ਅਕਤੂਬਰ 2026, ਸਾਲ-4, ਅੰਕ-9, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701


### ਹਾਕੀ 'ਚ ਭਾਰਤ ਨੇ ਮਲੇਸ਼ੀਆ ਨੂੰ 5-1 ਨਾਲ ਹਰਾਇਆ

## 21ਵਾਂ ਸੋਨ ਤਗਮਾ ਜਿੱਤਿਆ

### ਹਰਮਨਪ੍ਰੀਤ ਸਿੰਘ, ਜੁਗਰਾਜ ਤੇ ਹਾਰਦਿਕ ਨੇ ਕੀਤੇ ਗੋਲ

"ਭਾਰਤ ਨੇ ਏਸ਼ੀਆਈ ਖੇਡਾਂ ਵਿੱਚ 21 ਸੋਨ ਤਗਮੇ ਜਿੱਤੇ; ਹੁਣ ਤੱਕ ਦਾ ਦੂਜਾ ਸਭ ਤੋਂ ਵਧੀਆ ਪ੍ਰਦਰਸ਼ਨ ਹੈ; 2023 ਵਿੱਚ 28 ਤਗਮੇ ਜਿੱਤੇ ਗਏ ਸਨ। ਇਸ ਵਾਰ ਕੁੱਲ 85 ਤਗਮੇ ਹਾਸਲ ਕੀਤੇ ਗਏ, ਜਿਸ ਨਾਲ ਦੇਸ਼ ਤਗਮਾ ਸੂਚੀ ਵਿੱਚ ਚੌਥੇ ਸਥਾਨ 'ਤੇ ਰਿਹਾ"



**ਕਾਕਾਮੀਗਾਹਾਰਾ, 3 ਅਕਤੂਬਰ (ਪੈ.ਗਾਮ-ਏ-ਜਗਤ)**

ਭਾਰਤ ਨੇ ਏਸ਼ਿਆਈ ਖੇਡਾਂ ਵਿੱਚ ਆਪਣਾ 21ਵਾਂ ਸੋਨ ਤਗਮਾ ਜਿੱਤ ਲਿਆ ਹੈ। ਭਾਰਤੀ ਪੁਰਸ਼ ਹਾਕੀ ਟੀਮ ਨੇ ਫਾਈਨਲ ਮੁਕਾਬਲੇ ਵਿੱਚ ਮਲੇਸ਼ੀਆ ਨੂੰ 5-1 ਨਾਲ ਹਰਾ ਕੇ ਸੋਨ ਤਗਮਾ ਆਪਣੇ ਨਾਂ ਕੀਤਾ। ਇਸ ਜਿੱਤ ਨਾਲ ਭਾਰਤ ਦੀ ਏਸ਼ਿਆਈ ਖੇਡਾਂ ਦੀ ਤਗਮਾ ਸੂਚੀ ਵਿੱਚ ਸਥਿਤੀ ਵੀ ਮਜ਼ਬੂਤ ਹੋਈ ਹੈ। ਭਾਰਤ ਹੁਣ 84 ਤਗਮਿਆਂ ਨਾਲ ਤਗਮਾ ਸੂਚੀ ਵਿੱਚ ਚੌਥੇ ਸਥਾਨ 'ਤੇ ਪਹੁੰਚ ਗਿਆ ਹੈ।

ਇਸ ਤੋਂ ਪਹਿਲਾਂ ਭਾਰਤੀ ਪਹਿਲਵਾਨ ਅਮਨ ਸਹਿਰਾਵਤ ਨੇ ਪੁਰਸ਼ਾਂ ਦੇ 57 ਕਿਲੋ ਭਾਰ ਵਰਗ ਵਿੱਚ ਸੋਨ ਤਗਮਾ ਜਿੱਤਿਆ। ਇਹ ਸ਼ਨਿਚਰਵਾਰ ਨੂੰ ਭਾਰਤ ਦਾ ਚੌਥਾ ਸੋਨ ਤਗਮਾ ਰਿਹਾ। ਇਸ ਤੋਂ ਇਲਾਵਾ ਗੋਲਫ ਵਿੱਚ ਪ੍ਰਣਵੀ ਉਰਸ ਅਤੇ ਤੀਰਅੰਦਾਜ਼ੀ ਵਿੱਚ 17 ਸਾਲਾ ਕੁਮਕੁਮ ਮੋਹੋਦ ਨੇ ਵੀ ਸੋਨ ਤਗਮੇ ਆਪਣੇ ਨਾਂ ਕੀਤੇ।

ਪੁਰਸ਼ ਹਾਕੀ ਦੇ ਫਾਈਨਲ ਮੁਕਾਬਲੇ ਵਿੱਚ ਭਾਰਤੀ ਟੀਮ ਨੇ ਮਲੇਸ਼ੀਆ ਵਿਰੁੱਧ ਸ਼ੁਰੂ ਤੋਂ ਹੀ ਹਮਲਾਵਰ ਖੇਡ ਦਿਖਾਈ। ਭਾਰਤ ਨੇ ਪੈਨਲਟੀ ਕਾਰਨਰਾਂ ਦਾ ਪੂਰਾ ਲਾਭ ਲੈਂਦਿਆਂ ਮਲੇਸ਼ੀਆ 'ਤੇ ਦਬਾਅ ਬਣਾਈ ਰੱਖਿਆ। ਭਾਰਤੀ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਜੁਗਰਾਜ ਸਿੰਘ ਨੇ ਪੈਨਲਟੀ ਕਾਰਨਰ 'ਤੇ ਗੋਲ ਕਰਕੇ ਟੀਮ ਦੀ ਸਥਿਤੀ ਮਜ਼ਬੂਤ ਕੀਤੀ।

ਮਲੇਸ਼ੀਆ ਨੇ ਵੀ ਭਾਰਤ ਦੇ ਹਮਲਿਆਂ ਦਾ ਜਵਾਬ ਦੇਣ ਦੀ ਕੋਸ਼ਿਸ਼ ਕੀਤੀ। ਮਲੇਸ਼ੀਆ ਵੱਲੋਂ 14ਵੇਂ ਮਿੰਟ ਵਿੱਚ ਸ਼ੇਲੋ ਸਿਲਵਰੀਅਸ ਨੇ ਗੋਲ ਕੀਤਾ। ਇਸ ਨਾਲ ਮਲੇਸ਼ੀਆ ਨੇ ਮੁਕਾਬਲੇ ਵਿੱਚ ਵਾਪਸੀ ਦੀ ਉਮੀਦ ਜਤਾਈ ਪਰ ਭਾਰਤੀ ਖਿਡਾਰੀਆਂ ਨੇ ਆਪਣੀ ਹਮਲਾਵਰ ਰਣਨੀਤੀ ਜਾਰੀ ਰੱਖੀ ਅਤੇ ਮਲੇਸ਼ੀਆ ਨੂੰ ਹੋਰ ਮੌਕੇ ਨਹੀਂ ਦਿੱਤੇ। (ਬਾਕੀ ਸਫ਼ਾ 2 'ਤੇ)



## ਏਸ਼ਿਆਈ ਖੇਡਾਂ : ਭਾਰਤ ਨੇ ਪਾਕਿਸਤਾਨ ਨੂੰ 19 ਦੌੜਾਂ ਨਾਲ ਹਰਾ ਕੇ ਜਿੱਤਿਆ ਸੋਨ ਤ਼ਗਮਾ

**ਚੰਡੀਗੜ੍ਹ, 3 ਅਕਤੂਬਰ (ਪੈ.ਗਾਮ-ਏ-ਜਗਤ)**

ਏਸ਼ਿਆਈ ਖੇਡਾਂ ਦੇ ਪੁਰਸ਼ ਕ੍ਰਿਕਟ ਮੁਕਾਬਲੇ ਦੇ ਮਹਾ-ਫ਼ਾਈਨਲ ਵਿੱਚ ਭਾਰਤ ਨੇ ਪਾਕਿਸਤਾਨ ਨੂੰ 19 ਦੌੜਾਂ ਨਾਲ ਹਰਾ ਕੇ ਸੋਨ ਤ਼ਗਮਾ ਆਪਣੇ ਨਾਮ ਕਰ ਲਿਆ ਹੈ। ਪਹਿਲਾਂ ਬੱਲੇਬਾਜ਼ੀ ਕਰਦਿਆਂ ਭਾਰਤੀ ਟੀਮ ਨੇ ਨਿਰਧਾਰਤ 20 ਓਵਰਾਂ ਵਿੱਚ 6 ਵਿਕਟਾਂ ਦੇ ਨੁਕਸਾਨ 'ਤੇ 211 ਦੌੜਾਂ ਦਾ ਵਿਸ਼ਾਲ ਸਕੋਰ ਬਣਾਇਆ। ਭਾਰਤ ਵੱਲੋਂ ਅਭਿਸ਼ੇਕ ਸ਼ਰਮਾ ਨੇ ਸ਼ਾਨਦਾਰ ਬੱਲੇਬਾਜ਼ੀ ਕਰਦਿਆਂ 28 ਗੇਂਦਾਂ ਵਿੱਚ 61 ਦੌੜਾਂ ਦੀ ਤੂਫ਼ਾਨੀ ਪਾਰੀ ਖੇਡੀ, ਜਦਕਿ ਉਪ-ਕਪਤਾਨ ਤਿਲਕ ਵਰਮਾ ਨੇ 22 ਗੇਂਦਾਂ ਵਿੱਚ ਨਾਬਾਦ 51 ਦੌੜਾਂ ਬਣਾਈਆਂ। ਇਸ ਤੋਂ ਇਲਾਵਾ ਸ਼ਿਵਮ ਦੂਬੇ ਨੇ 27 ਅਤੇ ਸ਼੍ਰੇਅਸ ਅਈਅਰ ਨੇ 21 ਦੌੜਾਂ ਦਾ ਯੋਗਦਾਨ ਪਾਇਆ।

212 ਦੌੜਾਂ ਦੇ ਵੱਡੇ ਟੀਚੇ ਦਾ ਪਿੱਛਾ ਕਰਨ ਉਤਰੀ ਪਾਕਿਸਤਾਨੀ ਟੀਮ 20 ਓਵਰਾਂ ਵਿੱਚ 6 ਵਿਕਟਾਂ 'ਤੇ 192 ਦੌੜਾਂ ਹੀ ਬਣਾ ਸਕੀ। ਪਾਕਿਸਤਾਨ ਲਈ ਹਸਨ ਨਵਾਜ਼ ਨੇ 96 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ ਪਰ ਉਹ ਆਪਣੀ ਟੀਮ ਨੂੰ ਜਿੱਤ ਨਹੀਂ ਦਿਵਾ ਸਕੇ। ਭਾਰਤ ਦੀ ਸ਼ਾਨਦਾਰ ਗੇਂਦਬਾਜ਼ੀ ਆਫ਼ ਸਾਹਮਣੇ ਪਾਕਿਸਤਾਨੀ ਬੱਲੇਬਾਜ਼ ਸੰਘਰਸ਼ ਕਰਦੇ ਨਜ਼ਰ ਆਏ, ਜਿਸ ਨਾਲ ਭਾਰਤ ਨੇ ਇਹ ਮੁਕਾਬਲਾ ਜਿੱਤ ਕੇ ਇਤਿਹਾਸ ਰਚ ਦਿੱਤਾ।

### ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਾਨਦਾਰ ਕਾਰਗੁਜ਼ਾਰੀ ਵਾਲੇ ਪੁਲਿਸ ਅਧਿਕਾਰੀਆਂ ਨੂੰ ਕੀਤਾ ਸਨਮਾਨਿਤ

## ਨਸ਼ਿਆਂ ਨੂੰ ਜੜੋਂ ਖਤਮ ਕਰਨ ਲਈ ਪੰਜਾਬ ਪੁਲਿਸ ਵਿੱਚ 10 ਹਜ਼ਾਰ ਨਵੀਆਂ ਅਸਾਮੀਆਂ ਭਰੀਆਂ ਜਾਣਗੀਆਂ : ਸੀਐਮ ਮਾਨ



- ਨਸ਼ੇ ਦੇ ਖ਼ਿਲਾਫ਼ ਅੰਤਿਮ ਅਤੇ ਫ਼ੈਸਲਾਕੁੰਨ ਲੜਾਈ ਲੜ ਰਿਹਾ ਪੰਜਾਬ-ਭਗਵੰਤ ਸਿੰਘ ਮਾਨ
- ਪੁਲਿਸ ਵਿਭਾਗ ਨੂੰ ਛੇਤੀ ਹੀ 450 ਏ.ਐਸ.ਆਈ. ਅਤੇ 3400 ਜਵਾਨ ਮਿਲਣਗੇ : ਮੁੱਖ ਮੰਤਰੀ ਮਾਨ

**ਚੰਡੀਗੜ੍ਹ, 3 ਅਕਤੂਬਰ (ਪੈ.ਗਾਮ-ਏ-ਜਗਤ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਪੰਜਾਬ ਪੁਲਿਸ ਵਿੱਚ 10,000 ਨਵੀਆਂ ਅਸਾਮੀਆ ਭਰਨ ਦਾ ਐਲਾਨ ਕਰਦਿਆਂ ਕਿਹਾ ਕਿ ਪੰਜਾਬ 'ਯੁੱਧ ਨਸ਼ਿਆਂ ਵਿਰੁੱਧ' ਦੇ ਅੰਤਿਮ ਅਤੇ ਫ਼ੈਸਲਾਕੁੰਨ ਪੜਾਅ 'ਤੇ ਜੰਗ ਲੜ ਰਿਹਾ ਹੈ।

ਆਪਣੀ ਤਰ੍ਹਾਂ ਦੀ ਪਹਿਲੀ 'ਐਸ.ਐਚ.ਓਜ਼. ਮਿਲਣੀ' ਦੌਰਾਨ ਸ਼ਾਨਦਾਰ ਕਾਰਗੁਜ਼ਾਰੀ ਵਾਲੇ ਪੁਲਿਸ ਅਧਿਕਾਰੀਆਂ ਨੂੰ ਸਨਮਾਨਿਤ ਕਰਨ ਲਈ ਕਰਵਾਏ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਨੂੰ ਨਸ਼ਿਆਂ ਖ਼ਿਲਾਫ਼ ਹਰ ਜਾਇਜ਼ ਕਾਰਵਾਈ ਕਰਨ ਦੀ ਖੁੱਲ੍ਹੀ ਛੁੱਟੀ ਦਿੱਤੀ ਗਈ ਹੈ। ਉਨ੍ਹਾਂ ਨੇ ਪੁਲਿਸ ਅਧਿਕਾਰੀਆਂ ਨੂੰ ਪਿੰਡਾਂ ਤੇ ਕਸਬਿਆਂ ਵਿੱਚ ਜਾਣ, ਲੋਕਾਂ ਨੂੰ ਨਾਲ ਲੈਣ ਅਤੇ ਇਸ ਲਾਹਨਤ 'ਤੇ ਰੋਕ ਲਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਹੁਣ ਪੂਰੇ ਪੰਜਾਬ ਵਿੱਚ ਲੋਕ ਲਹਿਰ ਬਣ ਚੁੱਕਾ ਹੈ, ਜਦਕਿ ਪੁਲਿਸ ਫੋਰਸ ਨੂੰ ਜਲਦ ਹੀ 450 ਏ.ਐਸ.ਆਈ. ਅਤੇ 3,400 ਪੁਲਿਸ ਜਵਾਨ ਮਿਲਣਗੇ।

ਇਸ ਸਮਾਗਮ ਦੀਆਂ ਕੁੱਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ: ਅੱਜ ਮਹਾਰਾਜਾ ਰਣਜੀਤ ਸਿੰਘ ਅਕੈਡਮੀ, ਫਿਲੌਰ ਵਿਖੇ ਡੀ.ਜੀ.ਪੀ. ਤੋਂ ਲੈ ਕੇ ਐਸ.ਐਚ.ਓ. ਤੱਕ ਦੇ ਪੰਜਾਬ ਪੁਲਿਸ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ। 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅਸੀਂ ਪੁਲਿਸ ਨੂੰ ਨਸ਼ਾ ਤਸਕਰਾਂ ਵਿਰੁੱਧ ਕਾਨੂੰਨ ਦੇ ਦਾਇਰੇ ਵਿੱਚ ਸਖ਼ਤ ਕਾਰਵਾਈ ਕਰਨ ਦੀ ਪੂਰੀ ਖੁੱਲ੍ਹ ਦਿੱਤੀ ਹੋਈ ਹੈ। ਫੋਰਸ ਨੂੰ ਅਤਿ-ਆਧੁਨਿਕ ਸਹੂਲਤਾਂ ਦੇਣ ਦੇ ਨਾਲ-ਨਾਲ ਅਸੀਂ ਬਿਨਾਂ ਕਿਸੇ ਸਿਫ਼ਾਰਸ਼ ਜਾਂ ਪੱਖਪਾਤ ਦੇ 10,000 ਨਵੀਆਂ ਭਰਤੀਆਂ ਵੀ ਕਰਨ ਜਾ ਰਹੇ ਹਾਂ। ਆਓ ਸੰਕਲਪ ਲਈਏ ਕਿ ਜਦੋਂ ਤੱਕ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਨਹੀਂ ਪੁੱਟ ਦਿੱਤਾ ਜਾਂਦਾ, ਅਸੀਂ ਨਾ ਰੁਕਾਂਗੇ ਅਤੇ ਨਾ ਹੀ ਝੁਕਾਂਗੇ। ਅਸੀਂ ਕਿਸੇ ਵੀ ਮਾਂ ਜਾਂ ਭੈਣ ਦੀ ਅੱਖ ਵਿੱਚ ਅੱਥਰੂ ਨਹੀਂ ਆਉਣ ਦੇਵਾਂਗੇ ਅਤੇ ਨਸ਼ਾ ਮੁਕਤ 'ਰੰਗਲਾ ਪੰਜਾਬ' ਬਣਾਵਾਂਗੇ। ਇਨਕਲਾਬ ਜ਼ਿੰਦਾਬਾਦ।

ਪੁਲਿਸ ਜਵਾਨਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਇੱਕ ਇਤਿਹਾਸਕ ਪਹਿਲਕਦਮੀ ਹੈ ਜਿਸ ਰਾਹੀਂ ਮੈਂ, ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਨਾਲ ਮਿਲ ਕੇ ਤੁਹਾਡੇ ਕੰਮਕਾਜ ਦੇ ਹਾਲਾਤਾਂ ਨੂੰ ਸਮਝਣ, ਤੁਹਾਡੀਆਂ ਸਮੱਸਿਆਵਾਂ ਸੁਣਨ ਅਤੇ ਤੁਹਾਡੀ ਭਲਾਈ ਲਈ ਕਦਮ ਚੁੱਕਣ ਵਾਸਤੇ ਐਸ.ਐਚ.ਓਜ਼ ਨਾਲ ਸਿੱਧਾ ਰਾਬਤਾ ਕਾਇਮ ਕਰ ਰਿਹਾ ਹਾਂ।

ਆਪਣੀ ਡਿਊਟੀ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣ ਵਾਲੇ ਪੁਲਿਸ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਐਸ.ਐਚ.ਓਜ਼ 'ਤੇ ਬਹੁਤ ਵੱਡੀ ਜ਼ਿੰਮੇਵਾਰੀ ਹੁੰਦੀ ਹੈ ਕਿਉਂਕਿ ਜ਼ਮੀਨੀ ਪੱਧਰ 'ਤੇ ਤੁਸੀਂ ਹੀ ਪੁਲਿਸ ਦਾ ਚਿਹਰਾ ਹੋ। ਲੋਕ ਆਪਣੀਆਂ ਫਰਿਆਦਾਂ ਲੈ ਕੇ ਤੁਹਾਡੇ ਕੋਲ ਆਉਂਦੇ ਹਨ ਅਤੇ ਇਨਸਾਫ਼, ਸੁਰੱਖਿਆ ਤੇ ਤੁਰੰਤ ਕਾਰਵਾਈ ਦੀ ਉਮੀਦ ਰੱਖਦੇ ਹਨ।

ਉਨ੍ਹਾਂ ਕਿਹਾ, ਸਾਡੀ ਸਰਕਾਰ ਪੁਲਿਸ ਜਵਾਨਾਂ ਦੇ ਦਬਾਅ ਅਤੇ ਚੁਣੌਤੀਆਂ ਨੂੰ ਸਮਝਦੀ ਹੈ ਅਤੇ ਤੁਹਾਡੀਆਂ ਵਾਜਬ ਚਿੰਤਾਵਾਂ ਪ੍ਰਤੀ ਹਮਦਰਦੀ ਭਰਿਆ ਰਵੱਈਆ ਅਪਣਾ ਰਹੀ ਹੈ। ਪਰ ਸਹਿਯੋਗ ਦੇ ਨਾਲ-ਨਾਲ, ਪੰਜਾਬ ਦੇ ਲੋਕ ਹਰ ਪੁਲਿਸ ਅਧਿਕਾਰੀ ਤੋਂ ਪੇਸ਼ੇਵਰ ਪਹੁੰਚ, ਇਮਾਨਦਾਰੀ ਅਤੇ ਜਵਾਬਦੇਹੀ ਦੀ ਉਮੀਦ ਵੀ ਰੱਖਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਜਨਤਕ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ, ਲੋਕ ਪੁਲਿਸ ਨੂੰ ਜਾਣਕਾਰੀ ਦੇ ਰਹੇ ਹਨ ਅਤੇ ਸਹਿਯੋਗ ਕਰ ਰਹੇ ਹਨ। ਪਰ ਇੱਕ ਵਾਰ ਜਦੋਂ ਜਾਣਕਾਰੀ ਤੁਹਾਡੇ ਤੱਕ ਪਹੁੰਚ ਜਾਂਦੀ ਹੈ ਤਾਂ ਤੁਰੰਤ ਅਤੇ ਅਸਰਦਾਰ ਕਾਰਵਾਈ ਕਰਨਾ ਤੁਹਾਡੀ ਜ਼ਿੰਮੇਵਾਰੀ ਹੈ।

ਮੁੱਖ ਮੰਤਰੀ ਨੇ ਐਸ.ਐਚ.ਓਜ਼ ਨੂੰ ਪ੍ਰੇਰਿਤ ਕਰਦਿਆਂ ਕਿਹਾ, ਹਰ ਸ਼ਿਕਾਇਤ ਅਤੇ ਕਾਰਵਾਈ ਨੂੰ ਪੂਰੀ ਜਾਣਕਾਰੀ ਨਾਲ ਗੰਭੀਰਤਾ, ਪੇਸ਼ੇਵਰਤਾ ਅਤੇ ਬਿਨਾਂ ਕਿਸੇ ਡਰ ਜਾਂ ਪੱਖਪਾਤ ਤੋਂ ਨਜਿੱਠਿਆ ਜਾਣਾ ਚਾਹੀਦਾ ਹੈ। ਪੰਜਾਬ ਦੇ ਲੋਕਾਂ ਨੂੰ ਨਸ਼ਿਆਂ ਅਤੇ ਅਪਰਾਧ ਤੋਂ ਬਚਾਉਣ ਦੇ ਮਾਮਲੇ ਵਿੱਚ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਪੁਲਿਸ ਦੀ ਕਾਰਜਪ੍ਰਣਾਲੀ ਦੀ ਸਮਰੱਥਾ ਨੂੰ ਮਜ਼ਬੂਤ ਕਰ ਰਹੀ ਹੈ। ਉਨ੍ਹਾਂ ਦੱਸਿਆ, ਅਸੀਂ ਪੁਲਿਸ ਫੋਰਸ ਨੂੰ ਮਜ਼ਬੂਤ ਕਰਨ ਲਈ ਸੀ.ਸੀ.ਟੀ.ਵੀ., ਐਂਟੀ-ਡਰੋਨ ਸਿਸਟਮ, ਆਧੁਨਿਕ ਵਾਹਨ ਅਤੇ ਹੋਰ ਆਹਲਾ ਦਰਜੇ ਦਾ ਬੁਨਿਆਦੀ ਢਾਂਚਾ ਅਤੇ ਤਕਨਾਲੋਜੀ ਮੁਹੱਈਆ ਕਰਵਾ ਰਹੇ ਹਾਂ। ਆਧੁਨਿਕ ਪੁਲਿਸਿੰਗ ਬਹੁਤ ਜ਼ਰੂਰੀ ਹੈ ਕਿਉਂਕਿ ਨਸ਼ਾ ਤਸਕਰੀ ਅਤੇ ਸੰਗਠਿਤ ਅਪਰਾਧ ਵਿੱਚ ਸ਼ਾਮਲ ਨੈੱਟਵਰਕ ਦਿਨ-ਬ-ਦਿਨ ਵਧੇਰੇ ਸਮਾਰਟ ਤੇ ਆਧੁਨਿਕ ਹੁੰਦੇ ਜਾ ਰਹੇ ਹਨ।

ਤਕਨਾਲੋਜੀ-ਆਧਾਰਿਤ ਪੁਲਿਸਿੰਗ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਿਕਰ ਕੀਤਾ, ਪੰਜਾਬ ਤਕਨਾਲੋਜੀ-ਆਧਾਰਿਤ ਪੁਲਿਸਿੰਗ ਵੱਲ ਵਧ ਰਿਹਾ ਹੈ, ਜਿਸ ਵਿੱਚ ਏ.ਆਈ. ਅਧਾਰਿਤ ਨਿਗਰਾਨੀ ਪ੍ਰਣਾਲੀ ਦੀ ਵਰਤੋਂ ਵੀ ਸ਼ਾਮਲ ਹੈ। ਮੁੱਖ ਮੰਤਰੀ ਬਣਨ ਤੋਂ ਪਹਿਲਾਂ ਜਦੋਂ ਮੈਂ ਐਮ.ਪੀ. ਵਜੋਂ ਸੇਵਾ ਨਿਭਾ ਰਿਹਾ ਸੀ, ਮੈਂ ਧੂਰੀ, ਸੁਨਾਮ, ਮਲੇਰਕੋਟਲਾ, ਭਦੌੜ, ਮਹਿਲ ਕਲਾਂ, ਬਰਨਾਲਾ ਅਤੇ ਲਹਿਰਾਗਾਗਾ ਦੇ ਪ੍ਰਮੁੱਖ ਸਥਾਨਾਂ 'ਤੇ ਸੀ.ਸੀ.ਟੀ.ਵੀ. ਲਾਉਣ ਦੀ ਪਹਿਲਕਦਮੀ ਕੀਤੀ ਸੀ ਤਾਂ ਜੋ ਸਥਿਤੀ 'ਤੇ ਬਾਰੀਕੀ ਨਾਲ ਨਜ਼ਰ ਰੱਖੀ ਜਾ ਸਕੇ। ਮੁੱਖ ਮੰਤਰੀ ਨੇ ਅੱਗੇ ਕਿਹਾ, ਮੇਰੇ ਵੱਲੋਂ ਮੁੱਖ ਮੰਤਰੀ ਵਜੋਂ ਪੰਜਾਬ ਦੀ ਸੇਵਾ ਕਰਨ ਦੀ ਜ਼ਿੰਮੇਵਾਰੀ ਸੰਭਾਲਣ ਤੋਂ ਬਾਅਦ ਵੀ ਇਹ ਤਕਨਾਲੋਜੀ-ਆਧਾਰਿਤ ਪਹਿਲਕਦਮੀਆਂ ਜਾਰੀ ਰਹੀਆਂ। ਪੁਲਿਸਿੰਗ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਲਈ ਤਕਨਾਲੋਜੀ ਹੁਣ ਸਾਡੀ ਰਣਨੀਤੀ ਦਾ ਇੱਕ ਅਹਿਮ ਹਿੱਸਾ ਹੈ।

## ਹੋਰਮੁਜ਼ 'ਚ ਜਹਾਜ਼ 'ਤੇ ਮਿਜ਼ਾਈਲ ਹਮਲਾ, 5 ਭਾਰਤੀ ਬਚੇ

**ਮਸਕਟ :** ਹੋਰਮੁਜ਼ ਸਟ੍ਰੇਟ ਵਿੱਚ ਇੱਕ ਜਹਾਜ਼ 'ਤੇ ਮਿਜ਼ਾਈਲ ਹਮਲਾ ਹੋਇਆ। ਇਸ ਵਿੱਚ ਸਵਾਰ 5 ਭਾਰਤੀ ਨਾਵਿਕਾਂ ਨੂੰ ਸੁਰੱਖਿਅਤ ਬਚਾਅ ਲਿਆ ਗਿਆ। ਓਮਾਨ ਵਿੱਚ ਭਾਰਤੀ ਦੂਤਾਵਾਸ ਨੇ ਸ਼ਨੀਵਾਰ ਨੂੰ ਇਸ ਦੀ ਜਾਣਕਾਰੀ ਦਿੱਤੀ।

ਇਹ ਨਾਵਿਕ ਕੁਵੈਤ ਦੇ ਝੰਡੇ ਵਾਲੇ ਟੈਂਕਰ 'ਐਮ.ਟੀ. ਕਾਜ਼ੀਮਾਹ 3' 'ਤੇ ਸਵਾਰ ਸਨ। ਇਹ ਕੱਚੇ ਤੇਲ ਨਾਲ ਭਰਿਆ ਹੋਇਆ ਸੀ ਅਤੇ ਅਫਰੀਕਾ ਵੱਲ ਜਾ ਰਿਹਾ ਸੀ। ਹਾਲਾਂਕਿ, ਇਹ ਹਮਲਾ ਕਿਸ ਨੇ ਕੀਤਾ, ਇਸ ਦੀ ਜਾਣਕਾਰੀ ਅਜੇ ਸਾਹਮਣੇ ਨਹੀਂ ਆਈ ਹੈ।

ਫਰਵਰੀ ਤੋਂ ਹੁਣ ਤੱਕ ਹੋਰਮੁਜ਼ ਵਿੱਚ ਹੋਏ ਹਮਲਿਆਂ ਵਿੱਚ 100 ਤੋਂ ਵੱਧ ਭਾਰਤੀ ਨਾਵਿਕ ਪ੍ਰਭਾਵਿਤ ਹੋ ਚੁੱਕੇ ਹਨ। ਉੱਥੇ ਹੀ, ਇਹਨਾਂ ਹਮਲਿਆਂ ਵਿੱਚ 11 ਭਾਰਤੀ ਨਾਵਿਕਾਂ ਦੀ ਜਾਨ ਗਈ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇਸ ਤੋਂ ਪਹਿਲਾਂ ਮੰਗਲਵਾਰ ਨੂੰ ਦੱਸਿਆ ਸੀ ਕਿ ਇਸ ਖੇਤਰ ਵਿੱਚ ਚੱਲ ਰਹੇ ਵਪਾਰਕ ਜਹਾਜ਼ਾਂ 'ਤੇ (ਬਾਕੀ ਸਫ਼ਾ 2 'ਤੇ)

## ਅੰਮ੍ਰਿਤਸਰ 'ਚ ਇਨਫਲੂਐਂਸਰ 'ਮੈਡ ਸੰਧੂ' ਦਾ ਗੋਲੀਆਂ ਮਾਰ ਕੇ ਕਤਲ

- ਸ਼ੂਟਰਾਂ ਵੱਲੋਂ ਹਮਲਾ ਕਰਨ ਦਾ ਖਦਸ਼ਾ; ਸੜਕ 'ਤੇ ਖੂਨ ਨਾਲ ਲਥਪਥ ਮਿਲਿਆ ਇਨਫਲੂਐਂਸਰ



**ਚੰਡੀਗੜ੍ਹ, 3 ਅਕਤੂਬਰ (ਪੈ.ਗਾਮ-ਏ-ਜਗਤ)**

ਅੰਮ੍ਰਿਤਸਰ ਵਿੱਚ ਸੋਸ਼ਲ ਮੀਡੀਆ ਦੇ ਜਾਣੇ-ਪਛਾਣੇ ਇਨਫਲੂਐਂਸਰ ਮੈਡ ਸੰਧੂ (ਮਧੂਸੂਦਨ) ਉੱਤੇ ਅਣਪਛਾਤਿਆਂ ਵੱਲੋਂ ਗੋਲੀਆਂ ਗੋਲੀਆਂ ਮਾਰ ਕੇ ਕਤਲ ਕੀਤਾ। ਇਸ ਘਟਨਾ ਤੋਂ ਤੁਰੰਤ ਬਾਅਦ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ, ਜਿਸ ਵਿੱਚ ਉਹ ਸੜਕ ਉੱਤੇ ਖੂਨ ਨਾਲ ਲਥਪਥ ਪਏ ਹੋਏ ਦਿਖਾਈ ਦੇ ਰਹੇ ਹਨ। ਵਾਰਦਾਤ ਮੌਕੇ ਮੌਜੂਦ ਉਨ੍ਹਾਂ ਦੇ ਸਾਥੀਆਂ ਨੇ ਤੁਰੰਤ ਉਨ੍ਹਾਂ ਨੂੰ ਸੜਕ ਤੋਂ ਚੁੱਕਿਆ ਅਤੇ ਗੰਭੀਰ ਹਾਲਤ ਵਿੱਚ ਇਲਾਜ ਲਈ ਨੇੜਲੇ ਹਸਪਤਾਲ ਪਹੁੰਚਾਇਆ। ਘਟਨਾ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪੁਲੀਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਇਲਾਕੇ ਨੂੰ ਘੇਰ ਲਿਆ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਹਮਲੇ ਦੇ ਪਿੱਛੇ ਪੁਰਾਣੀ ਰੰਜਿਸ਼ ਦੀ ਸ਼ੰਕਾ ਜਤਾਈ ਜਾ ਰਹੀ ਹੈ, ਕਿਉਂਕਿ ਲਗਪਗ 3 ਮਹੀਨੇ ਪਹਿਲਾਂ ਮੈਡ ਸੰਧੂ ਦਾ ਨਿਹੰਗ ਜਥੇਦਾਰ ਮਨਪ੍ਰੀਤ ਸਿੰਘ ਖਾਲਸਾ ਨਾਲ ਵਿਵਾਦ (ਬਾਕੀ ਸਫ਼ਾ 2 'ਤੇ)

### ਗੋਲਡੀ ਢਿੱਲੋਂ ਤੇ ਜੱਗਾ ਤਰਨ ਤਾਰਨ ਵੱਲੋਂ ਜ਼ਿੰਮੇਵਾਰੀ ਲੈਣ ਦਾ ਦਾਅਵਾ

*ਸੋਸ਼ਲ ਮੀਡੀਆ ਇਨਫਲੂਐਂਸਰ ਤੇ ਮੇਕਅੱਪ ਆਰਟਿਸਟ ਮੈਡ ਸੰਧੂ ਦੇ ਕਤਲ ਮਾਮਲੇ ਵਿੱਚ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਕਤਲ ਦੀ ਜ਼ਿੰਮੇਵਾਰੀ ਲੈਣ ਦਾ ਦਾਅਵਾ ਕੀਤਾ ਗਿਆ ਹੈ। ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਪੋਸਟ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਗੋਲਡੀ ਢਿੱਲੋਂ ਅਤੇ ਜੱਗਾ ਤਰਨ ਤਾਰਨ ਨੇ ਮੈਡ ਸੰਧੂ ਦੇ ਕਤਲ ਦੀ ਜ਼ਿੰਮੇਵਾਰੀ ਲਈ ਹੈ। ਇਸ ਸੋਸ਼ਲ ਮੀਡੀਆ ਪੋਸਟ ਵਿੱਚ ਲਿਖਿਆ ਗਿਆ ਹੈ ਕਿ ਰਣਜੀਤ ਐਵੇਨਿਊ ਵਿੱਚ ਮੈਡ ਸੰਧੂ ਦੇ ਹੋਏ ਕਤਲ ਦੀ ਜ਼ਿੰਮੇਵਾਰੀ ਗੋਲਡੀ ਢਿੱਲੋਂ ਅਤੇ ਜੱਗਾ ਤਰਨ ਤਾਰਨ ਲੈਂਦੇ ਹਨ। ਪੋਸਟ ਵਿੱਚ ਅੱਗੇ ਨੌਜਵਾਨ ਪੀੜ੍ਹੀ ਨੂੰ ਲੈ ਕੇ ਵੀ ਕੁਝ ਟਿੱਪਣੀਆਂ ਕੀਤੀਆਂ ਗਈਆਂ ਹਨ। ਹਾਲਾਂਕਿ ਇਸ ਪੋਸਟ ਦੀ ਪ੍ਰਮਾਣਿਕਤਾ ਅਤੇ ਇਸ ਵਿੱਚ ਕੀਤੇ ਦਾਅਵੇ ਦੀ ਪੁਲੀਸ ਵੱਲੋਂ ਅਧਿਕਾਰਤ ਪੁਸ਼ਟੀ ਹੋਣੀ ਅਜੇ ਬਾਕੀ ਹੈ।*

## ਕਣਕ ਦੇ ਐੱਮ.ਐੱਸ.ਪੀ. ਵਿੱਚ 25 ਰੁ. ਦਾ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ : ਜੋੜਾਮਾਜਰਾ

- ਮੋਦੀ ਸਰਕਾਰ ਨੂੰ ਕਿਸਾਨ ਦੋਖੀ ਕਰਾਰ ਦਿੰਦਿਆਂ ਕਣਕ ਦੇ ਭਾਅ 'ਚ 500 ਰੁਪਏ ਪ੍ਰਤੀ ਕੁਇੰਟਲ ਵਾਧੇ ਦੀ ਕੀਤੀ ਮੰਗ

**ਸਮਾਣਾ, 3 ਅਕਤੂਬਰ (ਪੈ.ਗਾਮ-ਏ-ਜਗਤ)**



ਕਾਂਗਰਸ ਦੇ ਸੀਨੀਅਰ ਆਗੂ ਅਤੇ ਵਿਧਾਨ ਸਭਾ ਹਲਕੇ ਤੋਂ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਰਛਪਾਲ ਸਿੰਘ ਜੋੜਾਮਾਜਰਾ ਨੇ ਕੇਂਦਰ ਸਰਕਾਰ ਵੱਲੋਂ ਕਣਕ ਦੇ ਭਾਅ ਵਿੱਚ ਕੀਤੇ 25 ਰੁਪਏ ਪ੍ਰਤੀ ਕੁਇੰਟਲ ਦੇ ਵਾਧੇ ਲਈ ਕੇਂਦਰ ਦੀ ਮੋਦੀ ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਉਸ ਨੂੰ ਕਿਸਾਨਾਂ ਦੀ ਦੁਸ਼ਮਣ ਸਰਕਾਰ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਅਗਾਮੀ ਸੀਜ਼ਨ ਲਈ ਕਣਕ ਦੇ ਐੱਮ.ਐੱਸ.ਪੀ. ਵਿੱਚ ਮਹਿਜ਼ 25 ਰੁਪਏ ਦਾ ਵਾਧਾ ਕਰਕੇ ਕਿਸਾਨਾਂ ਨਾਲ ਕੋਝਾ ਮਜ਼ਾਕ ਕੀਤਾ ਹੈ।

ਰਛਪਾਲ ਸਿੰਘ ਜੋੜਾਮਾਜਰਾ ਨੇ ਕਿਹਾ ਕਿ ਇੱਕ ਪਾਸੇ ਕਿਸਾਨਾਂ ਵੱਲੋਂ ਵਰਤੀਆਂ ਜਾਣ ਵਾਲੀਆਂ ਚੀਜ਼ਾਂ ਜਿਵੇਂ ਕਿ ਰੇਹ-ਖ਼ਾਦ, ਕੀਟਨਾਸ਼ਕ ਦਵਾਈਆਂ, ਡੀਜ਼ਲ, ਮਸ਼ੀਨਰੀ ਆਦਿ ਦੇ ਰੇਟ ਦੁਗਣੇ ਤੋਂ ਵੀ ਜ਼ਿਆਦਾ ਵੱਧ ਗਏ ਹਨ। ਖਾਣ-ਪੀਣ ਵਾਲੀਆਂ ਚੀਜ਼ਾਂ, ਦਵਾਈਆਂ, ਇਲਾਜ, ਬੱਚਿਆਂ ਦੀਆਂ ਪੜ੍ਹਾਈਆਂ ਦੇ ਖ਼ਰਚਿਆਂ ਵਿੱਚ ਪਿਛਲੇ ਕੁੱਝ ਸਮੇਂ ਵਿੱਚ ਬੇਤਹਾਸ਼ਾ ਵਾਧਾ ਹੋਇਆ ਹੈ।

ਅਜਿਹੇ ਵਿੱਚ ਕਣਕ ਦੇ ਭਾਅ ਵਿੱਚ ਮਾਤਰ 25 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੋਝੇ ਮਜ਼ਾਕ ਤੋਂ ਸਿਵਾਏ ਕੁੱਝ ਨਹੀਂ ਉਨ੍ਹਾਂ ਕਿਹਾ ਕਿ ਇਹੋ ਭਾਜਪਾ ਕੇਂਦਰ ਵਿੱਚ ਸਰਕਾਰ ਬਣਾਉਣ ਵੇਲੇ ਕਿਸਾਨਾਂ ਨੂੰ ਉਨ੍ਹਾਂ ਦੀ ਆਮਦਨ ਦੁਗਣੀ ਕਰਨ ਦੇ ਵੱਡੇ-ਵੱਡੇ ਵਾਅਦੇ ਕਰਦੀ ਨਹੀਂ ਸੀ ਥੱਕਦੀ, ਪਰ ਹੁਣ (ਬਾਕੀ ਸਫ਼ਾ 2 'ਤੇ)

## ਨਾਇਰਾ ਨੇ ਪੈਟਰੋਲ 5 ਅਤੇ ਡੀਜ਼ਲ 3 ਰੁਪਏ ਪ੍ਰਤੀ ਲੀਟਰ ਕੀਤਾ ਮਹਿੰਗਾ

**ਨਵੀਂ ਦਿੱਲੀ, 3 ਅਕਤੂਬਰ (ਪੈ.ਗਾਮ-ਏ-ਜਗਤ)**

ਭਾਰਤ ਦੀ ਸਭ ਤੋਂ ਵੱਡੀ ਨਿੱਜੀ ਬਾਲਣ ਪ੍ਰਚੂਨ ਵਿਕਰੇਤਾ ਨਾਇਰਾ ਐਨਰਜੀ ਨੇ ਪੈਟਰੋਲ ਦੀਆਂ ਕੀਮਤਾਂ ਵਿੱਚ ਪੰਜ ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਵਿੱਚ ਤਿੰਨ ਰੁਪਏ ਪ੍ਰਤੀ ਲੀਟਰ ਦੀ ਤੁਰੰਤ ਪ੍ਰਭਾਵ ਨਾਲ ਵਾਧਾ ਕੀਤਾ ਹੈ। ਮਾਮਲੇ ਨਾਲ ਜੁੜੇ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। ਬਾਲਣ ਪ੍ਰਚੂਨ ਵਿਕਰੇਤਾਵਾਂ 'ਤੇ ਉੱਚ ਗਲੋਬਲ (ਆਲਮੀ ਪੱਧਰ 'ਤੇ) ਊਰਜਾ ਕੀਮਤਾਂ ਕਾਰਨ ਬਣੇ ਨਵੇਂ ਦਬਾਅ ਦੇ ਵਿਚਕਾਰ ਇਹ ਤਾਜ਼ਾ ਵਾਧਾ ਕੀਤਾ ਗਿਆ ਹੈ।ਇਹ ਕਦਮ ਇਸ ਸਾਲ ਨਾਇਰਾ ਵੱਲੋਂ ਕੀਤੇ ਗਏ ਕੀਮਤਾਂ ਵਿੱਚ ਸੋਧ (ਮੁੱਲ ਸਮਾਯੋਜਨ) ਤੋਂ ਬਾਅਦ ਚੁੱਕਿਆ ਗਿਆ ਹੈ।



ਸੂਤਰਾਂ ਨੇ ਦੱਸਿਆ ਕਿ ਦੇਸ਼ ਭਰ ਵਿੱਚ 7,108 ਪੈਟਰੋਲ ਪੰਪਾਂ ਦਾ ਸੰਚਾਲਨ ਕਰਨ ਵਾਲੀ ਨਾਇਰਾ ਨੇ ਸ਼ਨਿਚਰਵਾਰ ਦੇ ਸ਼ੁਰੂਆਤੀ ਘੰਟਿਆਂ ਤੋਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਾ ਦਿੱਤੀਆਂ ਹਨ।

ਇਸ ਸਾਲ ਦੀ ਸ਼ੁਰੂਆਤ ਵਿੱਚ ਜਦੋਂ ਇਰਾਨ ਸੰਘਰਸ਼ ਕਾਰਨ ਊਰਜਾ ਸਪਲਾਈ ਵਿੱਚ ਰੁਕਾਵਟ ਆਈ ਸੀ, ਤਾਂ ਅੰਤਰਰਾਸ਼ਟਰੀ ਤੇਲ ਦੀਆਂ ਕੀਮਤਾਂ ਵਿੱਚ ਹੋਏ ਵਾਧੇ ਦਾ ਬੋਝ ਖਪਤਕਾਰਾਂ 'ਤੇ ਪਾਉਣ ਵਾਲੀ ਨਾਇਰਾ ਪਹਿਲੀ ਬਾਲਣ ਪਰਚੂਨ ਵਿਕਰੇਤਾ ਸੀ। ਕੰਪਨੀ ਨੇ 26 ਮਾਰਚ ਨੂੰ ਪੈਟਰੋਲ ਦੀਆਂ ਕੀਮਤਾਂ ਵਿੱਚ ਪੰਜ ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਤਿੰਨ ਰੁਪਏ ਪ੍ਰਤੀ ਲੀਟਰ ਦਾ (ਬਾਕੀ ਸਫ਼ਾ 2 'ਤੇ)






## ਲਾਲੂ, ਤੇਜਸਵੀ, ਰਾਬੜੀ 'ਤੇ 30 ਅਕਤੂਬਰ ਨੂੰ ਦੋਸ਼ ਤੈਅ ਹੋਣਗੇ

**ਨਵੀਂ ਦਿੱਲੀ, 3 ਅਕਤੂਬਰ (ਪੈ.ਗਾਮ-ਏ-ਜਗਤ)**

ਆਈ.ਆਰ.ਸੀ.ਟੀ.ਸੀ. ਮਨੀ ਲਾਂਡਰਿੰਗ ਮਾਮਲੇ ਵਿੱਚ ਲਾਲੂ ਪ੍ਰਸਾਦ ਯਾਦਵ, ਤੇਜਸਵੀ ਯਾਦਵ ਅਤੇ ਰਾਬੜੀ ਦੇਵੀ ਸਮੇਤ 9 ਲੋਕਾਂ ਵਿਰੁੱਧ ਦੋਸ਼ ਤੈਅ ਹੋਣ ਦੀ ਪ੍ਰਕਿਰਿਆ ਫਿਲਹਾਲ ਟਲ ਗਈ ਹੈ। ਦਿੱਲੀ ਦੀ ਰਾਊਜ਼ ਐਵੇਨਿਊ ਕੋਰਟ ਵਿੱਚ ਹੋਣ ਵਾਲੀ ਇਸ ਸੁਣਵਾਈ ਲਈ ਹੁਣ 30 ਅਕਤੂਬਰ ਦੀ ਅਗਲੀ ਤਾਰੀਖ਼ ਤੈਅ ਕੀਤੀ ਗਈ ਹੈ। ਇਸ ਤੋਂ ਪਹਿਲਾਂ 11 ਸਤੰਬਰ ਨੂੰ ਦਿੱਲੀ ਦੀ ਸਪੈਸ਼ਲ ਕੋਰਟ ਨੇ ਆਈ.ਆਰ.ਸੀ.ਟੀ.ਸੀ. ਹੋਟਲ ਘੋਟਾਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਵੱਡਾ ਫੈਸਲਾ ਸੁਣਾਇਆ ਸੀ। ਕੋਰਟ ਨੇ ਰਾਸ਼ਟਰੀ ਜਨਤਾ ਦਲ ਪ੍ਰਮੁੱਖ ਲਾਲੂ ਪ੍ਰਸਾਦ ਯਾਦਵ, ਰਾਬੜੀ ਦੇਵੀ, ਤੇਜਸਵੀ ਯਾਦਵ ਅਤੇ ਹੋਰ ਮੁਲਜ਼ਮਾਂ ਵਿਰੁੱਧ ਦੋਸ਼ ਤੈਅ ਕਰਨ ਦਾ ਆਦੇਸ਼ ਦਿੱਤਾ ਸੀ। ਇਨਫੋਰਸਮੈਂਟ ਡਾਇਰੈਕਟੋਰੇਟ ਨੇ ਇਸ ਮਾਮਲੇ ਵਿੱਚ ਮਨੀ ਲਾਂਡਰਿੰਗ ਰੋਕਥਾਮ ਐਕਟ, 2002 ਤਹਿਤ ਜਾਂਚ ਸ਼ੁਰੂ ਕੀਤੀ ਸੀ। ਇਹ ਜਾਂਚ ਸੀ.ਬੀ.ਆਈ., ਨਵੀਂ ਦਿੱਲੀ ਦੁਆਰਾ ਦਰਜ ਕੀਤੀ ਗਈ ਐੱਫ.ਆਈ.ਆਰ. ਦੇ ਆਧਾਰ 'ਤੇ ਕੀਤੀ ਗਈ ਸੀ। ਸੀ.ਬੀ.ਆਈ. ਨੇ ਤਤਕਾਲੀ ਰੇਲ ਮੰਤਰੀ ਲਾਲੂ ਪ੍ਰਸਾਦ ਯਾਦਵ, ਰਾਬੜੀ ਦੇਵੀ, ਤੇਜਸਵੀ ਯਾਦਵ, ਪੀ.ਸੀ. ਗੁਪਤਾ ਅਤੇ ਹੋਰਾਂ ਵਿਰੁੱਧ ਆਈ.ਪੀ.ਸੀ. ਅਤੇ ਭ੍ਰਿਸ਼ਟਾਚਾਰ ਰੋਕੂ ਐਕਟ, 1988 ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਸੀ।

## ਅਮਰੀਕਾ 'ਚ ਹਿੰਦੂ ਮੰਦਰ 'ਤੇ ਹਮਲਾ

### ਇਮਾਰਤ 'ਤੇ ਇੱਟਾਂ ਸੁੱਟੀਆਂ, ਖਿੜਕੀਆਂ ਟੁੱਟੀਆਂ

**ਵਾਸ਼ਿੰਗਟਨ, 3 ਅਕਤੂਬਰ (ਪੈ.ਗਾਮ-ਏ-ਜਗਤ)**

ਅਮਰੀਕਾ ਦੇ ਓਹਾਇਓ ਵਿੱਚ ਇੱਕ ਹਿੰਦੂ ਮੰਦਰ 'ਤੇ ਹਮਲਾ ਕੀਤਾ ਗਿਆ। ਹਿੰਦੂ ਅਮੈਰੀਕਨ ਫਾਊਂਡੇਸ਼ਨ ਨੇ ਦੱਸਿਆ ਕਿ ਇੱਕ ਜਾਂ ਵੱਧ ਵਿਅਕਤੀਆਂ ਨੇ ਮੰਦਰ ਦੀ ਇਮਾਰਤ 'ਤੇ ਕਥਿਤ ਤੌਰ 'ਤੇ ਇੱਟਾਂ ਸੁੱਟੀਆਂ, ਜਿਸ ਨਾਲ ਕਾਫ਼ੀ ਨੁਕਸਾਨ ਹੋਇਆ।



ਹਿੰਦੂ ਅਮੈਰੀਕਨ ਫਾਊਂਡੇਸ਼ਨ ਅਨੁਸਾਰ, ਗ੍ਰੇਟਰ ਕਲੀਵਲੈਂਡ ਖੇਤਰ ਦੇ ਰਿਚਮੰਡ ਹਾਈਟਸ ਸਥਿਤ 'ਸ਼੍ਰੀ ਸਵਾਮੀਨਾਰਾਇਣ ਵਡਤਾਲ ਧਾਮ ਹਿੰਦੂ ਮੰਦਰ' ਨੂੰ ਦੁਪਹਿਰ ਲਗਭਗ 1:30 ਵਜੇ ਨਿਸ਼ਾਨਾ ਬਣਾਇਆ ਗਿਆ। ਅਮਰੀਕਾ ਸਥਿਤ ਗੈਰ-ਲਾਭਕਾਰੀ ਸੰਸਥਾ ਨੇ ਸੋਸ਼ਲ ਮੀਡੀਆ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ, ਅੱਜ ਓਹਾਇਓ ਵਿੱਚ ਹਿੰਦੂ ਮੰਦਰ 'ਤੇ ਹਮਲਾ ਕੀਤਾ ਗਿਆ। ਸੰਸਥਾ ਨੇ ਦੱਸਿਆ ਕਿ ਹਮਲਾਵਰਾਂ ਨੇ ਮੰਦਰ 'ਤੇ ਇੱਟਾਂ ਸੁੱਟੀਆਂ, ਜਿਸ ਨਾਲ ਕਾਫ਼ੀ ਨੁਕਸਾਨ ਹੋਇਆ।

ਹਿੰਦੂ ਅਮੈਰੀਕਨ ਫਾਊਂਡੇਸ਼ਨ ਨੇ ਕਿਹਾ ਕਿ ਘਟਨਾ ਦੀ ਸੀਸੀਟੀਵੀ ਫੁਟੇਜ ਉਪਲਬਧ ਹੈ ਅਤੇ ਅਧਿਕਾਰੀ ਇਸ ਦੀ ਜਾਂਚ ਕਰ ਰਹੇ ਹਨ। ਸੰਸਥਾ ਨੇ ਇਹ ਵੀ ਦੱਸਿਆ ਕਿ ਉਹ ਮੰਦਰ ਦੇ ਅਹੁਦੇਦਾਰਾਂ ਦੇ ਸੰਪਰਕ ਵਿੱਚ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦੇ ਰਹੀ ਹੈ। ਫਾਊਂਡੇਸ਼ਨ ਨੇ ਕਿਹਾ, ਸੀਸੀਟੀਵੀ ਦੀ ਵੀਡੀਓ ਉਪਲਬਧ ਹੈ ਅਤੇ ਅਧਿਕਾਰੀ ਇਸ ਦੀ ਸਮੀਖਿਆ ਕਰ ਰਹੇ ਹਨ। ਐੱਫ.ਬੀ.ਆਈ. ਅਤੇ ਨਾਗਰਿਕ ਅਧਿਕਾਰ ਵਿਭਾਗ ਨੂੰ ਇਸ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ। ਹਿੰਦੂ ਅਮੈਰੀਕਨ ਫਾਊਂਡੇਸ਼ਨ (ਬਾਕੀ ਸਫ਼ਾ 2 'ਤੇ)

### ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ

## ਪ੍ਰਿਅੰਕਾ ਕੱਕੜ ਨੇ ਫੜਿਆ ਕਾਂਗਰਸ ਦਾ ਹੱਥ

**ਨਵੀਂ ਦਿੱਲੀ, 3 ਅਕਤੂਬਰ (ਪੈ.ਗਾਮ-ਏ-ਜਗਤ)**

ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਲੱਗਾ। ਪਾਰਟੀ ਦੀ ਮੁੱਖ ਰਾਸ਼ਟਰੀ ਬੁਲਾਰਾ ਪ੍ਰਿਅੰਕਾ ਕੱਕੜ ਨੇ ਕਾਂਗਰਸ ਦਾ ਹੱਥ ਫੜ ਲਿਆ। 'ਆਪ' ਲਈ ਰਾਸ਼ਟਰੀ ਪੱਧਰ 'ਤੇ ਇਸ ਨੂੰ ਵੱਡਾ ਨੁਕਸਾਨ ਮੰਨਿਆ ਜਾ ਰਿਹਾ ਹੈ, ਕਿਉਂਕਿ ਕਈ ਮੌਕਿਆਂ 'ਤੇ ਪ੍ਰਿਅੰਕਾ ਪਾਰਟੀ ਲਈ ਮਜ਼ਬੂਤੀ ਨਾਲ 'ਆਪ' ਦਾ ਪੱਖ ਰੱਖਦੀ ਨਜ਼ਰ ਆਉਂਦੀ ਸੀ। ਪ੍ਰਿਅੰਕਾ ਕੱਕੜ, ਕਾਂਗਰਸ ਨੇਤਾ ਨੇ ਕਿਹਾ, ਮੈਂ ਕਾਂਗਰਸ ਪਾਰਟੀ ਇਸ ਲਈ ਜੁਆਇਨ ਕੀਤੀ, ਕਿਉਂਕਿ ਮੈਨੂੰ ਉਹ ਦਿੱਲੀ ਵਾਪਸ ਚਾਹੀਦੀ ਹੈ, ਜਿਸ ਵਿੱਚ ਮੈਂ ਬਚਪਨ ਤੋਂ ਹੁਣ ਤੱਕ ਪਲੀ-ਬਧੀ ਹਾਂ। ਮੈਂ ਸਾਫ਼-ਸੁਥਰੀ, ਹਰੀ-ਭਰੀ, ਵਿਕਾਸਸ਼ੀਲ ਅਤੇ ਸੁਰੱਖਿਅਤ ਦਿੱਲੀ ਚਾਹੁੰਦੀ ਹਾਂ।



ਕਾਂਗਰਸ ਨੇ ਪ੍ਰਿਅੰਕਾ ਦੇ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਆਪਣੇ ਸੋਸ਼ਲ ਮੀਡੀਆ ਅਕਾਊਂਟ ਰਾਹੀਂ ਕੀਤਾ। ਉਨ੍ਹਾਂ ਨੇ ਜੁਆਇਨਿੰਗ ਦੀ ਵੀਡੀਓ ਸਾਂਝੀ ਕਰਦਿਆਂ ਲਿਖਿਆ, ਕਾਂਗਰਸ ਪਾਰਟੀ ਦੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਅੱਜ ਆਮ ਆਦਮੀ ਪਾਰਟੀ ਦੀ ਨੇਤਾ ਪ੍ਰਿਅੰਕਾ ਕੱਕੜ ਕਾਂਗਰਸ ਵਿੱਚ ਸ਼ਾਮਲ ਹੋਈ। ਉਨ੍ਹਾਂ ਦੇ ਨਾਲ ਰਜਤ ਰਾਕੇਸ਼ ਟੰਡਨ (ਬਾਕੀ ਸਫ਼ਾ 2 'ਤੇ)

# ਨਸ਼ਿਆਂ ਤੋਂ ਦੂਰ ਰਹਿ ਕੇ ਸਿੱਖਿਆ, ਖੇਡਾਂ ਅਤੇ ਸਕਾਰਾਤਮਕ ਗਤੀਵਿਧੀਆਂ ਅਪਣਾਉਣ ਨੌਜਵਾਨ : ਆਵਾਸ ਪੰਡਿਤ

## ਸੰਤੋਸ਼ਗੜ੍ਹ ਵਿੱਚ ਬੱਚਿਆਂ ਨੇ ਨਸ਼ਾ ਮੁਕਤੀ ਜਾਗਰੂਕਤਾ ਰੈਲੀ ਰਾਹੀਂ ਦਿੱਤਾ ਸਿਹਤਮੰਦ ਸਮਾਜ ਦਾ ਸੰਦੇਸ਼

**ਊਨਾ, 3 ਅਕਤੂਬਰ (ਪੈ.ਗਾਮ-ਏ-ਜਗਤ)**




ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਦੇ ਸਹਿਯੋਗ ਨਾਲ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਤੋਸ਼ਗੜ੍ਹ ਵਿਖੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਜਾਗਰੂਕਤਾ ਰੈਲੀ ਕਰਵਾਈ ਗਈ। ਰੈਲੀ ਰਾਹੀਂ ਵਿਦਿਆਰਥੀਆਂ ਨੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਸਮਾਜ ਨੂੰ ਜਾਗਰੂਕ ਕਰਦਿਆਂ ਨਸ਼ਾ ਮੁਕਤ, ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਦਾ ਸੰਦੇਸ਼ ਦਿੱਤਾ। ਰੈਲੀ ਵਿੱਚ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਲਗਭਗ 200 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਹੱਥਾਂ ਵਿੱਚ ਨਸ਼ਾ ਮੁਕਤੀ ਨਾਲ ਸਬੰਧਤ ਜਾਗਰੂਕਤਾ ਸੰਦੇਸ਼ਾਂ ਵਾਲੀਆਂ ਤਖ਼ਤੀਆਂ ਫੜ ਕੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਜ਼ਿਲ੍ਹਾ ਭਲਾਈ ਅਫ਼ਸਰ ਆਵਾਸ ਪੰਡਿਤ ਨੇ ਕਿਹਾ ਕਿ ਨਸ਼ਾ ਅੱਜ ਸਮਾਜ, ਖਾਸ ਕਰਕੇ ਨੌਜਵਾਨ ਪੀੜ੍ਹੀ ਸਾਹਮਣੇ ਇੱਕ ਗੰਭੀਰ ਚੁਣੌਤੀ ਬਣ ਕੇ ਉੱਭਰ ਰਿਹਾ ਹੈ। ਨਸ਼ੇ ਦੀ ਲਤ ਨਾ ਸਿਰਫ਼ ਵਿਅਕਤੀ ਦੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰਦੀ ਹੈ, ਸਗੋਂ ਪਰਿਵਾਰ ਦੀ ਖੁਸ਼ਹਾਲੀ ਅਤੇ ਸਮਾਜਿਕ ਵਿਕਾਸ 'ਤੇ ਵੀ ਮਾੜਾ ਪ੍ਰਭਾਵ ਪਾਉਂਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜਾਗਰੂਕਤਾ ਦੇ ਨਾਲ-ਨਾਲ ਪਰਿਵਾਰਾਂ, ਵਿਦਿਅਕ ਸੰਸਥਾਵਾਂ ਅਤੇ ਸਮਾਜ ਦੀ ਸਾਂਝੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਿੱਖਿਆ, ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਅਤੇ ਖੁਦ ਨਸ਼ਿਆਂ ਤੋਂ ਦੂਰ ਰਹਿਣ ਦੇ ਨਾਲ-ਨਾਲ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਭਾਰਤ ਅਭਿਆਨ ਦਾ ਉਦੇਸ਼ ਸਿਰਫ਼ ਨਸ਼ਿਆਂ ਪ੍ਰਤੀ ਜਾਗਰੂਕਤਾ ਫੈਲਾਉਣਾ ਹੀ ਨਹੀਂ, ਸਗੋਂ ਇੱਕ ਸਿਹਤਮੰਦ, ਸੁਰੱਖਿਅਤ ਅਤੇ ਸ਼ਸ਼ਕਤ ਸਮਾਜ ਦੀ ਨੀਂਹ ਰੱਖਣਾ ਵੀ ਹੈ।

ਇਸ ਮੌਕੇ ਨਗਰ ਕੌਂਸਲ ਸੰਤੋਸ਼ਗੜ੍ਹ ਦੀ ਪ੍ਰਧਾਨ ਅੰਜਨਾ ਚੱਬਾ, ਤਹਿਸੀਲ ਭਲਾਈ ਅਫ਼ਸਰ ਜਤਿੰਦਰ ਸ਼ਰਮਾ, ਸੁਪਰਡੈਂਟ ਗ੍ਰੇਡ-2 ਅਨੂਪ ਸਿੰਘ ਅਤੇ ਸਕੂਲ ਦੇ ਅਧਿਆਪਕ ਤੇ ਹੋਰ ਕਰਮਚਾਰੀ ਹਾਜ਼ਰ ਰਹੇ।

# ਆਰਬੀਯੂ ਦੇ ਫਿਜ਼ੀਓਥੈਰੇਪੀ ਵਿਭਾਗ ਵਲੋਂ ਦਿਲ ਅਤੇ ਸਟ੍ਰੋਕ ਦੀ ਦੇਖਭਾਲ 'ਤੇ ਵਿਸ਼ੇਸ਼ ਸਮਾਗਮ

**ਚੰਡੀਗੜ੍ਹ, 3 ਅਕਤੂਬਰ (ਪੈ.ਗਾਮ-ਏ-ਜਗਤ)**



ਰਿਆਤ ਬਾਹਰਾ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਫਿਜ਼ੀਓਥੈਰੇਪੀ ਐਂਡ ਰੇਡੀਓਲੋਜੀ (ਯੂਐੱਸਪੀਆਰ) ਵੱਲੋਂ ਚੌਥੇ ਨਿਰੰਤਰ ਮੈਡੀਕਲ ਸਿੱਖਿਆ (ਸੀਐੱਮਈ) ਪ੍ਰੋਗਰਾਮ ਦੇ ਨਾਲ ਵਿਸ਼ਵ ਫਿਜ਼ੀਓਥੈਰੇਪੀ ਦਿਵਸ ਮਨਾਇਆ ਗਿਆ। ਇਸ ਮੌਕੇ ਦਿਲ ਅਤੇ ਸਟ੍ਰੋਕ ਨਾਲ ਸਬੰਧਤ ਬਿਮਾਰੀਆਂ ਦੀ ਰੋਕਥਾਮ, ਜਾਂਚ ਅਤੇ ਪੁਨਰਵਾਸ ਲਈ ਏਕੀਕ੍ਰਿਤ ਪਹੁੰਚ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਸਮਾਗਮ ਦਾ ਮੁੱਖ ਵਿਸ਼ਾ "ਏਕੀਕ੍ਰਿਤ ਦਿਲ ਅਤੇ ਸਟ੍ਰੋਕ ਦੇਖਭਾਲ: ਰੋਕਥਾਮ ਅਤੇ ਇਮੇਜਿੰਗ ਤੋਂ ਪੁਨਰਵਾਸ ਤੱਕ" ਸੀ। ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਯੂਐੱਸਪੀਆਰ ਦੇ ਡੀਨ ਪ੍ਰੋ. (ਡਾ.) ਲਲਿਤ ਕੁਮਾਰ ਗੁਪਤਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਪ੍ਰੋਗਰਾਮ ਦਾ ਤਾਲਮੇਲ ਸੰਗਠਨ ਸਕੱਤਰ ਇਪਸ਼ਿਤਾ ਅਧਿਕਾਰੀ ਅਤੇ ਸਹਿ-ਸੰਗਠਨ ਸਕੱਤਰ ਦਿਵਿਆ ਖਾਤੀ ਵੱਲੋਂ ਕੀਤਾ ਗਿਆ। ਫਿਜ਼ੀਓਥੈਰੇਪੀ, ਰੇਡੀਓਲੋਜੀ ਅਤੇ ਨਿਊਟ੍ਰੀਸ਼ਨ ਐਂਡ ਡਾਇਟੈਟਿਕਸ ਦੇ ਮਾਸਟਰਜ਼ ਵਿਦਿਆਰਥੀਆਂ ਨੇ ਦਿਲ ਅਤੇ ਸਟ੍ਰੋਕ ਦੀ ਰੋਕਥਾਮ, ਡਾਇਗਨੌਸਟਿਕ ਇਮੇਜਿੰਗ, ਪੋਸ਼ਣ ਅਤੇ ਪੁਨਰਵਾਸ ਨਾਲ ਸਬੰਧਤ ਅੰਤਰ-ਵਿਸ਼ਿਆਕ ਵਿਗਿਆਨਕ ਸੈਸ਼ਨ ਪੇਸ਼ ਕੀਤੇ। ਇਨ੍ਹਾਂ ਸੈਸ਼ਨਾਂ ਰਾਹੀਂ ਵਿਦਿਆਰਥੀਆਂ ਨੇ ਵੱਖ-ਵੱਖ ਸਿਹਤ ਖੇਤਰਾਂ ਵਿਚਕਾਰ ਸਹਿਯੋਗ ਦੀ ਮਹੱਤਤਾ ਨੂੰ ਉਜਾਗਰ ਕੀਤਾ। ਹਾਕਸਫੇਅਰ ਗਲੋਬਲ ਦੇ ਡਾਇਰੈਕਟਰ ਅਮਿਤ ਜੋਤ ਸਿੰਘ, ਕਰੀਅਰ ਕੋਚ ਦੇ ਸੀਈਓ ਅਤੇ ਸੰਸਥਾਪਕ ਤੇਜੇਸ਼ਵਰ ਬਖਸ਼ੀ, ਹਾਕਸਫੇਅਰ ਗਲੋਬਲ ਦੇ ਡਾਇਰੈਕਟਰ ਕੇ. ਅੰਸਾਰੀ ਅਤੇ ਅੰਸ਼ਿਕਾ ਮਾਥਨ ਨੇ ਵਿਦਿਆਰਥੀਆਂ ਨਾਲ ਕਰੀਅਰ ਵਿਕਾਸ ਅਤੇ ਵਿਸ਼ਵ ਪੱਧਰੀ ਮੌਕਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਪੋਸਟਰ ਮੁਕਾਬਲੇ ਵਿੱਚ 17 ਟੀਮਾਂ ਨੇ ਭਾਗ ਲਿਆ।

ਪਾਇਲ, ਮੁਸਕਾਨ ਤੇ ਕਸ਼ਿਸ਼ ਅਤੇ ਸ਼੍ਰੇਆ ਸ਼ਰਮਾ ਤੇ ਸ਼ਿਲਪਾ ਡੋਗਰਾ ਦੀਆਂ ਟੀਮਾਂ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਚੈਤੰਨਿਆ ਰਾਜੇਸ਼ ਮਦਰਾ ਅਤੇ ਕਨਨ ਰਾਣਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਸਮਾਗਮ ਦਾ ਸਮਾਪਨ ਭੰਗੜਾ, ਗਿੱਧਾ ਅਤੇ ਹਰਿਆਣਵੀ ਨਾਚ ਦੀਆਂ ਰੰਗਾਰੰਗ ਪੇਸ਼ਕਾਰੀਆਂ ਨਾਲ ਹੋਇਆ।

# ਜ਼ਿਲ੍ਹਾ ਊਨਾ ਵਿੱਚ ਕਿਸਾਨ ਰਜਿਸਟਰੀ ਨੂੰ ਤੇਜ਼ ਕਰਨ ਲਈ ਵਿਆਪਕ ਜਾਗਰੂਕਤਾ ਮੁਹਿੰਮ ਜਾਰੀ

**ਊਨਾ, 3 ਅਕਤੂਬਰ (ਪੈ.ਗਾਮ-ਏ-ਜਗਤ)**

- ਸਾਰੇ ਯੋਗ ਕਿਸਾਨ ਜਲਦ ਕਰਵਾਉਣ ਰਜਿਸਟ੍ਰੇਸ਼ਨ, 11 ਅੰਕਾਂ ਵਾਲੀ ਡਿਜ਼ੀਟਲ ਆਈਡੀ ਰਾਹੀਂ ਮਿਲਣਗੇ ਸਰਕਾਰੀ ਯੋਜਨਾਵਾਂ ਦੇ ਸਿੱਧੇ ਲਾਭ : ਜਤਿਨ ਲਾਲ



ਡਿਜੀਟਲ ਖੇਤੀ ਕ੍ਰਾਂਤੀ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਤੱਕ ਸਰਕਾਰੀ ਯੋਜਨਾਵਾਂ ਦੀ ਸਿੱਧੀ ਪਹੁੰਚ ਯਕੀਨੀ ਬਣਾਉਣ ਲਈ ਜ਼ਿਲ੍ਹਾ ਊਨਾ ਵਿੱਚ 'ਐਗਰੀਸਟੈਕ ਮਿਸ਼ਨ' ਤਹਿਤ ਕਿਸਾਨ ਰਜਿਸਟਰੀ ਪ੍ਰਕਿਰਿਆ ਵੱਡੇ ਪੱਧਰ 'ਤੇ ਚਲਾਈ ਜਾ ਰਹੀ ਹੈ। ਊਨਾ ਦੇ ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਜ਼ਿਲ੍ਹੇ ਦੇ ਸਾਰੇ ਕਿਸਾਨਾਂ ਨੂੰ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਹੈ, ਤਾਂ ਜੋ ਹਰੇਕ ਕਿਸਾਨ ਦੀ ਤਸਦੀਕਸ਼ੁਦਾ ਡਿਜੀਟਲ ਪਛਾਣ ਤਿਆਰ ਕੀਤੀ ਜਾ ਸਕੇ।

ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਦੱਸਿਆ ਕਿ ਕਿਸਾਨ ਰਜਿਸਟਰੀ ਤਹਿਤ ਕਿਸਾਨਾਂ ਨੂੰ 11 ਅੰਕਾਂ ਵਾਲੀ ਵਿਲੱਖਣ 'ਕਿਸਾਨ ਆਈਡੀ' ਦਿੱਤੀ ਜਾ ਰਹੀ ਹੈ। ਇਹ ਡਿਜ਼ੀਟਲ ਆਈਡੀ ਕਿਸਾਨਾਂ ਲਈ ਵੱਖ-ਵੱਖ ਖੇਤੀਬਾੜੀ-ਕੇਂਦਰਿਤ ਸੇਵਾਵਾਂ ਅਤੇ ਸਰਕਾਰੀ ਯੋਜਨਾਵਾਂ ਦਾ ਸੁਵਿਧਾਜਨਕ, ਪਾਰਦਰਸ਼ੀ ਅਤੇ ਨਿਰਵਿਘਨ ਲਾਭ ਲੈਣ ਲਈ ਬਹੁਤ ਜ਼ਰੂਰੀ ਹੈ। ਇਸ ਵਿੱਚ ਪੀਐੱਮ-ਕਿਸਾਨ ਸਨਮਾਨ ਨਿਧੀ ਦਾ ਨਿਰਵਿਘਨ ਅਤੇ ਪਾਰਦਰਸ਼ੀ ਲਾਭ, ਖਾਦ ਵਿਕਰੀ ਪ੍ਰਣਾਲੀ ਤਹਿਤ ਖਾਦ ਦੀ ਪਾਰਦਰਸ਼ੀ ਅਤੇ ਆਸਾਨ ਉਪਲਬਧਤਾ, ਖਰੀਦ ਪੋਰਟਲ ਰਾਹੀਂ ਫਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ 'ਤੇ ਵਿਕਰੀ ਸਮੇਤ ਹੋਰ ਲਾਭ ਸ਼ਾਮਲ ਹਨ।

ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੱਤੀ ਕਿ ਜ਼ਿਲ੍ਹਾ ਊਨਾ ਵਿੱਚ ਖੇਤੀਬਾੜੀ ਵਿਭਾਗ ਵੱਲੋਂ ਸਤੰਬਰ ਮਹੀਨੇ ਦੌਰਾਨ 50 ਤੋਂ ਵੱਧ ਵਿਸ਼ੇਸ਼ ਕੈਂਪ ਲਗਾ ਕੇ ਕਿਸਾਨਾਂ ਦੀ ਮੌਕੇ 'ਤੇ ਰਜਿਸਟ੍ਰੇਸ਼ਨ ਕੀਤੀ ਗਈ ਹੈ। ਮੌਜੂਦਾ ਸਮੇਂ ਵਿੱਚ ਜ਼ਿਲ੍ਹੇ ਨੇ ਨਿਰਧਾਰਤ ਟੀਚੇ ਦਾ ਲਗਭਗ 46 ਫੀਸਦੀ ਹਾਸਲ ਕਰ ਲਿਆ ਹੈ। ਪ੍ਰਸ਼ਾਸਨ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸਾਨ ਆਈਡੀ ਨਾ ਹੋਣ ਕਾਰਨ ਊਨਾ ਜ਼ਿਲ੍ਹੇ ਦਾ ਕੋਈ ਵੀ ਕਿਸਾਨ ਕਿਸੇ ਵੀ ਸਰਕਾਰੀ ਯੋਜਨਾ ਜਾਂ ਸੇਵਾ ਦੇ ਲਾਭ ਤੋਂ ਵਾਂਝਾ ਨਾ ਰਹੇ।

ਸੀਐਸਸੀ ਅਤੇ ਗ੍ਰਾਮ ਪੰਚਾਇਤਾਂ ਨੂੰ 100 ਫੀਸਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਦੇ ਨਿਰਦੇਸ਼

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨ ਰਜਿਸਟਰੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਾਮਨ ਸਰਵਿਸ ਸੈਂਟਰ ਦੇ ਜ਼ਿਲ੍ਹਾ ਮੈਨੇਜਰ ਅਤੇ ਸਾਰੇ ਪਿੰਡ ਪੱਧਰੀ ਉਦਮੀਆਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ 100 ਫੀਸਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ। ਇਸ ਦੌਰਾਨ ਖੇਤੀਬਾੜੀ ਦੇ ਡਿਪਟੀ ਡਾਇਰੈਕਟਰ, ਊਨਾ, ਪ੍ਰੇਮ ਸਿੰਘ ਨੇ ਦੱਸਿਆ ਕਿ ਐਗਰੀਸਟੈਕ ਪ੍ਰਾਜੈਕਟ ਤਹਿਤ ਜ਼ਿਲ੍ਹਾ ਊਨਾ ਦੇ 43,822 ਕਿਸਾਨ ਡਿਜੀਟਲ ਫਾਰਮਰ ਰਜਿਸਟਰੀ ਨਾਲ ਜੁੜ ਚੁੱਕੇ ਹਨ। ਡਿਜੀਟਲ ਰਜਿਸਟਰੀ ਰਾਹੀਂ ਕਿਸਾਨਾਂ ਨੂੰ ਇੱਕ ਏਕੀਕ੍ਰਿਤ ਡਿਜੀਟਲ ਪਛਾਣ ਮਿਲ ਰਹੀ ਹੈ, ਜਿਸ ਨਾਲ ਸਰਕਾਰੀ ਯੋਜਨਾਵਾਂ ਅਤੇ ਖੇਤੀਬਾੜੀ ਸੇਵਾਵਾਂ ਦਾ ਲਾਭ ਹੋਰ ਸਰਲ, ਪਾਰਦਰਸ਼ੀ ਅਤੇ ਸਮੇਂ ਸਿਰ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ। ਕਿਸਾਨ ਦੀ ਪਛਾਣ, ਜ਼ਮੀਨੀ ਰਿਕਾਰਡ, ਫਸਲਾਂ ਦੇ ਵੇਰਵੇ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਨਾਲ ਸਬੰਧਤ ਜਾਣਕਾਰੀ ਡਿਜੀਟਲ ਪਲੇਟਫਾਰਮ 'ਤੇ ਉਪਲਬਧ ਹੋਵੇਗੀ। ਹਰੇਕ ਰਜਿਸਟਰਡ ਕਿਸਾਨ ਨੂੰ ਆਧਾਰ ਆਧਾਰਿਤ 11 ਅੰਕਾਂ ਵਾਲੀ ਵਿਲੱਖਣ ਫਾਰਮਰ ਆਈਡੀ ਦਿੱਤੀ ਜਾਵੇਗੀ, ਜੋ ਭਵਿੱਖ ਵਿੱਚ ਵੱਖ-ਵੱਖ ਖੇਤੀਬਾੜੀ ਸੇਵਾਵਾਂ, ਦਸਤਾਵੇਜ਼ਾਂ ਦੀ ਤਸਦੀਕ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਲਈ ਉਪਯੋਗੀ ਹੋਵੇਗੀ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਕਿਸਾਨ ਆਈਡੀ ਬਣਵਾਉਣ ਲਈ ਆਪਣੇ ਨੇੜਲੇ ਸੀਐਸਸੀ ਕੇਂਦਰ ਜਾਂ ਲਗਾਏ ਜਾਣ ਵਾਲੇ ਵਿਸ਼ੇਸ਼ ਕੈਂਪਾਂ ਵਿੱਚ ਜਾ ਕੇ ਰਜਿਸਟ੍ਰੇਸ਼ਨ ਜ਼ਰੂਰ ਕਰਵਾਉਣ।

# ਐਨ.ਸੀ.ਸੀ. ਕੈਡਿਟ ਗੁਰਪ੍ਰੀਤ ਕੌਰ ਨੇ ਈ.ਬੀ.ਐਸ.ਬੀ. ਕੈਂਪ ਵਿੱਚ ਦੋ ਸੋਨੇ ਦੇ ਤਮਗੇ ਜਿੱਤੇ

**ਪੈ.ਗਾਮ-ਏ-ਜਗਤ**
**ਹਰੋਲੀ/ਊਨਾ, 3 ਅਕਤੂਬਰ (ਰਾਜਵੀਰ ਚੋਪੜਾ)**



ਸੰਤ ਢਾਂਗੂ ਵਾਲੇ ਗੁੱਜਰ ਸਰਕਾਰੀ ਮਹਾਂਵਿਦਿਆਲਿਆ, ਬੀਟਨ ਦੀ ਬੀ.ਏ. ਤੀਜੇ ਸਾਲ ਦੀ ਐਨਸੀਸੀ ਕੈਡਿਟ ਗੁਰਪ੍ਰੀਤ ਕੌਰ ਨੇ 19 ਤੋਂ 30 ਸਤੰਬਰ 2026 ਤੱਕ ਮਲੋਟ (ਪੰਜਾਬ) ਵਿਖੇ ਪੀਐਚਐਚਪੀ ਐਂਡ ਸੀ ਡਾਇਰੈਕਟੋਰੇਟ ਅਤੇ ਪੀਬੀ ਬੀਐਨ ਐਨਸੀਸੀ ਅਬੋਹਰ ਵੱਲੋਂ ਕਰਵਾਏ ਗਏ ਏਕ ਭਾਰਤ ਸ੍ਰੇਸ਼ਠ ਭਾਰਤ ਕੈਂਪ ਵਿੱਚ ਭਾਗ ਲੈ ਕੇ ਮਹਾਂਵਿਦਿਆਲਿਆ ਦਾ ਮਾਣ ਵਧਾਇਆ। ਕੈਂਪ ਦੌਰਾਨ ਕੈਡਿਟ ਗੁਰਪ੍ਰੀਤ ਕੌਰ ਨੇ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਸੋਨੇ ਦੇ ਤਮਗੇ ਹਾਸਲ ਕੀਤੇ। ਕੈਂਪ ਤੋਂ ਵਾਪਸ ਮਹਾਂਵਿਦਿਆਲਿਆ ਪਹੁੰਚਣ 'ਤੇ ਮਹਾਂਵਿਦਿਆਲਿਆ ਦੀ ਪ੍ਰਿੰਸੀਪਲ ਡਾ. ਸੁਮਿਕਸ਼ਾ ਗੁਪਤਾ ਅਤੇ ਏਐਨਓ ਲੈਫਟੀਨੈਂਟ ਰਮੇਸ਼ ਕੁਮਾਰ ਨੇ ਕੈਡਿਟ ਗੁਰਪ੍ਰੀਤ ਕੌਰ ਦਾ ਰਸਮੀ ਤੌਰ 'ਤੇ ਸਵਾਗਤ ਅਤੇ ਸਨਮਾਨ ਕੀਤਾ ਅਤੇ ਉਸ ਦੀ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਸ ਨੂੰ ਵਧਾਈ ਦਿੱਤੀ। ਇਸ ਮੌਕੇ ਮਹਾਂਵਿਦਿਆਲਿਆ ਦੇ ਸਮੂਹ ਅਧਿਆਪਕ ਅਤੇ ਗੈਰ-ਅਧਿਆਪਕ ਕਰਮਚਾਰੀ ਹਾਜ਼ਰ ਰਹੇ ਅਤੇ ਕੈਡਿਟ ਦਾ ਹੌਸਲਾ ਵਧਾਇਆ।

# ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਆਮਦਨ ਅਤੇ ਰੁਜ਼ਗਾਰ ਵਧਾਉਣ ਲਈ ਮਧੂ-ਮੱਖੀ ਪਾਲਣ ਦੀ ਲਾਹੇਵੰਦ ਸਹਾਇਕ ਕਿੱਤੇ ਵਜੋਂ ਸਿਖਲਾਈ

**ਸੰਗਰੂਰ, 03 ਅਕਤੂਬਰ (ਪੈ.ਗਾਮ-ਏ-ਜਗਤ)**



ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਨਿਰਦੇਸ਼ਕ ਪਸਾਰ ਸਿੱਖਿਆ, ਲੁਧਿਆਣਾ ਅਤੇ ਆਈ.ਸੀ.ਏ.ਆਰ-ਅਟਾਰੀ, ਜ਼ੋਨ-1, ਲੁਧਿਆਣਾ ਦੀ ਅਗਵਾਈ ਹੇਠ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਆਪਣੇ ਕੈਂਪਸ ਵਿਖੇ 'ਮਧੂ ਮੱਖੀ ਪਾਲਣ-ਇੱਕ ਲਾਹੇਵੰਦ ਸਹਾਇਕ ਕਿੱਤਾ' ਵਿਸ਼ੇ 'ਤੇ ਪੰਜ ਰੋਜ਼ਾ ਕਿੱਤਾਮੁਖੀ ਸਿਖਲਾਈ ਕੋਰਸ ਸਫਲਤਾਪੂਰਵਕ ਕਰਵਾਇਆ ਗਿਆ। ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਤੋਂ ਕੁੱਲ 31 ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਉਦਘਾਟਨੀ ਸੈਸ਼ਨ ਦੌਰਾਨ ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਸਿਖਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਮਧੂ ਮੱਖੀ ਪਾਲਣ ਇੱਕ ਘੱਟ ਲਾਗਤ ਅਤੇ ਵੱਧ ਮੁਨਾਫਾ ਦੇਣ ਵਾਲਾ ਸਹਾਇਕ ਕਿੱਤਾ ਹੈ, ਜਿਸ ਨੂੰ ਛੋਟੇ ਤੇ ਸੀਮਾਂਤ ਕਿਸਾਨ, ਭੂਮੀਹੀਣ ਮਜ਼ਦੂਰ ਅਤੇ ਕਿਸਾਨ ਬੀਬੀਆਂ ਵੀ ਅਪਣਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਸ਼ਹਿਦ ਤੋਂ ਇਲਾਵਾ ਮਧੂ ਮੱਖੀਆਂ ਪਰਾਗਣ ਰਾਹੀਂ ਫਸਲਾਂ ਦੀ ਪੈਦਾਵਾਰ ਵਧਾਉਂਦੀਆਂ ਹਨ ਅਤੇ ਉਪ-ਉਤਪਾਦਾਂ ਤੋਂ ਵਾਧੂ ਆਮਦਨ ਵੀ ਮਿਲਦੀ ਹੈ। ਉਨ੍ਹਾਂ ਕੇਂਦਰ ਵੱਲੋਂ ਕਰਵਾਈਆਂ ਜਾ ਰਹੀਆਂ ਹੋਰ ਕਿੱਤਾਮੁਖੀ ਸਿਖਲਾਈਆਂ ਅਤੇ ਪਸਾਰ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਦਿੱਤੀ।

ਡਾ. ਗੁਰਬੀਰ ਕੌਰ, ਸਹਾਇਕ ਪ੍ਰੋਫੈਸਰ (ਪੌਦਾ ਰੋਗ ਵਿਗਿਆਨ) ਅਤੇ ਕੋਰਸ ਕੋਆਰਡੀਨੇਟਰ ਨੇ ਮਧੂ-ਮੱਖੀ ਪਾਲਣ ਦੇ ਖੇਤਰ ਆਰਥਿਕਤਾ ਬਾਰੇ ਵਿਸਥਾਰ ਨਾਲ ਦੱਸਿਆ। ਉਨ੍ਹਾਂ ਸਿਖਿਆਰਥੀਆਂ ਨੂੰ ਮਧੂ ਮੱਖੀਆਂ ਦੀਆਂ ਵੱਖ-ਵੱਖ ਕਿਸਮਾਂ, ਖਾਸ ਕਰਕੇ ਇਟਾਲੀਅਨ ਮੱਖੀ (ਏਪਿਸ ਮੈਲੀਫੇਰਾ), ਉਸ ਦੀ ਸਰੀਰਕ ਬਣਤਰ, ਪਰਿਵਾਰਕ ਜਥੇਬੰਦੀ ਅਤੇ ਮੌਸਮੀ ਸਾਂਭ-ਸੰਭਾਲ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਮਧੂ ਮੱਖੀ ਪਾਲਣ ਦੇ ਜ਼ਰੂਰੀ ਸੰਦਾਂ ਜਿਵੇਂ ਕਿ ਮੱਖੀ ਪੇਟੀ, ਸਮੋਕਰ, ਅਨਕੈਪਿੰਗ ਚਾਕੂ, ਸ਼ਹਿਦ ਕੱਢਣ ਵਾਲੀ ਮਸ਼ੀਨ, ਕੁਈਨ ਐਕਸਕਲੂਡਰ ਅਤੇ ਸੁਰੱਖਿਆ ਕੱਪੜਿਆਂ ਦੀ ਵਰਤੋਂ ਬਾਰੇ ਪ੍ਰਦਰਸ਼ਨੀ ਦਿੱਤੀ।

ਉਨ੍ਹਾਂ ਸ਼ਹਿਦ ਦੇ ਪੋਸ਼ਟਿਕ ਅਤੇ ਦਵਾਈ ਦੇ ਤੌਰ 'ਤੇ ਉਪਯੋਗ, ਪਤਝੜ, ਸਰਦੀ, ਗਰਮੀ ਅਤੇ ਬਸੰਤ ਰੁੱਤਾਂ ਦੌਰਾਨ ਮੱਖੀਆਂ ਦੀ ਸੰਭਾਲ, ਖੁਰਾਕ, ਪਰਿਵਾਰਾਂ ਦੀ ਵੰਡ, ਰਾਣੀ ਪਾਲਣ ਅਤੇ ਪਰਿਵਾਰਾਂ ਨੂੰ ਇਕੱਠਾ ਕਰਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ।

ਉਨ੍ਹਾਂ ਪ੍ਰੋਪੋਲਿਸ, ਮੋਮ, ਰਾਇਲ ਜੈਲੀ, ਮੱਖੀ ਦੇ ਜ਼ਹਿਰ ਅਤੇ ਪਰਾਗ ਵਰਗੇ ਉਪ-ਉਤਪਾਦਾਂ ਦੀ ਮਹੱਤਤਾ ਬਾਰੇ ਵੀ ਦੱਸਿਆ ਅਤੇ ਯੂਰਪੀਅਨ ਤੇ ਅਮਰੀਕਨ ਫਾਊਲ ਬਰੂਡ, ਥਾਈ ਸੈਕ ਬਰੂਡ ਵਰਗੀਆਂ ਬਿਮਾਰੀਆਂ ਅਤੇ ਮੋਮ ਸੁੰਡੀ, ਵਰੋਆ ਮਾਈਟ ਵਰਗੇ ਕੀੜਿਆਂ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ।

ਕੇ.ਵੀ.ਕੇ., ਖੇੜੀ ਵਿਖੇ ਸਥਾਪਿਤ ਮਧੂ-ਮੱਖੀ ਪਾਲਣ ਯੂਨਿਟ ਵਿਖੇ ਬਕਸਿਆਂ ਦੀ ਸੰਭਾਲ, ਬਰੂਡ ਦੀ ਜਾਂਚ ਅਤੇ ਸ਼ਹਿਦ ਕੱਢਣ ਦੀ ਵਿਹਾਰਕ ਸਿਖਲਾਈ ਵੀ ਦਿੱਤੀ ਗਈ। ਡਾ. ਹਰਦੀਪ ਸਿੰਘ, ਉਪ ਨਿਰਦੇਸ਼ਕ ਬਾਗਬਾਨੀ, ਸੰਗਰੂਰ ਨੇ ਨੈਸ਼ਨਲ ਬੀ ਬੋਰਡ ਅਤੇ ਨੈਸ਼ਨਲ ਹੌਰਟੀਕਲਚਰ ਮਿਸ਼ਨ ਵੱਲੋਂ ਨਵੀਆਂ ਇਕਾਈਆਂ ਸਥਾਪਤ ਕਰਨ, ਸ਼ਹਿਦ ਪ੍ਰੋਸੈਸਿੰਗ ਅਤੇ ਮਾਰਕੀਟਿੰਗ ਲਈ ਦਿੱਤੀਆਂ ਜਾਂਦੀਆਂ ਸਬਸਿਡੀਆਂ ਅਤੇ ਵਿੱਤੀ ਸਹਾਇਤਾ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਡਾ. ਅਮਨਪ੍ਰੀਤ ਕੌਰ, ਐਚ.ਡੀ.ਓ., ਧੂਰੀ ਨੇ ਰਾਜ ਬਾਗਬਾਨੀ ਵਿਭਾਗ ਦੀਆਂ ਮਧੂ-ਮੱਖੀ ਪਾਲਣ ਨੂੰ ਉਤਸ਼ਾਹਿਤ ਕਰਨ ਅਤੇ ਐਫ.ਪੀ.ਓ./ਸਵੈ ਸਹਾਇਤਾ ਗਰੁੱਪ ਬਣਾਉਣ ਸਬੰਧੀ ਸਕੀਮਾਂ ਬਾਰੇ ਦੱਸਿਆ। ਸਿਖਿਆਰਥੀਆਂ ਨੂੰ ਅਗਾਂਹਵਧੂ ਮਧੂ-ਮੱਖੀ ਪਾਲਕ ਦੇ ਫਾਰਮ ਦਾ ਦੌਰਾ ਵੀ ਕਰਵਾਇਆ ਗਿਆ। ਅੰਤ ਵਿੱਚ ਭਾਗ ਲੈਣ ਵਾਲਿਆਂ ਨੂੰ ਆਪਣਾ ਉੱਦਮ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ ਗਿਆ ਅਤੇ ਮਧੂ-ਮੱਖੀ ਪਾਲਣ ਸਬੰਧੀ ਸਾਹਿਤ ਵੰਡਿਆ ਗਿਆ।

# ਗੁਰਦਿਆਲ ਰੌਸ਼ਨ ਨੂੰ 'ਸਮਰਾਟ ਗ਼ਜ਼ਲਗੋ ਸਿਰੀ ਰਾਮ ਅਰਸ਼ ਐਵਾਰਡ', ਚਾਰ ਹੋਰ ਸ਼ਖ਼ਸੀਅਤਾਂ ਨੂੰ ਵੀ ਮਿਲੇਗਾ ਸਨਮਾਨ

**ਮੁਹਾਲੀ, 3 ਅਕਤੂਬਰ (ਪੈ.ਗਾਮ-ਏ-ਜਗਤ)**

ਮਰਹੂਮ ਉਸਤਾਦ ਗ਼ਜ਼ਲਗੋ ਸਿਰੀ ਰਾਮ ਅਰਸ਼ ਦੇ ਵੱਡੇ ਫ਼ਰਜ਼ੰਦ ਅਨਿਲ ਕੁਮਾਰ ਅਰਸ਼, ਕਨਵੀਨਰ, ਸ਼?ਰੀ ਸਿਰੀ ਰਾਮ ਅਰਸ਼ ਮੈਮੋਰੀਅਲ ਕਮੇਟੀ, ਮੁਹਾਲੀ (ਭਾਰਤ) ਅਤੇ ਭਗਤ ਰਾਮ ਰੰਗਾੜਾ, ਪ੍ਰਧਾਨ, ਕਵੀ ਮੰਚ (ਰਜਿ:) ਮੁਹਾਲੀ ਨੇ ਦੱਸਿਆ ਕਿ ਸ਼?ਰੀ ਸਿਰੀ ਰਾਮ ਅਰਸ਼ ਮੈਮੋਰੀਅਲ ਕਮੇਟੀ ਮੁਹਾਲੀ (ਭਾਰਤ) ਅਤੇ ਕਵੀ ਮੰਚ, ਮੁਹਾਲੀ ਵੱਲੋਂ ਮਿਤੀ 11 ਅਕਤੂਬਰ, 2026 ਨੂੰ ਸ਼ਾਮ 2.30 ਤੋਂ 5.30 ਵਜੇ ਤੱਕ ਸੈਣੀ ਭਵਨ, ਸੈਕਟਰ-24, ਚੰਡੀਗੜ੍ਹ ਵਿਖੇ ਸ਼ਾਨਦਾਰ ਸਾਹਿਤਕ ਅਤੇ ਸਨਮਾਨ ਸਮਾਗਮ ਕੀਤਾ ਜਾ ਰਿਹਾ ਹੈ। ਇਸ ਦੀ ਪ੍ਰਧਾਨਗੀ ਡਾ. ਸ਼ਿੰਦਰਪਾਲ ਸਿੰਘ, ਕਾਰਜਕਾਰੀ ਪ੍ਰਧਾਨ, ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ (ਰਜਿ:) ਮੁਹਾਲੀ ਕਰਨਗੇ, ਜਦਕਿ ਉਸਤਾਦ ਗ਼ਜ਼ਲਗੋ ਬਲਵੀਰ ਸਿੰਘ ਸੈਣੀ ਮੁੱਖ ਮਹਿਮਾਨ ਅਤੇ ਸ਼ਾਇਰਾ ਗੁਰਦੀਪ ਕੌਰ ਗੁਲ ਵਿਸ਼ੇਸ਼ ਮਹਿਮਾਨ ਹੋਣਗੇ। ਪਹਿਲੇ ਪੜਾਅ ਵਿੱਚ ਭਗਤ ਰਾਮ ਰੰਗਾੜਾ ਦੀਆਂ ਦੋ ਸੰਪਾਦਿਤ ਕਾਵਿ ਪੁਸਤਕਾਂ 'ਰੂਪ ਰੰਗ' (ਸਮਰਪਣ ਅਰਸ਼ ਜੀ ਨੂੰ) ਅਤੇ 'ਔਰਤ' ਰਿਲੀਜ਼ ਕੀਤੀਆਂ ਜਾਣਗੀਆਂ, ਜਦਕਿ ਦੂਜੇ ਪੜਾਅ ਵਿੱਚ ਜਨਾਬ ਗੁਰਦਿਆਲ ਰੌਸ਼ਨ ਨੂੰ 'ਸਮਰਾਟ ਗ਼ਜ਼ਲਗੋ ਸਿਰੀ ਰਾਮ ਅਰਸ਼ ਐਵਾਰਡ', ਕਾਮਰੇਡ ਦੇਵੀ ਦਿਆਲ ਸ਼ਰਮਾ ਤੇ ਸਾਹਿਤਕਾਰ ਸੁਭਾਸ਼ ਭਾਸਕਰ ਹੁਰਾਂ ਨੂੰ 'ਲਾਈਫ਼ ਟਾਈਮ ਅਚੀਵਮੈਂਟ ਐਵਾਰਡ', ਡਾ. ਅੰਜੂ ਅਮਨਦੀਪ ਗਰੋਵਰ ਨੂੰ 'ਪੰਜਾਬ ਦਾ ਮਾਣ' ਅਤੇ ਦੌੜਾਕ ਦੀਪਿੰਦਰ ਕੌਰ ਸ਼ੇਰਗਿੱਲ ਨੂੰ 'ਪੰਜਾਬ ਦੀ ਧੀ' ਐਵਾਰਡ ਨਾਲ ਨਿਵਾਜਿਆ ਜਾਵੇਗਾ। ਇਹ ਵੀ ਦੱਸਿਆ ਗਿਆ ਕਿ ਸਨਮਾਨਿਤ ਸ਼ਖ਼ਸੀਅਤਾਂ ਨੂੰ ਲੋਈ/ਫੁਲਕਾਰੀ, ਸਨਮਾਨ ਚਿੰਨ੍ਹ ਅਤੇ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ।

# ਸੰਗਰੂਰ ਵਿਖੇ 9 ਅਕਤੂਬਰ ਤੋਂ ਲੱਗਣਗੀਆਂ 'ਸਰਸ ਮੇਲੇ' ਦੀਆਂ ਰੌਣਕਾਂ

**ਸੰਗਰੂਰ, 3 ਅਕਤੂਬਰ (ਪੈ.ਗਾਮ-ਏ-ਜਗਤ)**

- ਸਰਸ ਮੇਲੇ 'ਚ ਦੇਸ਼ ਭਰ ਦੇ ਦਸਤਕਾਰਾਂ ਤੇ ਕਾਰੀਗਰਾਂ ਵੱਲੋਂ ਤਿਆਰ ਉਤਪਾਦਾਂ ਦੀ ਹੋਵੇਗੀ ਪ੍ਰਦਰਸ਼ਨੀ ਤੇ ਵਿਕਰੀ

ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਵੱਲੋਂ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ, ਪੰਜਾਬ ਦੇ ਸਹਿਯੋਗ ਨਾਲ ਸੰਗਰੂਰ ਵਿਖੇ 'ਸਰਸ ਮੇਲਾ-2026' ਕਰਵਾਇਆ ਜਾ ਰਿਹਾ ਹੈ। ਇਹ ਮੇਲਾ 9 ਅਕਤੂਬਰ ਤੋਂ 20 ਅਕਤੂਬਰ 2026 ਤੱਕ ਕੈਰੋਂ ਫੈਕਟਰੀ ਗਰਾਊਂਡ, ਪਟਿਆਲਾ ਬਾਈਪਾਸ (ਯਾਦਵਿੰਦਰਾ ਹੋਟਲ ਦੇ ਸਾਹਮਣੇ) ਵਿਖੇ ਲੱਗੇਗਾ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਦੱਸਿਆ ਕਿ ਮੇਲੇ ਦਾ ਮੁੱਖ ਉਦੇਸ਼ ਪੇਂਡੂ ਦਸਤਕਾਰਾਂ, ਕਾਰੀਗਰਾਂ ਅਤੇ ਸਵੈ-ਸਹਾਇਤਾ ਸਮੂਹਾਂ ਨੂੰ ਆਪਣੇ ਹੱਥੀਂ ਤਿਆਰ ਕੀਤੇ ਉਤਪਾਦਾਂ ਦੀ ਪ੍ਰਦਰਸ਼ਨੀ ਅਤੇ ਵਿਕਰੀ ਲਈ ਉਚਿਤ ਮੰਚ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਕਾਰੀਗਰਾਂ ਵੱਲੋਂ ਹਸਤਕਲਾ ਅਤੇ ਰਵਾਇਤੀ ਵਸਤੂਆਂ ਦੀ ਪ੍ਰਦਰਸ਼ਨੀ ਤੇ ਵਿਕਰੀ ਲਈ ਵਿਸ਼ੇਸ਼ ਸਟਾਲ ਲਗਾਏ ਜਾਣਗੇ।

ਉਨ੍ਹਾਂ ਦੱਸਿਆ ਕਿ ਮੇਲੇ ਨੂੰ ਪਰਿਵਾਰਾਂ ਅਤੇ ਬੱਚਿਆਂ ਲਈ ਖਿੱਚ ਦਾ ਕੇਂਦਰ ਬਣਾਉਣ ਵਾਸਤੇ ਜਲਪਰੀ ਸ਼ੋਅ, ਵੱਖ-ਵੱਖ ਰਵਾਇਤੀ ਤੇ ਆਧੁਨਿਕ ਝੂਲੇ, ਫਨ ਗੇਮਜ਼ ਅਤੇ ਕਾਰ ਸਰਕਸ ਸਮੇਤ ਮਨੋਰੰਜਨ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ ਵੱਖ-ਵੱਖ ਸੁਆਦੀ ਪਕਵਾਨਾਂ ਦੇ ਫੂਡ ਸਟਾਲ ਅਤੇ ਆਕਰਸ਼ਕ ਸੈਲਫੀ ਪੁਆਇੰਟ ਵੀ ਮੇਲੇ ਦਾ ਹਿੱਸਾ ਹੋਣਗੇ।

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਖਚੈਨ ਸਿੰਘ ਨੇ ਦੱਸਿਆ ਕਿ ਮੇਲੇ ਦੌਰਾਨ ਹਰ ਸ਼ਾਮ ਪੰਜਾਬ ਦੇ ਨਾਮਵਰ ਗਾਇਕਾਂ ਅਤੇ ਕਲਾਕਾਰਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਜਾਣਗੇ, ਜਿਸ ਨਾਲ ਮੇਲੇ ਦੀ ਰੌਣਕ ਹੋਰ ਵਧੇਗੀ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਗਿਣਤੀ ਵਿੱਚ 'ਸਰਸ ਮੇਲਾ-ਸੰਗਰੂਰ 2026' ਵਿੱਚ ਪਹੁੰਚਣ ਅਤੇ ਪੇਂਡੂ ਦਸਤਕਾਰਾਂ, ਕਾਰੀਗਰਾਂ ਅਤੇ ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਉਤਪਾਦਾਂ ਦੀ ਖਰੀਦਦਾਰੀ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰਨ।

# ਹਾਈ ਕੋਰਟ ਵਲੋਂ ਪੰਜਾਬ ਪੁਲਿਸ ਦੇ ਸਿਪਾਹੀਆਂ ਦੀ ਤਰੱਕੀ 'ਤੇ ਨਿਯਮ ਮੁਤਾਬਕ ਫੈਸਲਾ ਲੈਣ ਦੀ ਹਦਾਇਤ

**ਪੈ.ਗਾਮ-ਏ-ਜਗਤ**
**ਚੰਡੀਗੜ੍ਹ, 3 ਅਕਤੂਬਰ (ਗੁਰਜੀਤ ਬਿੱਲਾ)**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੀ-2 ਜਗਰੂਪ ਸਿੰਘ ਅਤੇ ਹੋਰਨਾਂ ਵੱਲੋਂ ਪੰਜਾਬ ਪੁਲਿਸ ਵਿੱਚ ਹੈੱਡ ਕਾਂਸਟੇਬਲ ਦੇ ਅਹੁਦੇ 'ਤੇ ਪਦ-ਉੱਨਤੀ (ਪ੍ਰਮੋਸ਼ਨ) ਦੀ ਮੰਗ ਨੂੰ ਲੈ ਕੇ ਦਾਇਰ ਕੀਤੀ ਗਈ ਰਿੱਟ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ ਹੈ। ਮਾਣਯੋਗ ਜਸਟਿਸ ਨਮਿਤ ਕੁਮਾਰ ਦੀ ਅਦਾਲਤ ਨੇ ਇਹ ਫੈਸਲਾ ਸੁਣਾਉਂਦਿਆਂ ਸਬੰਧਤ ਵਿਭਾਗ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਪਟੀਸ਼ਨਰਾਂ ਦੇ ਦਾਅਵੇ ਦੀ ਸਮੀਖਿਆ 4 ਮਹੀਨਿਆਂ ਦੇ ਅੰਦਰ-ਅੰਦਰ ਕਰਨ। ਪਟੀਸ਼ਨਰਾਂ ਨੇ ਅਦਾਲਤ ਵਿੱਚ 10 ਅਕਤੂਬਰ 2013 ਦੇ ਉਸ ਹੁਕਮ ਨੂੰ ਚੁਣੌਤੀ ਦਿੱਤੀ ਸੀ, ਜਿਸ ਵਿੱਚ ਉਨ੍ਹਾਂ ਦੀ ਸੀਨੀਅਰਤਾ ਦੇ ਆਧਾਰ 'ਤੇ ਪ੍ਰਮੋਸ਼ਨ ਦੀ ਮੰਗ ਨੂੰ ਖਾਰਜ ਕਰ ਦਿੱਤਾ ਗਿਆ ਸੀ। ਉਨ੍ਹਾਂ ਦੀ ਮੰਗ ਸੀ ਕਿ ਉਨ੍ਹਾਂ ਨੂੰ ਉਨ੍ਹਾਂ ਦੇ ਜੂਨੀਅਰਾਂ ਵਾਂਗ ਪੱਛੜੀਆਂ ਤਾਰੀਖਾਂ ਤੋਂ ਹੀ ਹੈੱਡ ਕਾਂਸਟੇਬਲ ਬਣਾਇਆ ਜਾਵੇ। ਸਰਕਾਰੀ ਪੱਖ ਅਤੇ ਪਟੀਸ਼ਨਰਾਂ ਦੇ ਵਕੀਲ ਜੀਪੀਐਸ ਬੱਲ ਦੀਆਂ ਦਲੀਲਾਂ ਸੁਣਨ ਤੋਂ ਬਾਅਦ, ਹਾਈ ਕੋਰਟ ਨੇ ਵਿਭਾਗ ਨੂੰ ਹੁਕਮ ਦਿੱਤਾ ਹੈ ਕਿ ਉਹ ਪੰਜਾਬ ਪੁਲਿਸ ਨਿਯਮਾਂ ਦੇ ਰੂਲ 13.21 ਅਤੇ ਪੁਰਾਣੇ ਰਿਕਾਰਡਾਂ ਦੀ ਰੋਸ਼ਨੀ ਵਿੱਚ ਪਟੀਸ਼ਨਰਾਂ ਦੀਆਂ ਮੰਗਾਂ ਦੀ ਮੁੜ ਪੜਤਾਲ ਕਰੇ। ਅਦਾਲਤ ਦੇ ਇਸ ਫੈਸਲੇ ਨਾਲ ਪੁਲਿਸ ਮੁਲਾਜ਼ਮਾਂ ਲਈ ਇਨਸਾਫ਼ ਦੀ ਨਵੀਂ ਉਮੀਦ ਜਾਗੀ ਹੈ।

## ਸ.ਫ਼ਾ 1 ਦਾ ਬਾਕੀ...

**21ਵਾਂ ਸੋਨ ਤਗਮਾ...**

ਮੁਕਾਬਲੇ ਦੇ 42ਵੇਂ ਮਿੰਟ ਵਿੱਚ ਹਾਰਦਿਕ ਸਿੰਘ ਨੇ ਪੈਨਲਟੀ ਸਟਰੋਕ 'ਤੇ ਗੋਲ ਕਰਕੇ ਭਾਰਤ ਦੀ ਲੀਡ ਹੋਰ ਵਧਾ ਦਿੱਤੀ। ਇਸ ਤੋਂ ਬਾਅਦ 54ਵੇਂ ਮਿੰਟ ਵਿੱਚ ਸ਼ਿਲਾਨੰਦ ਲਾਕੜਾ ਨੇ ਫੀਲਡ ਗੋਲ ਕੀਤਾ। ਭਾਰਤੀ ਟੀਮ ਨੇ ਇਸ ਤੋਂ ਬਾਅਦ ਵੀ ਮਲੇਸ਼ੀਆ 'ਤੇ ਦਬਾਅ ਬਣਾਈ ਰੱਖਿਆ ਅਤੇ ਅੰਤ ਵਿੱਚ 5-1 ਨਾਲ ਸ਼ਾਨਦਾਰ ਜਿੱਤ ਦਰਜ ਕਰਦਿਆਂ ਸੋਨ ਤਗਮਾ ਹਾਸਲ ਕੀਤਾ।

ਭਾਰਤ ਲਈ ਸ਼ਨਿਚਰਵਾਰ ਦਾ ਦਿਨ ਸੋਨ ਤਗਮਿਆਂ ਦੇ ਮਾਮਲੇ ਵਿੱਚ ਖਾਸ ਰਿਹਾ। ਪਹਿਲਾਂ ਅਮਨ ਸਹਿਰਾਵਤ ਨੇ ਕੁਸ਼ਤੀ ਵਿੱਚ ਸੋਨਾ ਜਿੱਤਿਆ ਅਤੇ ਇਸ ਤੋਂ ਬਾਅਦ ਪੁਰਸ਼ ਹਾਕੀ ਟੀਮ ਨੇ ਵੀ ਸੋਨ ਤਗਮਾ ਆਪਣੇ ਨਾਂ ਕੀਤਾ। ਇਸ ਤੋਂ ਇਲਾਵਾ ਕ੍ਰਿਕਟ, ਗੋਲਫ ਅਤੇ ਤੀਰਅੰਦਾਜ਼ੀ ਵਿੱਚ ਵੀ ਭਾਰਤ ਨੂੰ ਸੋਨੇ ਦੀ ਸਫਲਤਾ ਮਿਲੀ। ਇਨ੍ਹਾਂ ਜਿੱਤਾਂ ਨਾਲ ਭਾਰਤ ਦੀ ਕੁੱਲ ਤਗਮਾ ਗਿਣਤੀ 84 ਹੋ ਗਈ ਅਤੇ ਦੇਸ਼ ਤਗਮਾ ਸੂਚੀ ਵਿੱਚ ਚੌਥੇ ਸਥਾਨ 'ਤੇ ਪਹੁੰਚ ਗਿਆ।

**ਹੋਰਮੁਜ਼ 'ਚ ਜਹਾਜ਼...**

4500 ਤੋਂ ਵੱਧ ਭਾਰਤੀ ਨਾਵਿਕ ਸਵਾਰ ਹਨ। ਜੈਸਵਾਲ ਅਨੁਸਾਰ, ਇਸ ਸਮੇਂ ਫਾਰਸ ਦੀ ਖਾੜੀ ਵਿੱਚ ਭਾਰਤ ਦੇ ਝੰਡੇ ਵਾਲੇ 6 ਕਮਰਸ਼ੀਅਲ ਜਹਾਜ਼ ਹਨ। ਇਸ ਤੋਂ ਇਲਾਵਾ 6 ਵਿਦੇਸ਼ੀ ਝੰਡੇ ਵਾਲੇ ਜਹਾਜ਼ ਵੀ ਹਨ, ਜੋ ਭਾਰਤ ਲਈ ਸਾਮਾਨ ਲੈ ਕੇ ਜਾ ਰਹੇ ਹਨ। ਇਹਨਾਂ 12 ਜਹਾਜ਼ਾਂ 'ਤੇ ਲਗਭਗ 163 ਭਾਰਤੀ ਨਾਵਿਕ ਸਵਾਰ ਹਨ।

**ਅੰਮ੍ਰਿਤਸਰ 'ਚ ਇਨਫਲੂਐਂਸਰ...**

ਹੋਇਆ ਸੀ। ਉਸ ਸਮੇਂ ਨਿਹੰਗ ਪੱਖ ਵੱਲੋਂ ਉਨ੍ਹਾਂ ਦੇ ਪਹਿਰਾਵੇ, ਸੋਸ਼ਲ ਮੀਡੀਆ ਗਤੀਵਿਧੀਆਂ ਅਤੇ ਪੁਰਾਣੀਆਂ ਵੀਡੀਓਜ਼ 'ਤੇ ਸਖ਼ਤ ਆਪੱਤੀ ਜਤਾਉਂਦੇ ਹੋਏ ਅਜਿਹੀ ਸਮੱਗਰੀ ਤੋਂ ਦੂਰ ਰਹਿਣ ਦੀ ਚੇਤਾਵਨੀ ਦਿੱਤੀ ਗਈ ਸੀ। ਹਾਲਾਂਕਿ ਉਸ ਵਿਵਾਦ ਦੌਰਾਨ ਮੈਡ ਸੰਧੂ ਨੇ ਆਪਣੀ ਸਫਾਈ ਦਿੰਦਿਆਂ ਕਿਹਾ ਸੀ ਕਿ ਉਨ੍ਹਾਂ ਨੇ ਆਪਣੇ ਵਿੱਚ ਸੁਧਾਰ ਕਰ ਲਿਆ ਹੈ ਅਤੇ ਉਹ ਪੁਰਾਣੀਆਂ ਗਲਤੀਆਂ ਨਹੀਂ ਦੁਹਰਾ ਰਹੇ, ਪਰ ਫਿਰ ਵੀ ਉਨ੍ਹਾਂ ਦੀਆਂ ਪੁਰਾਣੀਆਂ ਵੀਡੀਓਜ਼ ਸ਼ੇਅਰ ਕਰਕੇ ਬਿਨਾਂ ਵਜ੍ਹਾ ਵਿਵਾਦ ਖੜ੍ਹਾ ਕੀਤਾ ਜਾ ਰਿਹਾ ਸੀ।

ਮੈਡ ਸੰਧੂ ਪੰਜਾਬੀ ਸੋਸ਼ਲ ਮੀਡੀਆ 'ਤੇ ਇਨਫਲੂਐਂਸਰ ਅਤੇ ਮੇਕਅੱਪ ਆਰਟਿਸਟ ਵਜੋਂ ਜਾਣਿਆ ਜਾਂਦਾ ਹੈ। ਉਸ ਦਾ ਇੰਸਟਾਗ੍ਰਾਮ ਖਾਤਾ @its_madsandhuofficial ਹੈ। ਉਸ ਦੇ ਪ੍ਰੋਫਾਈਲ 'ਤੇ ਉਹ ਆਪਣੇ ਆਪ ਨੂੰ ਮੇਕਅੱਪ ਆਰਟਿਸਟ, ਉਦਯੋਗਪਤੀ, ਕਲਾਕਾਰ ਅਤੇ ਇਨਫਲੂਐਂਸਰ ਦੱਸਦਾ ਹੈ। ਉਹ Manelane Unisex Salon ਦਾ ਸੰਸਥਾਪਕ ਵੀ ਦੱਸਿਆ ਗਿਆ ਹੈ। ਉਸ ਦੇ ਇੰਸਟਾਗ੍ਰਾਮ 'ਤੇ 2.2 ਲੱਖ ਤੋਂ ਵੱਧ ਫਾਲੋਅਰ ਹਨ। ਸੋਸ਼ਲ ਮੀਡੀਆ ਵਿਸ਼ਲੇਸ਼ਣ ਵਾਲੇ ਸਰੋਤ ਮੁਤਾਬਕ ਉਸ ਦੀਆਂ ਕੁਝ ਰੀਲਾਂ ਨੂੰ ਲੱਖਾਂ ਵਿਊਜ਼ ਮਿਲੇ ਹਨ, ਜਿਸ ਤੋਂ ਉਸ ਦੀ ਸੋਸ਼ਲ ਮੀਡੀਆ ਪਹੁੰਚ ਦਾ ਅੰਦਾਜ਼ਾ ਲੱਗਦਾ ਹੈ। ਮੈਡ ਸੰਧੂ ਪੌਡਕਾਸਟਾਂ ਵਿੱਚ ਵੀ ਨਜ਼ਰ ਆ ਚੁੱਕਾ ਹੈ। 2024 ਦੇ ਇੱਕ ਪੌਡਕਾਸਟ ਵਿੱਚ ਉਸ ਦੀ ਸ਼ਮੂਲੀਅਤ ਦਰਜ ਹੈ, ਜਦਕਿ 2026 ਵਿੱਚ ਉਸ ਨੂੰ ਲੈ ਕੇ ਇੱਕ ਹੋਰ ਪੌਡਕਾਸਟ ਐਪੀਸੋਡ ਵੀ ਜਾਰੀ ਹੋਇਆ।

ਜੁਲਾਈ 2026 ਵਿੱਚ ਉਸ ਦੀਆਂ ਸੋਸ਼ਲ ਮੀਡੀਆ ਸਰਗਰਮੀਆਂ ਨੂੰ ਲੈ ਕੇ ਇੱਕ ਆਡੀਓ-ਵੀਡੀਓ ਵਿਵਾਦ ਵੀ ਚਰਚਾ ਵਿੱਚ ਆਇਆ ਸੀ। ਇਸ ਮਾਮਲੇ ਵਿੱਚ ਕਿਹਾ ਸੀ ਕਿ ਉਸ ਦੀਆਂ ਪੁਰਾਣੀਆਂ ਵੀਡੀਓਜ਼ ਮੁੜ ਸਾਂਝੀਆਂ ਕਰਕੇ ਬੇਲੋੜਾ ਵਿਵਾਦ ਖੜ੍ਹਾ ਕੀਤਾ ਜਾ ਰਿਹਾ ਹੈ।

**ਕਣਕ ਦੇ ਐੱਮ.ਐੱਸ.ਪੀ....**

ਕਿਸਾਨਾਂ ਨੂੰ ਉਨ੍ਹਾਂ ਦੀਆਂ ਜਿਣਸਾਂ ਦੇ ਪੂਰੇ ਭਾਅ ਤੱਕ ਵੀ ਨਹੀਂ ਦਿੱਤੇ ਜਾ ਰਹੇ। ਉਨ੍ਹਾਂ ਕਿਹਾ ਕਿ ਕੇਂਦਰ ਦੀ ਇਹ ਭਾਜਪਾ ਸਰਕਾਰ ਕਿਸਾਨਾਂ ਦੀ ਸਭ ਤੋਂ ਵੱਡੀ ਦੁਸ਼ਮਣ ਸਰਕਾਰ ਹੈ। ਕਿਸਾਨੀ, ਜੋ ਪਹਿਲਾਂ ਹੀ ਕਰਜ਼ਈ ਚੱਲ ਰਹੀ ਸੀ, ਕੇਂਦਰ ਸਰਕਾਰ ਦੇ ਇਸ ਫੈਸਲੇ ਨਾਲ ਹੋਰ ਵੀ ਕਰਜ਼ਾਈ ਹੋਵੇਗੀ ਅਤੇ ਗ਼ਲਤ ਰਸਤਿਆਂ 'ਤੇ ਤੁਰਨ ਲਈ ਮਜ਼ਬੂਰ ਹੋਵੇਗੀ। ਉਨ੍ਹਾਂ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਕੇਂਦਰ ਸਰਕਾਰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਦੇ ਹੋਏ ਕਣਕ ਦੇ ਭਾਅ ਵਿੱਚ 500 ਰੁਪਏ ਦਾ ਵਾਧਾ ਕਰੇ।

**ਨਾਇਰਾ ਨੇ ਪੈਟਰੋਲ...**

ਵਾਧਾ ਕੀਤਾ ਸੀ। ਇਸ ਤੋਂ ਬਾਅਦ ਜਨਤਕ ਖੇਤਰ ਦੀਆਂ ਬਾਲਣ ਪਰਚੂਨ ਕੰਪਨੀਆਂ ਨੇ ਮਈ ਵਿੱਚ ਪੰਪ ਕੀਮਤਾਂ ਵਿੱਚ ਵਾਧਾ ਕਰਨਾ ਸ਼ੁਰੂ ਕੀਤਾ ਸੀ। ਨਾਇਰਾ ਨੇ ਬਾਅਦ ਵਿੱਚ ਆਪਣੀ ਮਾਰਚ ਦੀ ਵਾਧੇ ਨੂੰ ਵਾਪਸ ਲੈ ਲਿਆ ਸੀ। ਪੱਛਮੀ ਏਸ਼ੀਆ ਵਿੱਚ ਤਣਾਅ ਘੱਟ ਹੋਣ ਤੋਂ ਬਾਅਦ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਨਰਮੀ ਆਉਣ 'ਤੇ ਕੰਪਨੀ ਨੇ 1 ਜੁਲਾਈ ਨੂੰ ਪੈਟਰੋਲ ਦੇ ਰੇਟ ਪੰਜ ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੇ ਰੇਟ ਤਿੰਨ ਰੁਪਏ ਪ੍ਰਤੀ ਲੀਟਰ ਘਟਾ ਦਿੱਤੇ ਸਨ।

**ਅਮਰੀਕਾ 'ਚ ਹਿੰਦੂ...**

ਮੰਦਰ ਦੇ ਅਹੁਦੇਦਾਰਾਂ ਦੇ ਸੰਪਰਕ ਵਿੱਚ ਹੈ ਅਤੇ ਹਰ ਸੰਭਵ ਸਹਾਇਤਾ ਮੁਹੱਈਆ ਕਰਵਾ ਰਿਹਾ ਹੈ।

ਕੋਲੇਸ਼ਨ ਆਫ਼ ਹਿੰਦੂਜ਼ ਆਫ਼ ਨਾਰਥ ਅਮਰੀਕਾ ਨੇ ਕਿਹਾ ਕਿ ਹਮਲੇ ਵਿੱਚ ਮੰਦਰ ਦੀਆਂ ਖਿੜਕੀਆਂ ਟੁੱਟ ਗਈਆਂ। ਘਟਨਾ ਦੇ ਸਮੇਂ ਪੁਜਾਰੀ ਅਤੇ ਸ਼ਰਧਾਲੂ ਮੰਦਰ ਦੇ ਅੰਦਰ ਮੌਜੂਦ ਸਨ। ਸੰਸਥਾ ਨੇ ਇਹ ਨਹੀਂ ਦੱਸਿਆ ਕਿ ਹਮਲੇ ਵਿੱਚ ਕੋਈ ਜ਼ਖ਼ਮੀ ਹੋਇਆ ਹੈ ਜਾਂ ਨਹੀਂ ਅਤੇ ਨਾ ਹੀ ਇਹ ਸਪੱਸ਼ਟ ਕੀਤਾ ਕਿ ਕਿੰਨੀਆਂ ਖਿੜਕੀਆਂ ਦਾ ਨੁਕਸਾਨ ਹੋਇਆ ਹੈ।

ਹਿੰਦੂ ਅਮੈਰੀਕਨ ਫਾਊਂਡੇਸ਼ਨ ਅਤੇ ਕੋਲੇਸ਼ਨ ਆਫ਼ ਹਿੰਦੂਜ਼ ਆਫ਼ ਨਾਰਥ ਅਮਰੀਕਾ ਨੇ ਇਸ ਘਟਨਾ ਨੂੰ ਸੰਭਾਵਿਤ 'ਨਫ਼ਰਤੀ ਅਪਰਾਧ' ਦੱਸਿਆ ਹੈ। ਮਾਮਲੇ ਦੀ ਜਾਂਚ ਜਾਰੀ ਹੈ ਅਤੇ ਮੰਨਿਆ ਜਾ ਰਿਹਾ ਹੈ ਕਿ ਨਿਗਰਾਨੀ ਕੈਮਰੇ ਦੀ ਫੁਟੇਜ ਹਮਲੇ ਲਈ ਜ਼ਿੰਮੇਵਾਰ ਲੋਕਾਂ ਦੀ ਪਛਾਣ ਕਰਨ ਅਤੇ ਹਮਲੇ ਦੇ ਮਕਸਦ ਦਾ ਪਤਾ ਲਗਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।

**ਪ੍ਰਿਅੰਕਾ ਕੱਕੜ ਨੇ...**

ਅਤੇ ਸਾਬਕਾ ਵਿਧਾਇਕ ਸ਼ਿਆਮ ਸੁੰਦਰ ਸ਼ਰਮਾ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਆਪ ਸਭ ਨੂੰ ਵਧਾਈ ਅਤੇ ਭਵਿੱਖ ਲਈ ਹਾਰਦਿਕ ਸ਼ੁਭਕਾਮਨਾਵਾਂ।

ਕਾਂਗਰਸ ਵਿੱਚ ਸ਼ਾਮਲ ਹੋਣ ਤੋਂ ਬਾਅਦ ਪ੍ਰਿਅੰਕਾ ਕੱਕੜ ਨੇ ਕਿਹਾ, ਰਾਜਨੀਤੀ ਵਿੱਚ ਇੱਕ ਦਹਾਕੇ ਤੋਂ ਵੱਧ ਦਾ ਤਜ਼ਰਬਾ ਹੋਣ ਤੋਂ ਬਾਅਦ ਮੈਨੂੰ ਵਿਸ਼ਵਾਸ ਹੈ ਕਿ ਦਿੱਲੀ ਨੂੰ ਸਾਫ਼, ਹਰੀ-ਭਰੀ, ਵਿਕਾਸਸ਼ੀਲ ਅਤੇ ਸੁਰੱਖਿਅਤ ਕਾਂਗਰਸ ਹੀ ਬਣਾ ਸਕਦੀ ਹੈ। ਮੈਂ ਇਹ ਵੀ ਮਹਿਸੂਸ ਕੀਤਾ ਕਿ ਅੱਜ ਸਾਡੇ ਦੇਸ਼ ਦੀ ਰਾਜਨੀਤੀ ਵਿੱਚ ਜੇਕਰ ਕੋਈ ਨੇਤਾ ਸੱਚਮੁੱਚ ਪ੍ਰਮਾਣਿਕ ਹੈ ਅਤੇ ਪ੍ਰਮਾਣਿਕਤਾ ਨੂੰ ਫੈਲਾਉਣ ਤੋਂ ਡਰਦਾ ਨਹੀਂ ਹੈ, ਤਾਂ ਉਹ ਸਿਰਫ਼ ਰਾਹੁਲ ਗਾਂਧੀ ਹਨ। ਰਾਹੁਲ ਉਹ ਨੇਤਾ ਹਨ, ਜਿਨ੍ਹਾਂ ਨੇ ਕੈਮਰੇ ਲਈ ਕਦੇ ਹੰਝੂ ਨਹੀਂ ਵਹਾਏ। ਮੈਂ ਦੇਖਿਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਨੀਵਾਂ ਦਿਖਾਉਣ ਲਈ ਪੂਰੀ ਮਸ਼ੀਨਰੀ ਲਗਾ ਦਿੱਤੀ ਗਈ, ਪਰ ਰਾਹੁਲ ਗਾਂਧੀ ਅਤੇ ਕਾਂਗਰਸ ਹਮੇਸ਼ਾ ਅਟੱਲ ਰਹੇ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

# ਲੰਗੇਰੀ ਨਿਵਾਸੀਆਂ ਵੱਲੋਂ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਜੀ ਦਾ ਜਨਮ ਦਿਨ ਮਨਾਇਆ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**



ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਦੀ 119ਵੀਂ ਵਰ੍ਹੇ ਗੰਢ ਮੌਕੇ ਸਪੋਰਟਸ ਕਲੱਬ, ਪਰਵਾਸੀ ਭਾਰਤੀਆਂ, ਨਗਰ ਨਿਵਾਸੀ ਅਤੇ ਸਰਕਾਰੀ ਮਿਡਲ ਸਕੂਲ ਲੰਗੇਰੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਬੱਚਿਆਂ ਵੱਲੋਂ ਮਿਲ ਕੇ ਸਾਂਝੇ ਤੌਰ ਤੇ ਫੁੱਲਾਂ ਦੇ ਹਾਰ ਪਹਿਨਾ ਨਾਅਰਿਆਂ ਦੀ ਗੂੰਜ ਵਿਚ ਮਨਾਇਆ ਗਿਆ।

ਸਰਦਾਰ ਮਨਜੀਤ ਸਿੰਘ ਲਾਲੀ ਯਾਦਗਾਰੀ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਗੁਰਭਜਨ ਸਿੰਘ ਸੰਘਾ ਬੈਲਜੀਅਮ ਅਤੇ ਪ੍ਰਧਾਨ ਡਾ ਓ. ਪੀ. ਸਿੰਘ ਵੱਲੋਂ ਸਮੂਹ ਹਾਜ਼ਰੀਨ ਦਾ ਇਸ ਮੌਕੇ ਸ਼ਿਰਕਤ ਕਰਨ ਤੇ ਨਿੱਘਾ ਸਵਾਗਤ ਕੀਤਾ। ਪਿੰਡ ਵਾਸੀਆਂ ਤੇ ਸਕੂਲੀ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਸਟੇਟ ਐਵਾਰਡੀ ਅਧਿਆਪਕ ਸ੍ਰੀ ਅਵਤਾਰ ਲੰਗੇਰੀ ਕਿਹਾ ਕਿ ਅਜੇ ਤੱਕ ਸਾਨੂੰ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦੀ ਸੋਚ ਦੇ ਸੁਪਨਿਆਂ ਵਾਲੀ ਅਸਲੀ ਆਜ਼ਾਦੀ ਪ੍ਰਾਪਤ ਨਹੀਂ ਹੋਈ। ਉਨਾਂ ਦੇ ਕਥਨ ਅਨੁਸਾਰ ਜਦੋਂ ਤੱਕ ਸਮਾਜ ਵਿੱਚ ਮਨੁੱਖ ਵੱਲੋਂ ਮਨੁੱਖ ਦੀ ਲੁੱਟ ਖਤਮ ਨਹੀਂ ਹੁੰਦੀ ਜੰਗ ਰਹੇਗੀ। ਸਿਰਾਂ ਤੇ ਭਗਤ ਸਿੰਘ ਸਟਾਈਲ ਦੀਆਂ ਪੱਗਾਂ ਬੰਨ ਕੇ ਅਤੇ ਭਗਤ ਸਿੰਘ ਦੀਆਂ ਤਸਵੀਰਾਂ ਦਫਤਰਾਂ ਵਿੱਚ ਲਗਾ ਭਗਤ ਸਿੰਘ ਦੇ ਵਾਰਸ ਨਹੀਂ ਕਹਾਇਆ ਜਾ ਸਕਦਾ। ਸੋ ਅੱਜ ਦੇ ਸਮੇਂ ਦੀ ਲੋੜ ਹੈ ਕਿ ਸਾਰੇ ਵਰਗ ਅਤੇ ਜਨਤਕ ਜਮਹੂਰੀ ਜਥੇਬੰਦੀਆਂ ਅਖੌਤੀ ਇਨਕਲਾਬੀਆਂ ਨੂੰ ਪਛਾਣਦੇ ਹੋਏ ਆਪਣੇ ਮੱਤਭੇਦ ਭੁਲਾ ਕੇ ਇੱਕ ਮੰਚ 'ਤੇ ਇਕੱਠੇ ਹੋਣ ਅਤੇ ਹੱਕ, ਸੱਚ ਅਤੇ ਇਨਸਾਫ ਲਈ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ।

ਭਗਤ ਸਿੰਘ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਉਨ੍ਹਾਂ ਦੇ ਆਦਰਸ਼ਾਂ ਨੂੰ ਅਮਲ ਵਿੱਚ ਲਿਆ ਕੇ ਇੱਕ ਬਰਾਬਰੀ ਅਤੇ ਨਿਆਂ 'ਤੇ ਆਧਾਰਿਤ ਸਮਾਜ ਦੀ ਸਥਾਪਨਾ ਕਰ ਸਕੀਏ। ਇਸ ਸਮਾਗਮ ਵਿਚ ਵਿਸ਼ੇਸ਼ ਤੌਰ ਤੇ ਮੈਡਮ ਰਜਿੰਦਰ ਕੌਰ, ਪੁਸ਼ਪਾ ਦੇਵੀ, ਸੁਖਵਿੰਦਰ ਕੌਰ, ਹਰਦੇਵ ਕੌਰ, ਹਰਬੰਸ ਕੌਰ, ਪੋਸਟ ਮਾਸਟਰ ਮੈਡਮ ਰੀਤੂ ਬਾਲਾ, ਡਾਕਟਰ ਓ .ਪੀ .ਸਿੰਘ ,ਗੁਰਮੇਲ ਸਿੰਘ ਸੰਘਾ, ਬ੍ਰਹਮਜੋਤ ਸਿੰਘ ਯੂਕੇ, ਇੰਸਪੈਕਟਰ ਅੰਮ੍ਰਿਤਪਾਲ ਸਿੰਘ ਸੰਘਾ ਜਸਵਿੰਦਰ ਸਿੰਘ ਸੰਘਾ, ਰਜਿੰਦਰ ਕੁਮਾਰ ਧਨੀ, ਜਗਜੀਤ ਸਿੰਘ ਸੰਘਾ, ਸੈਕਟਰੀ ਰੇਸ਼ਮ ਸਿੰਘ,ਹਰਭਜਨ ਸਿੰਘ ਸੰਘਾ, ਮਿਸਟਰ ਯੋਗਰਾਜ,ਬਬਲੂ ਲੰਗੇਰੀ ਆਦਿ ਨੇ ਸ਼ਿਰਕਤ ਕੀਤੀ।

# ਰਾਸ਼ਟਰੀ ਸਵੈ-ਇੱਛੁਕ ਖ਼ੂਨਦਾਨ ਦਿਵਸ ਮੌਕੇ ਸਿੱਧੂ ਜੋੜੇ ਵੱਲੋਂ 37ਵੀਂ ਵਾਰ ਇਕੱਠਿਆਂ ਖ਼ੂਨਦਾਨ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**



ਰਾਸ਼ਟਰੀ ਸਵੈ-ਇੱਛੁਕ ਖ਼ੂਨਦਾਨ ਦਿਵਸ ਜੋ , ਮੌਕੇ ਸਟਾਰ ਕੱਪਲ ਬਲੱਡ ਡੋਨਰ ਦੇ ਨਾਮ ਨਾਲ ਜਾਣੇ ਜਾਂਦੇ ਕੱਪਲ ਬਲੱਡ ਡੋਨਰ ਬਹਾਦਰ ਸਿੰਘ ਸਿੱਧੂ ਅਤੇ ਜਤਿੰਦਰ ਕੌਰ ਸਿੱਧੂ ਨੇ ਅੱਜ ਬਲੱਡ ਬੈਂਕ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਪਹੁੰਚ ਕੇ ਇਕੱਠਿਆਂ 37ਵੀਂ ਵਾਰ ਖ਼ੂਨਦਾਨ ਕੀਤਾ।

ਨਿੱਜੀ ਤੌਰ ਤੇ ਬਹਾਦਰ ਸਿੰਘ ਸਿੱਧੂ ਨੇ 72ਵੀਂ ਵਾਰ ਅਤੇ ਜਤਿੰਦਰ ਕੌਰ ਸਿੱਧੂ ਨੇ ਨਿੱਜੀ ਤੌਰ ਤੇ 37ਵੀਂ ਵਾਰ ਖ਼ੂਨ-ਦਾਨ ਕੀਤਾ। ਜਿਕਰਯੋਗ ਹੈ ਕਿ ਦੋਵੇਂ ਪਤੀ-ਪਤਨੀ ਬਹੁਤ ਸਾਰੀਆਂ ਸਮਾਜਿਕ ਸੰਸਥਾਵਾਂ ਨਾਲ ਜੁੜੇ ਹੋਏ ਹਨ ਅਤੇ ਲਗਾਤਾਰ ਸਮਾਜ ਭਲਾਈ ਕਾਰਜਾਂ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ। ਇਸ ਮੌਕੇ ਡਾ ਨੇਹਾ ਪਾਲ ਸੀਨੀਅਰ ਮੈਡੀਕਲ ਅਫਸਰ ਸਿਵਲ ਹਸਪਾਤਲ ਹੁਸ਼ਿਆਰਪੁਰ ਨੇ ਸਿੱਧੂ ਜੋੜੇ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਨੌਜਵਾਨ ਵਰਗ ਨੂੰ ਵੀ ਸਿੱਧੂ ਜੋੜੇ ਤੋਂ ਪ੍ਰੇਰਣਾ ਲੈਂਦੇ ਹੋਏ ਸਮਾਜ ਭਲਾਈ ਦੇ ਕਾਰਜਾਂ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਖ਼ੂਨਦਾਨ ਮੁਹਿੰਮ ਨੂੰ ਆਪਣੀ ਜਿੰਦਗੀ ਦਾ ਅਹਿਮ ਹਿੱਸਾ ਬਣਾਉਣਾ ਚਾਹੀਦਾ ਹੈ। ਇਸ ਮੌਕੇ ਡਾ ਗੁਰਿਕਾ ਇੰਚਾਰਜ ਬਲੱਡ ਬੈਂਕ ਸਿਵਲ ਹਸਪਤਾਲ ਹੁਸ਼ਿਆਰਪੁਰ, ਲੈਬ ਟੈਕਨੀਸ਼ੀਅਨ ਸੰਦੀਪ ਸਿੰਘ ਮੈਡਮ ਕਮਲ, ਮੈਡਮ ਹਰਜੀਤ ਰਾਣੀ ਅਤੇ ਬਲਕੀਰਤ ਕੌਰ ਸਿੱਧੂ ਵੀ ਹਾਜਰ ਸਨ।

# ਵਿੱਦਿਆ ਮੰਦਿਰ ਸਕੂਲ ਦੀਆਂ ਵਾਲੀਬਾਲ ਖਿਡਾਰਨਾਂ ਨੇ ਜ਼ਿਲ੍ਹਾ ਪੱਧਰ 'ਤੇ ਮਾਰੀਆਂ ਮੱਲਾਂ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**




ਆਊਟਡੋਰ ਸਟੇਡੀਅਮ, ਹੁਸ਼ਿਆਰਪੁਰ ਵਿਖੇ 1 ਅਕਤੂਬਰ 2026 ਤੋਂ 3 ਅਕਤੂਬਰ 2026 ਤੱਕ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਜ਼ਿਲ੍ਹਾ ਪੱਧਰ ਦੀਆਂ ਖੇਡਾਂ ਕਰਵਾਈਆਂ ਗਈਆਂ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵਿੱਦਿਆ ਮੰਦਿਰ

- **ਅੰਡਰ-21 ਅਤੇ ਅੰਡਰ-14 ਵਿੱਚ ਜਿੱਤੇ ਸੋਨ ਤਮਗੇ, ਅੰਡਰ-17 ਵਿੱਚ ਹਾਸਲ ਕੀਤਾ ਦੂਜਾ ਸਥਾਨ**

ਸੀਨੀਅਰ ਸੈਕੰਡਰੀ ਮਾਡਲ ਸਕੂਲ, ਸ਼ਿਮਲਾ ਪਹਾੜੀ, ਹੁਸ਼ਿਆਰਪੁਰ ਦੀਆਂ ਵਾਲੀਬਾਲ ਖਿਡਾਰਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।

ਸਕੂਲ ਦੀਆਂ ਵਾਲੀਬਾਲ ਟੀਮਾਂ ਨੇ ਅੰਡਰ-21 ਅਤੇ ਅੰਡਰ-14 ਵਰਗ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸੋਨੇ ਦੇ ਤਮਗੇ ਆਪਣੇ ਨਾਮ ਕੀਤੇ, ਜਦਕਿ ਅੰਡਰ-17 ਵਰਗ ਦੀਆਂ ਖਿਡਾਰਨਾਂ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਹੋਰ ਵਾਧਾ ਕੀਤਾ।

ਇਨ੍ਹਾਂ ਮੁਕਾਬਲਿਆਂ ਦੌਰਾਨ ਟੀਮ ਦੀ ਕਪਤਾਨ ਮੀਨਾਕਸ਼ੀ ਸਮੇਤ ਲਵਪ੍ਰੀਤ ਅਤੇ ਯਕਸ਼ਿਤਾ ਨੇ ਬੇਹਤਰੀਨ ਖੇਡ ਦਾ ਪ੍ਰਦਰਸ਼ਨ ਕਰਦਿਆਂ ਟੀਮ ਨੂੰ ਸ਼ਾਨਦਾਰ ਜਿੱਤ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ।

ਸਕੂਲ ਦੇ ਪ੍ਰਧਾਨ ਅਨੁਰਾਗ ਸੂਦ, ਸਕੱਤਰ ਡਾ. ਹਰਸ਼ਵਿੰਦਰ ਸਿੰਘ ਪਠਾਨੀਆ, ਪ੍ਰਿੰਸੀਪਲ ਸ਼ੋਭਾ ਰਾਣੀ, ਅਤੇ ਮਨੀਸ਼ਾ ਜੋਸ਼ੀ ਤੇ ਮੋਨਿਕਾ ਨੇ ਖਿਡਾਰਨਾਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਕੋਚ ਮਲਕੀਅਤ ਕੁਮਾਰ, ਆਰ. ਸੀ. ਮਹਿਤਾ ਅਤੇ ਗੁਰਪ੍ਰੀਤ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਅਸ਼ੀਰਵਾਦ ਦਿੱਤਾ। ਉਨ੍ਹਾਂ ਨੇ ਖਿਡਾਰਨਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਅਤੇ ਲਗਨ ਨਾਲ ਖੇਡਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਦੀਆਂ 22 ਖਿਡਾਰਨਾਂ ਸੂਬਾ ਪੱਧਰ 'ਤੇ ਹੋਣ ਵਾਲੇ ਟੂਰਨਾਮੈਂਟ ਵਿੱਚ ਭਾਗ ਲੈਣਗੀਆਂ, ਜੋ ਸਕੂਲ ਲਈ ਮਾਣ ਵਾਲੀ ਗੱਲ ਹੈ।

ਇਸ ਮੌਕੇ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਪਿੱਛੇ ਸ. ਹਰਜੀਤ ਸਿੰਘ ਗਿੱਲ ਅਤੇ ਸ. ਕੁਲਦੀਪ ਸਿੰਘ ਦਾ ਵੀ ਵਿਸ਼ੇਸ਼ ਸਹਿਯੋਗ ਰਿਹਾ ਹੈ। ਉਨ੍ਹਾਂ ਵੱਲੋਂ ਖਿਡਾਰਨਾਂ ਨੂੰ ਆਰਥਿਕ ਸਹਾਇਤਾ ਵੀ ਪ੍ਰਦਾਨ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਖਿਡਾਰਨਾਂ ਨੂੰ ਇਸੇ ਤਰ੍ਹਾਂ ਸਹਿਯੋਗ ਮਿਲਦਾ ਰਹੇਗਾ। ਇਸ ਤੋਂ ਇਲਾਵਾ ਸ. ਚੰਚਲ ਸਿੰਘ, ਰਿਟਾਇਰਡ ਕਮਾਂਡੈਂਟ, BSF, ਅਤੇ ਅੰਤਰਰਾਸ਼ਟਰੀ ਖਿਡਾਰੀ ਅਤੇ ਏਅਰਫੋਰਸ ਦੇ ਰਿਟਾਇਰਡ ਕੋਚ ਅਸ਼ਵਨੀ ਸ਼ਰਮਾ ਦਾ ਵੀ ਇਨ੍ਹਾਂ ਪ੍ਰਾਪਤੀਆਂ ਵਿੱਚ ਮਹੱਤਵਪੂਰਨ ਯੋਗਦਾਨ ਰਿਹਾ ਹੈ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਵਿਦਿਆ ਮੰਦਿਰ ਸੀਨੀਅਰ ਸੈਕੰਡਰੀ ਮਾਡਲ ਸਕੂਲ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਉੱਚ ਪੱਧਰ 'ਤੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸਕੂਲ ਦੀਆਂ ਖਿਡਾਰਨਾਂ ਆਉਣ ਵਾਲੇ ਸੂਬਾ ਪੱਧਰੀ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨਗੀਆਂ। ਪੰਜਾਬ ਸਕੂਲ ਰਾਜ ਪੱਧਰੀ ਖੇਡਾਂ ਵਿਚ ਵੀ ਇਸ ਸਕੂਲ ਦੀ ਵਾਲੀਬਾਲ ਦੀਆਂ 24 ਖਿਡਾਰਨਾਂ ਭਾਗ ਲੈਣਗੀਆਂ, ਜੋ ਸਕੂਲ ਲਈ ਮਾਣ ਵਾਲੀ ਗੱਲ ਹੈ।

# ਲੈਮਰਿਨ ਯੂਨੀਵਰਸਿਟੀ ਵਿਖ਼ੇ ਸਨੈਪ ਅਤੇ ਸਪ੍ਰਿੰਟ ਫਲੈਗ ਬਾਊਲ ਇੰਟਰ ਕਲੱਬ ਫਲੈਗ ਫੁੱਟਬਾਲ ਚੈਂਪੀਅਨਸ਼ਿਪ 2026 ਆਰੰਭ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**



ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਵਿਖ਼ੇ 4 ਦਿਨਾਂ ਸਨੈਪ ਅਤੇ ਸਪ੍ਰਿੰਟ ਫਲੈਗ ਬਾਊਲ ਇੰਟਰ ਕਲੱਬ ਫਲੈਗ ਫੁੱਟਬਾਲ ਚੈਂਪੀਅਨਸ਼ਿਪ 2026 ਦੀ ਮੇਜ਼ਬਾਨੀ ਕਰ ਰਹੀ ਹੈ। ਇਸ ਚੈਂਪੀਅਨਸ਼ਿਪ ਨੇ ਭਾਰਤ ਭਰ ਦੇ ਵੱਖ-ਵੱਖ ਰਾਜਾਂ ਤੋਂ 34 ਟੀਮਾਂ ਨੂੰ ਇਕੱਠਾ ਕੀਤਾ ਹੈ ਜਿਸ ਵਿੱਚ ਪੁਰਸ਼ ਵਰਗ ਵਿੱਚ 20 ਟੀਮਾਂ ਅਤੇ ਮਹਿਲਾ ਵਰਗ ਵਿੱਚ 14 ਟੀਮਾਂ ਸ਼ਾਮਲ ਹਨ। ਇਹ ਚੈਂਪੀਅਨਸ਼ਿਪ ਐਨ ਐਸ ਰਿਆਤ, ਚਾਂਸਲਰ, ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਦੀ ਅਗਵਾਈ ਹੇਠ ਪ੍ਰੋ. (ਡਾ.) ਮਹੇਸ਼ ਜੇਤਲੀ, ਡੀਨ, ਸਰੀਰਕ ਸਿੱਖਿਆ ਅਤੇ ਡਾਇਰੈਕਟਰ, ਯੂਨੀਵਰਸਿਟੀ ਸਪੋਰਟਸ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਜਾ ਰਹੀ ਹੈ। ਚੈਂਪੀਅਨਸ਼ਿਪ ਦਾ ਉਦਘਾਟਨ ਮੁੱਖ ਮਹਿਮਾਨ ਪ੍ਰੋ. ਬੀ. ਐਸ. ਸਤਿਆਲ, ਪ੍ਰੋ ਵਾਈਸ ਚਾਂਸਲਰ, ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਦੁਆਰਾ ਕੀਤਾ ਗਿਆ। ਉਦਘਾਟਨ ਸਮਾਰੋਹ ਵਿੱਚ ਕਈ ਵਿਸ਼ੇਸ਼ ਮਹਿਮਾਨਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਸ਼੍ਰੀ ਵਿਨਾਇਕ ਗੁਪਤਾ, ਸੀ ਏ , ਮੋਹਾਲੀ-ਚੰਡੀਗੜ੍ਹ, ਸ਼੍ਰੀ ਵਿਮਲ ਮਨਹੋਤਰਾ, ਸੀ ਈ ਓ , ਡਾ. ਆਸ਼ੂਤੋਸ਼ ਸ਼ਰਮਾ, ਡੀਨ, ਅਤੇ ਸ਼੍ਰੀ ਦੀਪੇਸ਼ ਸੋਲੰਕੀ, ਸੀਈਓ, ਏਐਫਐਫਆਈ, ਜੋ ਮਹਿਮਾਨਾਂ ਵਜੋਂ ਮੌਜੂਦ ਸਨ।

ਇਸ ਸਮਾਗਮ ਵਿੱਚ ਸ਼੍ਰੀ ਲੋਕੇਂਦਰ ਸਿੰਘ, ਸਕੱਤਰ ਏ ਐਫ ਐਫ ਆਈ; ਸ਼੍ਰੀ ਬਲਪ੍ਰੀਤ ਸਿੰਘ, ਸਕੱਤਰ ਅਮੈਰੀਕਨ ਫੁੱਟਬਾਲ ਐਸੋਸੀਏਸ਼ਨ, ਚੰਡੀਗੜ੍ਹ; ਸ਼੍ਰੀ ਸੁਖਜਿੰਦਰ ਸਿੰਘ, ਮੈਂਬਰ, ਏਐਫਐਫਆਈ; ਅਤੇ ਸ਼੍ਰੀ ਹਿਮਾਂਸ਼ੂ, ਤਕਨੀਕੀ ਨਿਰਦੇਸ਼ਕ, ਏਐਫਐਫਆਈ ਨੇ ਵੀ ਸ਼ਿਰਕਤ ਕੀਤੀ। ਪ੍ਰੋ. ਬੀ. ਐਸ. ਸਤਿਆਲ ਪ੍ਰੋ ਵਾਈਸ ਚਾਂਸਲਰ ਨੇ ਸਾਰੇ ਖਿਡਾਰੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਾਰੇ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ।

# ਡਿਪਟੀ ਸਪੀਕਰ ਰੌੜੀ ਵੱਲੋਂ ਲੋਕ ਮਿਲਣੀ ਦੌਰਾਨ ਪਿੰਡ ਚਾਹਲਪੁਰ ਦੇ ਵਿਕਾਸ ਕਾਰਜਾਂ ਲਈ 29 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਦਿੱਤਾ

**ਪੈ.ਗਾਮ-ਏ-ਜਗਤ**
**ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)**



ਹਲਕਾ ਗੜ੍ਹਸ਼ੰਕਰ ਦੇ ਪਿੰਡ ਚਾਹਲਪੁਰ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਪਿੰਡ ਦੇ ਵਿਕਾਸ ਕਾਰਜਾਂ ਲਈ 29 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਦਿੱਤਾ । ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ। ਸਰਕਾਰ ਦਾ ਉਦੇਸ਼ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਜਾਰੀ ਕੀਤੀਆਂ ਜਾ ਰਹੀਆਂ ਗ੍ਰਾਂਟਾਂ ਨੂੰ ਲੋਕਾਂ ਦੀ ਲੋੜ ਅਨੁਸਾਰ ਵਰਤਿਆ ਜਾਵੇਗਾ।

ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਡਿਪਟੀ ਸਪੀਕਰ ਰੌੜੀ ਦੇ ਸਾਹਮਣੇ ਪਿੰਡ ਨਾਲ ਸਬੰਧਤ ਵੱਖ-ਵੱਖ ਮਸਲੇ ਵੀ ਰੱਖੇ। ਡਿਪਟੀ ਸਪੀਕਰ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਸਬੰਧਤ ਅਧਿਕਾਰੀਆਂ ਨੂੰ ਲੋੜ ਅਨੁਸਾਰ ਕਾਰਵਾਈ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੈ ਅਤੇ ਹਲਕੇ ਦੇ ਲੋਕਾਂ ਨਾਲ ਸਿੱਧਾ ਰਾਬਤਾ ਲਗਾਤਾਰ ਕਾਇਮ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਗੜ੍ਹਸ਼ੰਕਰ ਹਲਕੇ ਦੇ ਪਿੰਡਾਂ ਵਿੱਚ ਸੜਕਾਂ, ਪਾਣੀ, ਸਟਰੀਟ ਲਾਈਟਾਂ, ਸਿਹਤ, ਸਿੱਖਿਆ, ਖੇਡ ਮੈਦਾਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਪਿੰਡਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਪਿੰਡ ਵਾਸੀਆਂ ਵੱਲੋਂ 29 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਨ ਲਈ ਡਿਪਟੀ ਸਪੀਕਰ ਰੌੜੀ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਗ੍ਰਾਂਟ ਨਾਲ ਪਿੰਡ ਵਿੱਚ ਲੋੜੀਂਦੇ ਵਿਕਾਸ ਕਾਰਜ ਕਰਵਾਉਣ ਵਿੱਚ ਮਦਦ ਮਿਲੇਗੀ ਅਤੇ ਪਿੰਡ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਹੋਰ ਸੁਧਾਰ ਆਵੇਗਾ। ਇਸ ਮੌਕੇ ਪਿੰਡ ਦੇ ਪੰਚਾਇਤੀ ਨੁਮਾਇੰਦੇ, ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# 'ਮਾਨ ਦੇ ਮੁਨਾਫ਼ੇ' ਤਹਿਤ ਹਲਕਾ ਗੜ੍ਹਸ਼ੰਕਰ ਵਿੱਚ ਡੋਰ-ਟੂ-ਡੋਰ ਮੈਂਬਰਸ਼ਿਪ ਮੁਹਿੰਮ ਦੀ ਸ਼ੁਰੂਆਤ

**ਪੈ.ਗਾਮ-ਏ-ਜਗਤ/ਗੜ੍ਹਸ਼ੰਕਰ**
**3 ਅਕਤੂਬਰ (ਹਰੀ ਕ੍ਰਿਸ਼ਨ ਗੰਗੜ)**



ਆਮ ਆਦਮੀ ਪਾਰਟੀ ਵੱਲੋਂ ਪੰਜਾਬ ਭਰ ਵਿੱਚ ਚਲਾਏ ਜਾ ਰਹੇ 'ਮਾਨ ਦੇ ਮੁਨਾਫ਼ੇ' ਅਭਿਆਨ ਤਹਿਤ ਹਲਕਾ ਗੜ੍ਹਸ਼ੰਕਰ ਵਿੱਚ ਡੋਰ-ਟੂ-ਡੋਰ ਮੈਂਬਰਸ਼ਿਪ ਅਤੇ ਜਨ-ਸੰਪਰਕ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸੇ ਲੜੀ ਤਹਿਤ ਪਿੰਡ ਸੈਲਾ ਖੁਰਦ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਸੰਗਠਨ ਇੰਚਾਰਜ ਐਡਵੋਕੇਟ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ।

ਇਸ ਮੌਕੇ ਪਾਰਟੀ ਦੇ ਬਲਾਕ ਪ੍ਰਧਾਨਾਂ, ਪਿੰਡ ਪ੍ਰਧਾਨਾਂ ਅਤੇ ਵੱਖ-ਵੱਖ ਵਿੰਗਾਂ ਦੇ ਇੰਚਾਰਜਾਂ ਨੇ ਵੀ ਆਪਣੇ-ਆਪਣੇ ਖੇਤਰਾਂ ਵਿੱਚ ਮੁਹਿੰਮ ਨੂੰ ਅੱਗੇ ਵਧਾਉਣ ਲਈ ਜ਼ਿੰਮੇਵਾਰੀਆਂ ਸੰਭਾਲੀਆਂ। ਪਾਰਟੀ ਵਰਕਰਾਂ ਵੱਲੋਂ ਲੋਕਾਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੀ ਵਿਚਾਰਧਾਰਾ, ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਅਤੇ ਲੋਕ-ਭਲਾਈ ਨਾਲ ਸਬੰਧਤ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ।

ਐਡਵੋਕੇਟ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਮਜ਼ਬੂਤੀ ਦਾ ਆਧਾਰ ਉਸ ਦੇ ਜ਼ਮੀਨੀ ਪੱਧਰ ਦੇ ਵਰਕਰ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਹੁੰਦਾ ਹੈ। ਉਨ੍ਹਾਂ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਗੱਲਾਂ, ਸੁਝਾਵਾਂ ਅਤੇ ਸਮੱਸਿਆਵਾਂ ਨੂੰ ਸੁਣਨਾ ਅਤੇ ਪਾਰਟੀ ਨਾਲ ਉਨ੍ਹਾਂ ਦਾ ਸਿੱਧਾ ਸੰਵਾਦ ਕਾਇਮ ਕਰਨਾ ਹੈ।

ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਵਿੱਚ ਮੈਂਬਰਸ਼ਿਪ ਮੁਹਿੰਮ ਨੂੰ ਪਿੰਡ-ਪਿੰਡ ਅਤੇ ਘਰ-ਘਰ ਤੱਕ ਲਿਜਾਇਆ ਜਾਵੇਗਾ। ਇਸ ਲਈ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਉਨ੍ਹਾਂ ਸਮੂਹ ਪਾਰਟੀ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਇਕਜੁੱਟਤਾ ਨਾਲ ਮਿਹਨਤ ਕਰਦਿਆਂ ਮੁਹਿੰਮ ਨੂੰ ਲੋਕਾਂ ਤੱਕ ਵੱਧ ਤੋਂ ਵੱਧ ਪਹੁੰਚਾਉਣ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਜਾਵੇਗਾ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਮੈਂਬਰਸ਼ਿਪ ਮੁਹਿੰਮ ਨਾਲ ਜੋੜਿਆ ਜਾਵੇਗਾ। ਇਸ ਮੌਕੇ ਕਮਲਜੀਤ ਸਿੰਘ ਜੱਸੋਵਾਲ, ਹਰੀ ਕ੍ਰਿਸ਼ਨ, ਪ੍ਰਵੀਨ ਸੇਖੋਵਾਲ, ਡਾ. ਦਲਜੀਤ ਸਿੰਘ ਸਰਪੰਚ, ਹਰਕਮਲ ਸਿੰਘ, ਮਿੰਟੂ ਸੈਲਾ, ਜਸਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਲੰਟੀਅਰ ਅਤੇ ਵਰਕਰ ਹਾਜ਼ਰ ਸਨ।

# ਪਿੰਡ ਆਕਲਿਆਣਾ ਵਿਖੇ ਕਰਵਾਇਆ ਗਿਆ ਚੌਥਾ ਵਿਸ਼ੇਸ਼ ਗੁਰਮਤਿ ਸਮਾਗਮ

**ਪੈ.ਗਾਮ-ਏ-ਜਗਤ**
**ਨਵਾਂਸ਼ਹਿਰ (ਦੇਸ ਰਾਜ ਬਾਲੀ)**





ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਜਿਲਾ ਭਰ ਵਿੱਚ ਆਰੰਭ ਕੀਤੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਦੇ ਚੌਥੇ ਸਮਾਗਮ ਗੁਰਦੁਆਰਾ ਧੰਨ-ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਵਿਖੇ ਬੜੀ ਸ਼ਰਧਾ ਭਾਵਨਾ ਅਤੇ ਚੜਦੀ ਕਲਾ ਨਾਲ ਕਰਵਾਏ ਗਏ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

- **ਇਲਾਕੇ ਭਰ ਦੀਆਂ ਸੰਗਤਾਂ ਨੇ ਹੁੰਮ ਹੁੰਮਾ ਕੇ ਭਰੀ ਹਾਜ਼ਰੀ**

ਸਜਾਏ ਗਏ ਬਹੁਤ ਹੀ ਸੁੰਦਰ ਅਤੇ ਮਨਮੋਹਕ ਪੰਡਾਲ ਵਿੱਚ ਸਮਾਗਮ ਦੀ ਆਰੰਭਤਾ ਸੋਦਰੁ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ। ਪਾਠ ਦੇ ਭੋਗ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਹਜ਼ੂਰੀ ਰਾਗੀ ਜਥੇ ਭਾਈ ਨਿਰਭੈ ਸਿੰਘ ਵੱਲੋਂ ਅੰਮ੍ਰਿਤ ਮਈ ਗੁਰਬਾਣੀ ਦੇ ਨਿਰੋਲ ਕੀਰਤ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਹਨਾਂ ਵੱਲੋਂ ਗਾਇਨ ਕੀਤੇ ਗਏ ਸ਼ਬਦਾਂ ਦਾ ਸੰਗਤਾਂ ਨੇ ਨਾਲ ਨਾਲ ਉਚਾਰਨ ਕਰਕੇ ਕੀਰਤਨ ਦਾ ਖੂਬ ਆਨੰਦ ਮਾਣਿਆ। ਉਪਰੰਤ ਬਾਬਾ ਦੀਪ ਸਿੰਘ ਜੀ ਸ਼ਹੀਦ ਗੁਰਦੁਆਰਾ ਸਾਹਿਬ ਸ੍ਰੀ ਅੰਮ੍ਰਿਤਸਰ ਜੀ ਜੀ ਦੇ ਹੈੱਡ ਗ੍ਰੰਥੀ ਗਿਆਨੀ ਸੁਰਜੀਤ ਸਿੰਘ ਸਭਰਾ ਨੇ ਧੰਨ ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਗੱਦੀ ਪੁਰਬ ਅਤੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਸੁਲਤਾਨਪੁਰ ਲੋਧੀ ਵਿਖੇ ਬਤਾਏ ਗਏ 14 ਸਾਲ ਦੇ ਜੀਵਨ ਸਫਰ ਦੇ ਇਤਿਹਾਸ ਬਾਰੇ ਸੰਗਤਾਂ ਨਾਲ ਵਿਸਥਾਰ ਪੂਰਵਕ ਸਾਂਝ ਪਾਈ। ਸਮਾਗਮ ਦੀ ਸਮਾਪਤੀ ਤੋਂ ਪਹਿਲਾਂ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਦੇ ਮੁਖ ਸੇਵਾਦਾਰ ਸੁਰਜੀਤ ਸਿੰਘ ਨੇ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਨਾਲ ਸੰਬੰਧਿਤ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ ਜੋ ਕਿ ਪਿਛਲੇ ਲਗਾਤਾਰ ਸੱਤ ਸਾਲ ਤੋਂ ਨਵਾਂ ਸ਼ਹਿਰ ਵਿਖੇ ਕਰਵਾਏ ਜਾਂਦੇ ਮਹਾਨ ਕੀਰਤਨ ਦਰਬਾਰ ਦੌਰਾਨ ਬਰਤਨਾਂ ਦੀ ਸਾਫ ਸਫਾਈ ਦੀ ਨਿਰੰਤਰ ਸੇਵਾ ਸੰਭਾਲ ਰਹੀਆਂ ਹਨ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ 14, 15 ਅਤੇ 16 ਨਵੰਬਰ ਨੂੰ ਨਵਾਂਸ਼ਹਿਰ ਵਿਖੇ ਹੋਣ ਵਾਲੇ ਕੀਰਤਨ ਦਰਬਾਰ ਦੌਰਾਨ ਵੀ ਵੱਧ ਚੜ ਕੇ ਹਾਜਰੀਆਂ ਭਰਨ ਅਤੇ ਆਪਣੀ ਸੇਵਾ ਦੀ ਮਰਿਆਦਾ ਨੂੰ ਜਾਰੀ ਰੱਖਣ। ਸਮਾਗਮ ਦੌਰਾਨ ਮੰਚ ਸੰਚਾਲਨ ਦੀ ਸੇਵਾ ਭਾਈ ਤਰਲੋਚਨ ਸਿੰਘ ਖਟਕੜ ਕਲਾਂ ਵੱਲੋਂ ਨਿਭਾਈ ਗਈ। ਅੱਜ ਦੇ ਗੁਰਮਤਿ ਸਮਾਗਮ ਦੀ ਸਮਾਪਤੀ ਸਮੇਂ ਭਾਈ ਹਰਨੇਕ ਸਿੰਘ ਜੀ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੁਸਾਇਟੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਗਤਾਂ ਵਿਚ ਹਰਪਾਲ ਸਿੰਘ, ਹਰਜਿੰਦਰ ਸਿੰਘ, ਜਗਨ ਨਾਥ ਸਿੰਘ, ਤਰਲੋਕ ਸਿੰਘ, ਸਰਬਜੀਤ ਸਿੰਘ, ਸਤੀਸ਼ ਸਿੰਘ, ਪਲਵਿੰਦਰ ਸਿੰਘ, ਪ੍ਰਦੀਪ ਸਿੰਘ ਤੋਂ ਇਲਾਵਾ ਸੁਸਾਇਟੀ ਵਲੋਂ ਉੱਤਮ ਸਿੰਘ ਸੇਠੀ, ਦੀਦਾਰ ਸਿੰਘ ਗਹੂੰਣ, ਜਗਦੀਪ ਸਿੰਘ, ਤਰਲੋਚਨ ਸਿੰਘ ਖਟਕੜ ਕਲਾਂ, ਇੰਦਰਜੀਤ ਸਿੰਘ ਬਾਹੜਾ, ਪਰਮਿੰਦਰ ਸਿੰਘ ਕੰਵਲ, ਜਸਵਿੰਦਰ ਸਿੰਘ ਸੈਣੀ,ਬਾਬਾ ਗਿਆਨ ਸਿੰਘ, ਜਗਜੀਤ ਸਿੰਘ ਬਾਟਾ, ਪਲਵਿੰਦਰ ਸਿੰਘ ਕਰਿਆਮ, ਡਾ: ਭਗਵਾਨ ਸਿੰਘ, ਬਖਸੀਸ਼ ਸਿੰਘ ਸੈਣੀ, ਕੁਲਜੀਤ ਸਿੰਘ ਖਾਲਸਾ, ਪਰਮਜੀਤ ਸਿੰਘ ਮੂਸਾਪੁਰ, ਰਾਮਪਾਲ ਰਾਏ, ਗੁਰਪਾਲ ਸਿੰਘ, ਦਲਜੀਤ ਸਿੰਘ ਬਡਵਾਲ ਅਤੇ ਸੁਰਿੰਦਰ ਸਿੰਘ ਵੀ ਸ਼ਾਮਲ ਸਨ।

# ਬਾਬਾ ਬੰਦਾ ਬਹਾਦਰ ਪਬਲਿਕ ਸਕੂਲ, ਹਾਂਸੀ ਵਿੱਚ ਬਾਬਾ ਜਤਿੰਦਰ ਪਾਲ ਸਿੰਘ ਸੋਢੀ ਦੇ ਜਨਮ ਦਿਨ 'ਤੇ 'ਖੇਡ ਦਿਵਸ-ਜੋਸ਼' ਦਾ ਸ਼ਾਨਦਾਰ ਆਯੋਜਨ

**ਪੈ.ਗਾਮ-ਏ-ਜਗਤ/ਹਾਂਸੀ**
**03 ਅਕਤੂਬਰ (ਦਿਨਕਰ ਗਾਵੜੀ)**



ਬਾਬਾ ਬੰਦਾ ਬਹਾਦਰ ਪਬਲਿਕ ਸਕੂਲ, ਹਾਂਸੀ ਵਿੱਚ ਬਾਬਾ ਜਤਿੰਦਰ ਪਾਲ ਸਿੰਘ ਸੋਢੀ ਦੇ ਜਨਮ ਦਿਨ ਮੌਕੇ ਮਹੀਨੇ ਭਰ ਚੱਲਣ ਵਾਲੇ 'ਜੋਸ਼ - ਦ ਸਪਿਰਿਟ ਆਫ ਸਪੋਰਟਸ' ਦੀ ਸ਼ੁਰੂਆਤ ਕੀਤੀ ਗਈ। ਇਹ ਖੇਡ ਉਤਸਵ ਬਾਬਾ ਜਤਿੰਦਰ ਪਾਲ ਸਿੰਘ ਸੋਢੀ ਦੇ ਹੌਸਲੇ, ਨਿਆਂ, ਬਰਾਬਰੀ ਅਤੇ ਮਨੁੱਖਤਾ ਦੀ ਸੇਵਾ ਵਰਗੀਆਂ ਅਮਰ ਕਦਰਾਂ-ਕੀਮਤਾਂ ਨੂੰ ਸਮਰਪਿਤ ਹੈ।

ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਖੇਡ ਮੈਦਾਨ ਵਿੱਚ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਹੋਈ। ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਰਿਲੇਅ ਦੌੜ, 100 ਮੀਟਰ ਦੌੜ, ਨਿੰਬੂ ਦੌੜ, ਬੋਰੀ ਦੌੜ, ਹੌਲੀ ਸਾਈਕਲਿੰਗ, ਡਿਸਪੋਜ਼ੇਬਲ ਗਲਾਸ ਹਟਾਉਣ, ਤਿੰਨ ਟੰਗਾਂ ਵਾਲੀ ਦੌੜ, ਮਟਕੀ ਦੌੜ, ਸ਼ਟਲ ਦੌੜ, ਧਾਗਾ ਅਤੇ ਸੂਈ ਦੌੜ, ਫਰੰਟ ਰੋਲ, ਡੌਜਬਾਲ ਅਤੇ ਖੋ-ਖੋ ਸਮੇਤ ਕਈ ਖੇਡ ਮੁਕਾਬਲੇ ਕਰਵਾਏ ਗਏ। ਵੰਦਨਾ, ਕਨਿਸ਼ਕ, ਹਰਸ਼ਿਤਾ, ਦਿਵਿਆਂਸ਼, ਰਾਘਵ, ਸ਼ਿਵ, ਯੁਵਰਾਜ, ਕਾਰਤਿਕ, ਭਵਿਆ, ਸ਼ੁਭਮ, ਪ੍ਰਿਆਂਸ਼, ਆਤਿਸ਼, ਪਾਵਨੀ, ਕ੍ਰਿਤਿਕਾ, ਗੌਰੀਸ਼ਾ, ਏਕਤਾ ਅਤੇ ਮਾਹੀ ਨੇ ਪਹਿਲਾ ਸਥਾਨ ਹਾਸਲ ਕੀਤਾ। ਡੌਜਬਾਲ ਮੁਕਾਬਲੇ ਵਿੱਚ ਕ੍ਰਿਸ਼ਨਾ ਸਦਨ ਦੇ ਵਿਦਿਆਰਥੀਆਂ ਆਰਵ, ਅਕਸ਼ਿਤ, ਸਿਧਾਂਤ, ਤੇਜਸ, ਭਾਵੇਸ਼ ਅਤੇ ਕੁਸ਼ਾਲ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਕਾਵੇਰੀ ਸਦਨ ਦੀਆਂ ਵਿਦਿਆਰਥਣਾਂ ਓਜਸਵੀ, ਆਰਿਆ, ਚੇਤਸੀ, ਅਕਸ਼ਿਤਾ, ਤਮੰਨਾ, ਯਸ਼ਵੀ ਅਤੇ ਨਵਿਆ ਨੇ ਪਹਿਲਾ ਸਥਾਨ ਹਾਸਲ ਕੀਤਾ। ਖੋ-ਖੋ ਵਿੱਚ ਕ੍ਰਿਸ਼ਨਾ ਸਦਨ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਹਾਸਲ ਕੀਤਾ।

ਇਸ ਸ਼ਾਨਦਾਰ ਆਯੋਜਨ ਨੂੰ ਸਫਲ ਬਣਾਉਣ ਦਾ ਪੂਰਾ ਸਿਹਰਾ ਸਕੂਲ ਦੇ ਸਰੀਰਕ ਸਿੱਖਿਆ ਵਿਭਾਗ ਦੇ ਅਧਿਆਪਕਾਂ ਅਤੇ ਹੋਰ ਸਾਰੇ ਅਧਿਆਪਕਾਂ ਦੀ ਸਮਰਪਿਤ ਮਿਹਨਤ ਅਤੇ ਮਾਰਗਦਰਸ਼ਨ ਨੂੰ ਜਾਂਦਾ ਹੈ, ਜਿਨ੍ਹਾਂ ਦੀ ਬਦੌਲਤ ਵਿਦਿਆਰਥੀਆਂ ਨੇ ਖੇਡ ਭਾਵਨਾ ਨਾਲ ਭਰਪੂਰ ਇਸ ਆਯੋਜਨ ਵਿੱਚ ਹਰ ਮੁਕਾਬਲੇ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ।

ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਲਵਲੀ ਚਾਵਲਾ, ਪ੍ਰਸ਼ਾਸਕ ਪ੍ਰਵੀਨ ਚੁੱਘ ਅਤੇ ਅਕਾਦਮਿਕ ਕੋਆਰਡੀਨੇਟਰ ਪਵਨ ਰਾਵਲ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ। ਪ੍ਰਿੰਸੀਪਲ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਵਿਕਾਸ ਹੀ ਨਹੀਂ ਕਰਦੀਆਂ, ਸਗੋਂ ਅਨੁਸ਼ਾਸਨ, ਟੀਮ ਭਾਵਨਾ ਅਤੇ ਮੁਸ਼ਕਲ ਹਾਲਾਤਾਂ ਵਿੱਚ ਧੀਰਜ ਬਣਾਈ ਰੱਖਣ ਦੀ ਸਿੱਖਿਆ ਵੀ ਦਿੰਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡ ਭਾਵਨਾ ਨਾਲ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਬਾਬਾ ਜੀ ਦੇ ਆਸ਼ੀਰਵਾਦ ਅਤੇ ਉਨ੍ਹਾਂ ਵੱਲੋਂ ਦਿਖਾਏ ਮਾਰਗ 'ਤੇ ਚੱਲ ਕੇ ਵਿਦਿਆਰਥੀ ਤੰਦਰੁਸਤ, ਮਜ਼ਬੂਤ ਅਤੇ ਰੌਸ਼ਨ ਭਵਿੱਖ ਵੱਲ ਅੱਗੇ ਵਧਣਗੇ।

ਪੂਰੇ ਆਯੋਜਨ ਦੌਰਾਨ ਵਿਦਿਆਰਥੀਆਂ ਵਿੱਚ ਅਦਭੁਤ ਜੋਸ਼, ਮੁਕਾਬਲੇ ਦੀ ਭਾਵਨਾ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ।

# ਮੋਹਾਲੀ ਦੇ ਲੋਕਾਂ ਵੱਲੋਂ ਮਿਲੇ ਮਾਣ-ਸਤਿਕਾਰ ਲਈ ਹਮੇਸ਼ਾ ਰਿਣੀ ਰਹਾਂਗੇ: ਕੁਲਵੰਤ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ,**
**3 ਅਕਤੂਬਰ (ਪੈ.ਗਾਮ-ਏ-ਜਗਤ)**

ਸੈਕਟਰ-70 ਵਿਖੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਮੋਹਾਲੀ ਨਗਰ ਨਿਗਮ ਦੇ ਮੇਅਰ ਸ. ਸਰਬਜੀਤ ਸਿੰਘ ਸਮਾਣਾ ਦੇ ਸਨਮਾਨ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵਿਧਾਇਕ ਸ. ਕੁਲਵੰਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਸੁਸਾਇਟੀ ਵੱਲੋਂ ਕੀਤੇ ਸਨਮਾਨ ਲਈ ਧੰਨਵਾਦ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਬਾਹਰੋਂ ਮਿਲਣ ਵਾਲੇ ਸਨਮਾਨ ਆਪਣੀ ਥਾਂ 'ਤੇ ਹਨ, ਪਰ ਆਪਣੇ ਭਾਈਚਾਰੇ ਅਤੇ ਆਪਣੇ ਇਲਾਕੇ ਦੇ ਲੋਕਾਂ ਵੱਲੋਂ ਮਿਲਣ ਵਾਲੇ ਮਾਣ-ਸਤਿਕਾਰ ਦੀ ਕੋਈ ਕੀਮਤ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਇਸ ਮਾਣ-ਸਤਿਕਾਰ ਲਈ ਉਨ੍ਹਾਂ ਦਾ ਪਰਿਵਾਰ ਸੈਕਟਰ-70 ਦੇ ਵਸਨੀਕਾਂ ਦਾ ਹਮੇਸ਼ਾ ਰਿਣੀ ਰਹੇਗਾ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੇਅਰ ਬਣਨ ਨਾਲ ਸ. ਸਰਬਜੀਤ ਸਿੰਘ ਸਮਾਣਾ ਦੀ ਜ਼ਿੰਮੇਵਾਰੀ ਹੋਰ ਵੀ ਵਧ ਗਈ ਹੈ ਅਤੇ ਹੁਣ ਉਨ੍ਹਾਂ ਨੂੰ ਪੂਰੇ ਮੋਹਾਲੀ ਨਗਰ ਨਿਗਮ ਦੇ ਖੇਤਰ ਦੇ ਸਰਬਪੱਖੀ ਵਿਕਾਸ ਲਈ ਵੀ ਆਪਣੀ ਭੂਮਿਕਾ ਨਿਭਾਉਣੀ ਹੈ। ਉਨ੍ਹਾਂ ਕਿਹਾ ਕਿ ਸ. ਸਰਬਜੀਤ ਸਿੰਘ ਸਮਾਣਾ ਵੱਲੋਂ ਛੋਟੀ ਉਮਰ ਵਿੱਚ ਲਗਾਤਾਰ ਤੀਜੀ ਵਾਰ ਕੌਂਸਲਰ ਚੁਣੇ ਜਾਣ ਅਤੇ ਮੋਹਾਲੀ ਨਗਰ ਨਿਗਮ ਦੇ ਮੇਅਰ ਬਣਨ 'ਤੇ ਉਨ੍ਹਾਂ ਦਾ ਪਰਿਵਾਰ ਮੋਹਾਲੀ ਹਲਕੇ ਦੇ ਲੋਕਾਂ ਦਾ ਹਮੇਸ਼ਾ ਧੰਨਵਾਦੀ ਰਹੇਗਾ। ਵਿਧਾਇਕ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਮੋਹਾਲੀ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਬਲੌਂਗੀ ਤੋਂ ਬਾਵਾ ਵਾਈਟ ਹਾਊਸ ਵੱਲ ਜਾਂਦੀ ਸੜਕ 'ਤੇ ਨਵੀਂ ਸੀਵਰੇਜ ਲਾਈਨ ਪਾਈ ਗਈ ਸੀ ਅਤੇ ਲਗਭਗ 26 ਕਰੋੜ ਰੁਪਏ ਦੀ ਲਾਗਤ ਨਾਲ ਇਸ ਕੰਮ ਨੂੰ ਮੁਕੰਮਲ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਜੇਕਰ ਇਹ ਸੀਵਰੇਜ ਲਾਈਨ ਬੰਦ ਹੋ ਜਾਂਦੀ ਤਾਂ ਮੋਹਾਲੀ ਵਿੱਚ ਪੈਦਾ ਹੋਣ ਵਾਲੀ ਸਥਿਤੀ ਦਾ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਮੋਹਾਲੀ ਵਿੱਚ ਮੌਜੂਦ ਹੋਰ ਅੰਡਰਗਰਾਊਂਡ ਪਾਈਪਲਾਈਨਾਂ ਦੀ ਵੀ ਆਧੁਨਿਕ ਤਕਨੀਕ ਰਾਹੀਂ ਜਾਂਚ ਕਰਵਾਈ ਜਾ ਰਹੀ ਹੈ ਅਤੇ ਜਿੱਥੇ ਵੀ ਪਾਈਪਲਾਈਨਾਂ ਨੂੰ ਬਦਲਣ ਦੀ ਲੋੜ ਪਾਈ ਜਾਂਦੀ ਹੈ, ਉੱਥੇ ਉਨ੍ਹਾਂ ਨੂੰ ਤੁਰੰਤ ਬਦਲਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਦੀਆਂ ਵੱਖ-ਵੱਖ ਯੋਜਨਾਵਾਂ ਨੂੰ ਲਾਗੂ ਕੀਤਾ ਗਿਆ ਹੈ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

# ਬਰਿੰਦਰ ਕੁਮਾਰ ਗੋਇਲ ਵੱਲੋਂ ਸਿੰਚਾਈ ਪ੍ਰੋਜੈਕਟਾਂ ਦੀ ਸਮੀਖਿਆ; ਬਕਾਇਆ ਕੰਮ ਪਹਿਲ ਦੇ ਆਧਾਰ 'ਤੇ ਪੂਰੇ ਕਰਨ ਦੇ ਨਿਰਦੇਸ਼

## ਨਹਿਰੀ ਮੋਘਿਆਂ ਅਤੇ ਸਿੰਚਾਈ ਸਹੂਲਤਾਂ ਨਾਲ ਸਬੰਧਤ ਮਸਲਿਆਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣ ਦੀ ਹਦਾਇਤ

**ਲਹਿਰਾਗਾਗਾ, 3 ਅਕਤੂਬਰ (ਪੈ.ਗਾਮ-ਏ-ਜਗਤ)**

ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਆਪਣੇ ਲਹਿਰਾਗਾਗਾ ਸਥਿਤ ਦਫ਼ਤਰ ਵਿਖੇ ਸਿੰਚਾਈ, ਕੈਨਾਲ ਅਤੇ ਬੀ.ਐੱਮ.ਐੱਲ. ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਹਲਕੇ ਵਿੱਚ ਨਹਿਰੀ ਮੋਘਿਆਂ ਸਮੇਤ ਵੱਖ-ਵੱਖ ਸਿੰਚਾਈ ਸਹੂਲਤਾਂ ਅਤੇ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਕਾਇਆ ਪ੍ਰੋਜੈਕਟਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਇਨ੍ਹਾਂ ਦਾ ਲਾਭ ਸਮੇਂ ਸਿਰ ਮਿਲ ਸਕੇ। ਮੀਟਿੰਗ ਦੌਰਾਨ ਸ੍ਰੀ ਗੋਇਲ ਨੇ ਚੱਲ ਰਹੇ ਅਤੇ ਬਕਾਇਆ ਸਿੰਚਾਈ ਪ੍ਰੋਜੈਕਟਾਂ ਦੀ ਮੌਜੂਦਾ ਸਥਿਤੀ ਬਾਰੇ ਅਧਿਕਾਰੀਆਂ ਤੋਂ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨਹਿਰੀ ਮੋਘਿਆਂ ਨਾਲ ਸਬੰਧਤ ਮਸਲਿਆਂ ਅਤੇ ਸਿੰਚਾਈ ਪ੍ਰਬੰਧਾਂ ਵਿੱਚ ਲੋੜੀਂਦੇ



ਸੁਧਾਰਾਂ ਬਾਰੇ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਕਿਸਾਨਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਕੰਮਾਂ ਨੂੰ ਤਰਜੀਹ ਦਿੱਤੀ ਜਾਵੇ। ਕੈਬਨਿਟ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਲਈ ਸੁਚੱਜੀਆਂ ਸਿੰਚਾਈ ਸਹੂਲਤਾਂ ਬੇਹੱਦ ਮਹੱਤਵਪੂਰਨ ਹਨ ਅਤੇ ਨਹਿਰੀ ਪਾਣੀ ਦੀ ਸੁਚਾਰੂ ਸਪਲਾਈ ਕਿਸਾਨਾਂ ਲਈ ਵੱਡੀ ਸਹੂਲਤ ਹੈ। ਉਨ੍ਹਾਂ ਕਿਹਾ ਕਿ ਸਿੰਚਾਈ ਨਾਲ ਸਬੰਧਤ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ ਨਾਲ ਖੇਤੀਬਾੜੀ ਦੇ ਕੰਮਾਂ ਵਿੱਚ ਆਉਂਦੀਆਂ ਮੁਸ਼ਕਲਾਂ ਘਟਾਉਣ ਅਤੇ ਮੌਜੂਦਾ ਸਹੂਲਤਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਦਦ ਮਿਲੇਗੀ।

ਗੋਇਲ ਨੇ ਅਧਿਕਾਰੀਆਂ ਨੂੰ ਕਿਹਾ ਕਿ ਬਕਾਇਆ ਕੰਮਾਂ ਨੂੰ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ। ਜੇਕਰ ਕਿਸੇ ਪ੍ਰੋਜੈਕਟ ਨੂੰ ਪੂਰਾ ਕਰਨ ਵਿੱਚ ਵਿਭਾਗੀ ਪੱਧਰ 'ਤੇ ਕੋਈ ਅੜਚਣ ਆ ਰਹੀ ਹੈ ਤਾਂ ਉਸ ਨੂੰ ਦੂਰ ਕਰਨ ਲਈ ਲੋੜੀਂਦੀ ਕਾਰਵਾਈ ਪਹਿਲ ਦੇ ਆਧਾਰ 'ਤੇ ਕੀਤੀ ਜਾਵੇ। ਉਨ੍ਹਾਂ ਕੰਮਾਂ ਦੀ ਨਿਯਮਤ ਨਿਗਰਾਨੀ ਕਰਨ ਅਤੇ ਉਨ੍ਹਾਂ ਦੀ ਪ੍ਰਗਤੀ ਦੀ ਸਮੀਖਿਆ ਕਰਦੇ ਰਹਿਣ 'ਤੇ ਵੀ ਜ਼ੋਰ ਦਿੱਤਾ।

ਉਨ੍ਹਾਂ ਕਿਹਾ ਕਿ ਨਹਿਰੀ ਮੋਘਿਆਂ ਅਤੇ ਹੋਰ ਸਿੰਚਾਈ ਸਹੂਲਤਾਂ ਨਾਲ ਸਬੰਧਤ ਕਿਸਾਨਾਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਉਨ੍ਹਾਂ ਦੇ ਹੱਲ ਲਈ ਸਮੇਂ ਸਿਰ ਕਾਰਵਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਜ਼ਮੀਨੀ ਪੱਧਰ ਦੀਆਂ ਲੋੜਾਂ ਅਨੁਸਾਰ ਕੰਮ ਕਰਨ ਲਈ ਕਿਹਾ, ਤਾਂ ਜੋ ਪ੍ਰੋਜੈਕਟਾਂ ਦਾ ਲਾਭ ਕਿਸਾਨਾਂ ਤੱਕ ਪਹੁੰਚ ਸਕੇ।

ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਹਲਕੇ ਵਿੱਚ ਸਿੰਚਾਈ ਸਹੂਲਤਾਂ ਨੂੰ ਮਜ਼ਬੂਤ ਕਰਨਾ ਅਤੇ ਬਕਾਇਆ ਪ੍ਰੋਜੈਕਟਾਂ ਨੂੰ ਮੁਕੰਮਲ ਕਰਵਾਉਣਾ ਉਨ੍ਹਾਂ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਦੀ ਪ੍ਰਗਤੀ ਦਾ ਲਗਾਤਾਰ ਜਾਇਜ਼ਾ ਲਿਆ ਜਾਵੇਗਾ, ਤਾਂ ਜੋ ਕਿਸਾਨਾਂ ਦੀਆਂ ਸਿੰਚਾਈ ਸਬੰਧੀ ਲੋੜਾਂ ਨੂੰ ਸੁਚੱਜੇ ਢੰਗ ਨਾਲ ਪੂਰਾ ਕੀਤਾ ਜਾ ਸਕੇ।

# ਫਸਟ ਏਡ ਅਤੇ ਆਫ਼ਤ ਪ੍ਰਬੰਧਨ ਦੀ ਸਿਖਲਾਈ ਕੀਮਤੀ ਜਾਨਾਂ ਬਚਾਉਣ ਵਿੱਚ ਮਦਦਗਾਰ: ਕਾਕਾ ਰਾਮ ਵਰਮਾ

**ਪਟਿਆਲਾ, 3 ਅਕਤੂਬਰ (ਪੈ.ਗਾਮ-ਏ-ਜਗਤ)**

ਕੀਮਤੀ ਜਾਨਾਂ ਬਚਾਉਣ ਲਈ ਮਦਦਗਾਰ ਫ਼ਰਿਸ਼ਤੇ ਵਜੋਂ ਸਿਖਿਅਤ ਹੋਣਾ ਇਨਸਾਨੀਅਤ ਦੀ ਸੇਵਾ ਹੈ। ਅਚਾਨਕ ਵਾਪਰਨ ਵਾਲੀਆਂ ਘਟਨਾਵਾਂ ਸਮੇਂ ਜ਼ਖ਼ਮੀਆਂ ਨੂੰ ਮੌਕੇ 'ਤੇ ਠੀਕ ਫਸਟ ਏਡ, ਸੀ.ਪੀ.ਆਰ., ਰਿਕਵਰੀ ਜਾਂ ਵੈਂਟੀਲੇਟਰ ਪੁਜ਼ੀਸ਼ਨ ਅਤੇ ਆਤਮ ਵਿਸ਼ਵਾਸ ਤੇ ਹੌਂਸਲੇ ਨਾਲ ਮਰਨ ਤੋਂ ਬਚਾਇਆ ਜਾ ਸਕਦਾ ਹੈ। ਇਸ ਲਈ ਹਰੇਕ ਵਿਦਿਆਰਥੀ, ਅਧਿਆਪਕ, ਨਾਗਰਿਕ, ਕਰਮਚਾਰੀ ਅਤੇ ਘਰੇਲੂ ਲੋਕਾਂ ਨੂੰ ਫਸਟ ਏਡ, ਸੀ.ਪੀ.ਆਰ., ਫਾਇਰ ਸੇਫਟੀ, ਅੱਗਾਂ, ਗੈਸਾਂ, ਬਿਜਲੀ ਅਤੇ ਪੈਟਰੋਲੀਅਮ ਦੁਰਘਟਨਾਵਾਂ ਸਮੇਂ ਬਚਣ ਅਤੇ ਪੀੜਤਾਂ ਨੂੰ ਬਚਾਉਣ ਦੀਆਂ ਟ੍ਰੇਨਿੰਗਾਂ ਲੈਣੀਆਂ ਚਾਹੀਦੀਆਂ ਹਨ। ਇਹ ਵਿਚਾਰ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਸ਼੍ਰੀ ਕਾਕਾ ਰਾਮ ਵਰਮਾ ਵੱਲੋਂ ਦਿਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੰਤਰਰਾਸ਼ਟਰੀ ਆਫ਼ਤ ਪ੍ਰਬੰਧਨ ਅਤੇ ਸਿਵਲ ਡਿਫੈਂਸ ਦਿਵਸ ਮੌਕੇ ਟ੍ਰੇਨਿੰਗ ਦਿੰਦੇ ਹੋਏ ਪ੍ਰਗਟ ਕੀਤੇ।

ਉਨ੍ਹਾਂ ਨੇ ਪ੍ਰਿੰਸੀਪਲ ਸ਼੍ਰੀ ਭਾਰਦਵਾਜ ਦਾ



ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸਾਲ ਵਿੱਚ ਇੱਕ-ਦੋ ਵਾਰ ਇਹ ਟ੍ਰੇਨਿੰਗਾਂ ਲਗਾਤਾਰ ਕਰਵਾਈਆਂ ਜਾ ਰਹੀਆਂ ਹਨ। ਅਨੇਕਾਂ ਸਿੱਖਿਆ ਸੰਸਥਾਵਾਂ ਦੇ ਮੁਖੀਆਂ ਵੱਲੋਂ ਆਪਣੇ ਵਿਦਿਆਰਥੀਆਂ, ਅਧਿਆਪਕਾਂ ਅਤੇ ਉਨ੍ਹਾਂ ਰਾਹੀਂ ਮਾਪਿਆਂ ਨੂੰ ਐਮਰਜੈਂਸੀ ਦੌਰਾਨ ਕੀਮਤੀ ਜਾਨਾਂ ਅਤੇ ਪ੍ਰਾਪਰਟੀ ਨੂੰ ਬਚਾਉਣ ਦੀਆਂ ਟ੍ਰੇਨਿੰਗਾਂ ਅਤੇ ਅਭਿਆਸ ਕਰਵਾਏ ਜਾਂਦੇ ਹਨ। ਕਾਕਾ ਰਾਮ ਵਰਮਾ ਨੇ ਦੱਸਿਆ ਕਿ ਜਿਨ੍ਹਾਂ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਨ੍ਹਾਂ ਟ੍ਰੇਨਿੰਗਾਂ ਦੇ ਅਭਿਆਸ ਹਨ, ਉਨ੍ਹਾਂ ਵੱਲੋਂ 80% ਹਾਦਸਿਆਂ ਨੂੰ ਰੋਕਿਆ ਜਾ ਸਕਦਾ ਹੈ ਅਤੇ ਕੀਮਤੀ ਜਾਨਾਂ ਅਤੇ ਪ੍ਰਾਪਰਟੀ ਨੂੰ ਤਬਾਹੀਆਂ ਤੋਂ ਬਚਾਇਆ ਜਾ ਸਕਦਾ ਹੈ। ਪੰਜਾਬ ਪੁਲਿਸ ਆਵਾਜਾਈ ਸਿੱਖਿਆ ਸੈੱਲ ਦੇ ਇੰਸਪੈਕਟਰ ਸਰਬਜੀਤ ਕੌਰ ਅਤੇ ਏ.ਐਸ.ਆਈ. ਰਾਮ ਸਰਨ ਵੱਲੋਂ ਵਿਦਿਆਰਥੀਆਂ ਨੂੰ ਨਸ਼ਿਆਂ, ਅਪਰਾਧਾਂ, ਹਾਦਸਿਆਂ, ਸਾਈਬਰ ਸੁਰੱਖਿਆ ਅਤੇ ਹੈਲਪਲਾਈਨ ਨੰਬਰਾਂ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਸ਼੍ਰੀ ਸੁਭਾਸ਼ ਭਾਰਦਵਾਜ ਨੇ ਦੱਸਿਆ ਕਿ ਭਾਰਤੀ ਪਾਇਲਟ ਕੈਪਟਨ ਸਮਿਤ ਮੱਛਾਰ ਨੇ ਟ੍ਰੇਨਿੰਗ ਅਭਿਆਸ ਕਰਕੇ 200 ਤੋਂ ਵੱਧ ਯਾਤਰੂਆਂ ਦੀ ਹਵਾਈ ਜਹਾਜ਼ ਵਿੱਚ ਜ਼ਖ਼ਮੀ ਹੁੰਦੇ ਹੋਏ ਵੀ ਜਾਨਾਂ ਬਚਾਈਆਂ। ਵਿਦਿਆਰਥੀਆਂ ਨੂੰ ਸਿਹਤ, ਸੁਰੱਖਿਆ, ਸਹਾਇਤਾ, ਸਹਿਣਸ਼ੀਲਤਾ, ਨਿਮਰਤਾ, ਸਬਰ, ਸ਼ਾਂਤੀ, ਸੰਸਕਾਰਾਂ, ਮਰਿਆਦਾਵਾਂ ਅਤੇ ਫ਼ਰਜ਼ਾਂ ਦੀ ਜਾਣਕਾਰੀ ਦੇ ਕੇ ਬੱਚਿਆਂ, ਸਮਾਜ ਅਤੇ ਮਾਨਵਤਾ ਨੂੰ ਸੁਰੱਖਿਅਤ, ਸਿਹਤਮੰਦ ਅਤੇ ਖ਼ੁਸ਼ਹਾਲ ਬਣਾਇਆ ਜਾ ਸਕਦਾ ਹੈ।

# ਗੈਸ ਏਜੰਸੀ ਵਰਕਰਾਂ ਵੱਲੋਂ ਤਨਖਾਹਾਂ ਨਾ ਮਿਲਣ ਦੇ ਵਿਰੋਧ ਵਿੱਚ ਰੋਸ ਰੈਲੀ

**ਪਟਿਆਲਾ, 3 ਅਕਤੂਬਰ (ਪੈ.ਗਾਮ-ਏ-ਜਗਤ)**

ਗੈਸ ਏਜੰਸੀ ਵਰਕਰਜ਼ ਯੂਨੀਅਨ (ਇਫਟੂ) ਜਥੇਬੰਦੀ ਦੇ ਸਰਪ੍ਰਸਤ ਸ੍ਰੀ ਨਾਥ ਪਟਿਆਲਾ ਦੀ ਨਿਗਰਾਨੀ ਹੇਠ ਅਤੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਲੱਖੋਮਾਜਰਾ ਦੀ ਪ੍ਰਧਾਨਗੀ ਵਿੱਚ ਸੁਰਿੰਦਰਾ ਗੈਸ ਸਰਵਿਸ ਵਿਖੇ ਕੰਮ ਕਰ ਰਹੇ ਵਰਕਰਾਂ ਨੂੰ ਪਿਛਲੇ ਦਸ ਮਹੀਨੇ ਤੋਂ ਤਨਖਾਹ ਨਹੀਂ ਦਿੱਤੀ ਗਈ। ਵਰਕਰਾਂ ਨੇ ਇਕੱਠੇ ਹੋ ਕੇ ਤਨਖਾਹ ਦੀ ਮੰਗ ਕੀਤੀ ਤਾਂ ਉਨ੍ਹਾਂ ਨੂੰ



ਮਾਲਕ ਵੱਲੋਂ ਨੌਕਰੀ ਤੋਂ ਕੱਢ ਦਿੱਤਾ ਗਿਆ। ਇਸ ਦੇ ਵਿਰੋਧ ਵਿੱਚ ਅੱਜ ਰੋਸ ਰੈਲੀ ਕੀਤੀ ਗਈ, ਜਿਸ ਵਿੱਚ ਸੈਂਕੜੇ ਵਰਕਰਾਂ ਨੇ ਹਿੱਸਾ ਲਿਆ।

ਪੈਨਸ਼ਨਜ਼ ਐਸੋਸੀਏਸ਼ਨ ਦੇ ਆਗੂ ਸੁਰਿੰਦਰ ਸਿੰਘ ਖਾਲਸਾ ਨੇ ਸਾਥੀਆਂ ਨਾਲ ਸ਼ਮੂਲੀਅਤ ਕੀਤੀ। ਇਸ ਦੇ ਨਾਲ ਟੈਕਨੀਕਲ ਸਰਵਿਸ ਯੂਨੀਅਨ (ਖੰਨਾ) ਦੇ ਜ਼ਿਲ੍ਹਾ ਪ੍ਰਧਾਨ ਮੰਗਤ ਸਿੰਘ ਨੇ ਸਾਥੀਆਂ ਨਾਲ ਸ਼ਮੂਲੀਅਤ ਕੀਤੀ ਤੇ ਨਾਅਰੇ ਲਾ ਕੇ ਰੋਸ ਦਾ ਪ੍ਰਗਟਾਵਾ ਕੀਤਾ। ਸਟੇਜ ਦੀ ਕਾਰਵਾਈ ਅਵਤਾਰ ਸਿੰਘ ਨੰਦਪੁਰ ਕੇਸ਼ੋ, ਮੀਤ ਪ੍ਰਧਾਨ ਸਤਪਾਲ ਸਿੰਘ, ਸਕੱਤਰ ਸੁਰਜੀਤ ਸਿੰਘ, ਜਸਵਿੰਦਰ ਸਿੰਘ ਜੱਸੀ, ਧੀਰਜ ਕੁਮਾਰ, ਰਘਵੀਰ ਸਿੰਘ, ਸਿਮੂ ਸਿੰਘ, ਜੈਪਾਲ, ਸੋਨੀ ਅਤੇ ਕੁਲਵੰਤ ਸਿੰਘ ਵੱਲੋਂ ਚਲਾਈ ਗਈ। ਉਨ੍ਹਾਂ ਨੇ ਸਟੇਜ ਤੋਂ ਐਲਾਨ ਕੀਤਾ ਕਿ ਜਦੋਂ ਤੱਕ ਸਾਡੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

# ਨੌਜਵਾਨ ਰਣਜੀਤ ਕੁਮਾਰ ਦੀ ਬੇਵਕਤੀ ਮੌਤ ਨੇ ਹਰ ਚਾਹੁਣ ਵਾਲੇ ਨੂੰ ਅੰਦਰੋਂ ਝੰਜੋੜਿਆ-ਸੰਤ ਸੁਰਿੰਦਰ ਦਾਸ

**ਪੈ.ਗਾਮ-ਏ-ਜਗਤ ਨਵਾਂਸ਼ਹਿਰ, 3 ਅਕਤੂਬਰ (ਗੁਰਬਖਸ਼ ਸਿੰਘ ਮਹੇ)**

ਜ਼ਿੰਦਗੀ ਬਹੁਤ ਅਨਮੋਲ ਹੈ ਅਤੇ ਇਸ ਦੇ ਸਫ਼ਰ ਵਿਚ ਕਦੋਂ ਕਿਹੜਾ ਮੋੜ ਆ ਜਾਵੇ, ਇਸ ਬਾਰੇ ਕੋਈ ਵੀ ਕੁਝ ਨਹੀਂ ਕਹਿ ਸਕਦਾ। ਜਦੋਂ ਕੋਈ ਹੱਸਦਾ-ਵੱਸਦਾ ਨੌਜਵਾਨ ਅਚਾਨਕ ਸਦਾ ਲਈ ਇਸ ਦੁਨੀਆ ਨੂੰ ਅਲਵਿਦਾ ਕਹਿ ਜਾਂਦਾ ਹੈ ਤਾਂ ਉਸ ਦੇ ਪਰਿਵਾਰ, ਰਿਸ਼ਤੇਦਾਰਾਂ, ਦੋਸਤਾਂ

- **ਰਣਜੀਤ ਕੁਮਾਰ ਦੇ ਵਿਛੋੜੇ ਦਾ ਦਰਦ ਪੂਰੀ ਜ਼ਿੰਦਗੀ ਸਤਾਉਂਦਾ ਰਹੇਗਾ : ਨਾਜਰ ਰਾਮ ਮਾਨ**

ਅਤੇ ਚਾਹੁਣ ਵਾਲਿਆਂ ਲਈ ਇਸ ਦੁੱਖ ਨੂੰ ਸਹਿਣਾ ਬਹੁਤ ਮੁਸ਼ਕਲ ਹੋ ਜਾਂਦਾ ਹੈ। ਇਹ ਵਿਚਾਰ ਚਰਨਛੋਹ ਗੰਗਾ ਅੰਮ੍ਰਿਤ ਕੁੰਡ ਸੱਚਖੰਡ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਪ੍ਰਧਾਨ ਸੰਤ ਸੁਰਿੰਦਰ ਦਾਸ, ਚੇਅਰਮੈਨ ਨਾਜਰ ਰਾਮ ਮਾਨ, ਸੰਤ ਕਰਮ ਚੰਦ, ਬਾਬਾ ਦਿਆਲ ਚੰਦ ਬੰਗਾ, ਸਵਾਗਤੀ ਕਮੇਟੀ ਦੇ ਇੰਚਾਰਜ ਜਗਦੀਸ਼ ਕੁਮਾਰ ਨੇ ਪਿੰਡ ਰੈਲ ਮਾਜਰਾ ਵਿਖੇ ਕਮੇਟੀ ਦੇ ਪ੍ਰੈੱਸ ਸਕੱਤਰ ਗੁਰਬਖਸ਼ ਮਹੇ ਦੇ ਨਜ਼ਦੀਕੀ ਰਿਸ਼ਤੇਦਾਰ ਰਣਜੀਤ ਕੁਮਾਰ ਦੇ ਸ਼ਰਧਾਂਜਲੀ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇੱਥੇ ਜ਼ਿਕਰਯੋਗ ਹੈ ਕਿ ਰਣਜੀਤ ਕੁਮਾਰ 19 ਸਤੰਬਰ ਨੂੰ



ਵਿਦੇਸ਼ ਤੋਂ ਛੁੱਟੀ ਆਇਆ ਤੇ 24 ਸਤੰਬਰ ਨੂੰ ਉਸ ਦੀ ਸਿਹਤ ਖ਼ਰਾਬ ਹੋ ਗਈ ਤੇ ਪੀ ਜੀ ਆਈ ਚੰਡੀਗੜ੍ਹ ਵਿਖੇ ਉਸੇ ਦਿਨ ਸ਼ਾਮ ਨੂੰ ਉਸ ਦੀ ਮੌਤ ਹੋ ਗਈ ਸੀ। ਉਕਤ ਆਗੂਆਂ ਨੇ ਕਿਹਾ ਕਿ ਨੌਜਵਾਨ ਰਣਜੀਤ ਕੁਮਾਰ ਦੀ ਬੇਵਕਤੀ ਮੌਤ ਨੇ ਵੀ ਹਰ ਉਸ ਇਨਸਾਨ ਨੂੰ ਅੰਦਰੋਂ ਝੰਜੋੜ ਕੇ ਰੱਖ ਦਿੱਤਾ, ਜਿਸ ਦੇ ਦਿਲ ਵਿੱਚ ਉਸ ਲਈ ਪਿਆਰ ਅਤੇ ਸਤਿਕਾਰ ਸੀ।ਕਿਸੇ ਵੀ ਪਰਿਵਾਰ ਲਈ ਆਪਣੇ ਜਵਾਨ ਪੁੱਤਰ ਨੂੰ ਗੁਆਉਣ ਦਾ ਦੁੱਖ ਸ਼ਬਦਾਂ ਵਿੱਚ ਬਿਆਨ ਕਰਨਾ ਆਸਾਨ ਨਹੀਂ ਹੁੰਦਾ। ਮਾਪਿਆਂ ਦੀਆਂ ਅੱਖਾਂ ਵਿੱਚ ਆਪਣੇ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਅਨੇਕਾਂ ਸੁਪਨੇ ਹੁੰਦੇ ਹਨ। ਜਦੋਂ ਇਹ ਸੁਪਨੇ ਅਚਾਨਕ ਟੁੱਟ ਜਾਂਦੇ ਹਨ ਤਾਂ ਪਰਿਵਾਰ ਉੱਤੇ ਦੁੱਖਾਂ ਦਾ ਪਹਾੜ ਟੁੱਟ ਪੈਂਦਾ ਹੈ। ਰਣਜੀਤ ਕੁਮਾਰ ਦੀ ਵਿਛੋੜੇ ਦੀ ਖ਼ਬਰ ਨੇ ਵੀ ਉਸ ਦੇ ਆਪਣਿਆਂ ਦੇ ਦਿਲਾਂ ਵਿੱਚ ਅਜਿਹਾ ਖਲਾਅ ਪੈਦਾ ਕਰ ਦਿੱਤਾ ਹੈ, ਜਿਸ ਨੂੰ ਭਰਨਾ ਬਹੁਤ ਔਖਾ ਹੈ। ਉਨ੍ਹਾਂ ਆਖਿਆ ਕਿ ਇਨਸਾਨ ਦੀ ਅਸਲ ਪਛਾਣ ਉਸ ਦੇ ਰਿਸ਼ਤਿਆਂ, ਵਿਹਾਰ ਅਤੇ ਲੋਕਾਂ ਦੇ ਦਿਲਾਂ ਵਿਚ ਬਣਾਈ ਥਾਂ ਤੋਂ ਹੁੰਦੀ ਹੈ। ਕਿਸੇ ਦੇ ਦੁਨੀਆ ਤੋਂ ਚਲੇ ਜਾਣ ਮਗਰੋਂ ਉਸ ਦੀਆਂ ਯਾਦਾਂ, ਉਸ ਨਾਲ ਬਿਤਾਏ ਪਲ ਅਤੇ ਉਸ ਦੀਆਂ ਸਾਂਝਾਂ ਹੀ ਪਿੱਛੇ ਰਹਿ ਜਾਂਦੀਆਂ ਹਨ।

ਰਣਜੀਤ ਕੁਮਾਰ ਦੀ ਬੇਵਕਤੀ ਮੌਤ ਉਪਰੰਤ ਉਸ ਨੂੰ ਯਾਦ ਕਰਨ ਵਾਲੇ ਲੋਕਾਂ ਦੀਆਂ ਭਾਵਨਾਵਾਂ ਇਸ ਗੱਲ ਦਾ ਪ੍ਰਤੀਕ ਹਨ ਕਿ ਕਿਸੇ ਆਪਣੇ ਦਾ ਵਿਛੋੜਾ ਕਿੰਨਾ ਡੂੰਘਾ ਅਸਰ ਛੱਡ ਜਾਂਦਾ ਹੈ। ਇਸ ਦੁੱਖ ਦੀ ਘੜੀ ਵਿੱਚ ਵਿਛੜੇ ਨੌਜਵਾਨ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨਾ ਅਤੇ ਉਨ੍ਹਾਂ ਨੂੰ ਹੌਸਲਾ ਦੇਣਾ ਸਮਾਜ ਦਾ ਨੈਤਿਕ ਫ਼ਰਜ਼ ਹੈ। ਅਜਿਹੇ ਸਮੇਂ ਵਿੱਚ ਆਪਣੇਪਣ ਦੇ ਦੋ ਬੋਲ ਵੀ ਦੁਖੀ ਪਰਿਵਾਰ ਲਈ ਸਹਾਰਾ ਬਣ ਸਕਦੇ ਹਨ। ਉਨ੍ਹਾਂ ਆਖਿਆ ਕਿ ਉਨ੍ਹਾਂ ਦੀ ਵਾਹਿਗੁਰੂ ਅੱਗੇ ਅਰਦਾਸ ਹੈ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਸਮੇਤ ਸਾਰੇ ਸਨੇਹੀਆਂ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਪ੍ਰਦਾਨ ਕਰਨ। ਰਣਜੀਤ ਕੁਮਾਰ ਦੀਆਂ ਯਾਦਾਂ ਹਮੇਸ਼ਾ ਉਸ ਨੂੰ ਪਿਆਰ ਕਰਨ ਵਾਲਿਆਂ ਦੇ ਦਿਲਾਂ ਵਿੱਚ ਵੱਸਦੀਆਂ ਰਹਿਣਗੀਆਂ। ਇਸ ਮੌਕੇ ਤੇ ਮ੍ਰਿਤਕ ਰਣਜੀਤ ਕੁਮਾਰ ਦਾ ਵੱਡਾ ਭਰਾ ਮਨਜੀਤ ਕੁਮਾਰ, ਭੈਣਾਂ ਕਾਂਤਾ ਰਾਣੀ, ਸੋਨੀਆਂ ਚੰਦੜ, ਬਲਦੇਵ ਰਾਜ, ਗੁਰਬਖਸ਼ ਸਿੰਘ ਮਹੇ, ਗੁਰਬਖਸ਼ ਕੌਰ, ਪ੍ਰਸ਼ੋਤਮ ਨਵਾਂਸ਼ਹਿਰ, ਰਾਣੀ ਮੱਕੋਵਾਲ, ਸਾਬਕਾ ਫੌਜੀ ਰੂਪ ਸਿੰਘ, ਕਰਨਵੀਰ, ਜਪਨੀਤ ਮਹੇ, ਮੁਕੇਸ਼ ਕੁਮਾਰ, ਨਮਨ ਬੇਟਾ, ਪਰਮਜੀਤ ਕੌਰ, ਮਾਤਾ ਨਸੀਬ ਕੌਰ, ਪ੍ਰਦੀਪ ਕੌਰ, ਰਵੀ ਕੁਮਾਰ ਟੌਂਸਾ, ਅਨਮੋਲ ਗੜੀ, ਕਾਕੂ ਗੜੀ, ਅਮਨਦੀਪ ਕੌਰ ਗੜੀ, ਮੋਹਨ ਸਿੰਘ ਗੜ੍ਹੀ, ਸਵਿੱਤਰੀ ਦੇਵੀ, ਨੀਸ਼ੂ, ਉਰਵਸ਼ੀ, ਕੁਸਮ ਸਮੇਤ ਹੋਰ ਬਹੁਤ ਸਾਰੇ ਸਾਕ ਸਬੰਧੀ ਰਿਸ਼ਤੇਦਾਰ ਹਾਜ਼ਰ ਸਨ। ਪਾਠੀ ਸਿੰਘ ਅਮਰ ਸਿੰਘ, ਹਰਦੀਪ ਸਿੰਘ ਅਤੇ ਜੋਧਾ ਸਿੰਘ ਵਲੋਂ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ ਨੇਪਰੇ ਚਾੜਿਆ ਗਿਆ।

# ਸੀਆਈਏ-1 ਦੀ ਸਖ਼ਤ ਕਾਰਵਾਈ, ਸਨੈਚਿੰਗ ਦੀ ਵਾਰਦਾਤ ਨੂੰ ਅੰਜ਼ਾਮ ਦੇਣ ਵਾਲਾ ਮੁਲਜ਼ਮ ਕਾਬੂ

**ਪੈ.ਗਾਮ-ਏ-ਜਗਤ/ਕਰਨਾਲ 03 ਅਕਤੂਬਰ (ਪ੍ਰਵੀਨ ਵਾਲੀਆ)**

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਅਪਰਾਧਿਕ ਵਾਰਦਾਤਾਂ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਕਾਬੂ ਕਰਨ ਅਤੇ ਖੋਹੀ ਗਈ ਜਾਇਦਾਦ ਦੀ ਬਰਾਮਦਗੀ ਲਈ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਕੜੀ ਤਹਿਤ ਸੀਆਈਏ-1 ਦੀ ਟੀਮ ਨੇ ਇੰਚਾਰਜ ਇੰਸਪੈਕਟਰ ਸੰਦੀਪ ਸਿੰਘ ਦੀ ਅਗਵਾਈ ਹੇਠ ਗਠਿਤ ਟੀਮ ਵੱਲੋਂ ਪ੍ਰਭਾਵਸ਼ਾਲੀ ਕਾਰਵਾਈ ਕਰਦਿਆਂ ਸਨੈਚਿੰਗ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਸ਼ਮੀਰ ਪੁੱਤਰ ਰੂਪ ਹੰਸ, ਵਾਸੀ ਵਾਰਡ ਨੰ. 8, ਇੰਦਰੀ, ਜ਼ਿਲ੍ਹਾ ਕਰਨਾਲ ਵਜੋਂ ਹੋਈ ਹੈ। ਪੁਲਿਸ ਟੀਮ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਮੁਲਜ਼ਮ ਨੂੰ ਪੱਛਮੀ

- **ਵਾਰਦਾਤ ਦੌਰਾਨ ਖੋਹਿਆ ਗਿਆ ਮੋਬਾਈਲ ਫੋਨ ਮੁਲਜ਼ਮ ਦੇ ਕਬਜ਼ੇ ਵਿੱਚੋਂ ਬਰਾਮਦ**



ਯਮੁਨਾ ਨਹਿਰ, ਇੰਦਰੀ ਤੋਂ ਗ੍ਰਿਫ਼ਤਾਰ ਕੀਤਾ।

ਮਾਮਲੇ ਦੀ ਜਾਣਕਾਰੀ ਦਿੰਦਿਆਂ ਜਾਂਚ ਅਧਿਕਾਰੀ ਸਹਾਇਕ ਉਪ ਨਿਰੀਖਕ ਰਾਜੇਸ਼ ਕੁਮਾਰ ਨੇ ਦੱਸਿਆ ਕਿ ਮਿਤੀ 02 ਅਕਤੂਬਰ 2026 ਨੂੰ ਦੁਪਹਿਰ ਸਮੇਂ ਇੱਕ ਵਿਅਕਤੀ ਨਹਿਰ ਦੀ ਪਟੜੀ 'ਤੇ ਜਾ ਰਿਹਾ ਸੀ। ਇਸ ਦੌਰਾਨ ਪਿੱਛੋਂ ਆਏ ਮੁਲਜ਼ਮ ਨੇ ਉਸ ਨਾਲ ਖੋਹ-ਝਪਟ ਕਰਕੇ ਉਸ ਦਾ ਮੋਬਾਈਲ ਫੋਨ ਖੋਹ ਲਿਆ ਅਤੇ ਮੌਕੇ ਤੋਂ ਫਰਾਰ ਹੋ ਗਿਆ। ਇਸ ਸਬੰਧੀ ਸਨੈਚਿੰਗ ਦੀਆਂ ਸਬੰਧਤ ਧਾਰਾਵਾਂ ਤਹਿਤ ਥਾਣਾ ਨਿਸਿੰਗ ਵਿੱਚ ਮਾਮਲਾ ਦਰਜ ਕੀਤਾ ਗਿਆ ਸੀ।

ਮਾਮਲੇ ਦੀ ਜਾਂਚ ਦੌਰਾਨ ਪੁਲਿਸ ਟੀਮ ਨੇ ਮੁਲਜ਼ਮ ਸ਼ਮੀਰ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ ਵਾਰਦਾਤ ਦੌਰਾਨ ਖੋਹਿਆ ਗਿਆ ਮੋਬਾਈਲ ਫੋਨ ਬਰਾਮਦ ਕੀਤਾ ਹੈ।

ਪੁਲਿਸ ਟੀਮ ਵੱਲੋਂ ਮੁਲਜ਼ਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਮਾਨਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਉਸ ਨੂੰ ਨਿਆਂਇਕ ਹਿਰਾਸਤ ਵਿੱਚ ਜ਼ਿਲ੍ਹਾ ਜੇਲ੍ਹ ਭੇਜ ਦਿੱਤਾ ਗਿਆ।

# ਖੇਡਾਂ ਵਤਨ ਪੰਜਾਬ ਦੀਆਂ : 200 ਮੀਟਰ ਮੁਕਾਬਲੇ ਦੌਰਾਨ ਕਸ਼ਿਸ ਨੇ ਪਹਿਲਾ, ਜਪਨੀਤ ਕੌਰ ਨੇ ਦੂਸਰਾ ਅਤੇ ਗੁਰਮਤਪ੍ਰੀਤ ਕੌਰ ਨੇ ਤੀਜਾ ਸਥਾਨ ਕੀਤਾ ਹਾਸਲ

**ਸੰਗਰੂਰ, 03 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਵੱਲੋਂ, ਸੂਬੇ ਭਰ ਵਿੱਚ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਮੁਕਾਬਲੇ ਕਰਵਾਏ ਜਾ ਰਹੇ ਹਨ। ਜਿਸ ਦੇ ਤਹਿਤ ਅੱਜ ਪੰਜਵੇ ਦਿਨ ਸ੍ਰੀ ਦਲਵੀਰ ਸਿੰਘ ਢਿੱਲੋਂ ਚੇਅਰਮੈਨ, ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ ਅਤੇ ਦਲਜੀਤ ਸਿੰਘ ਘਰਾਚੋਂ, ਸਰਪੰਚ ਪਿੰਡ ਘਰਾਚੋਂ ਅਤੇ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਸੰਗਰੂਰ ਅਤੇ ਸ੍ਰੀ ਰਾਜਵੰਤ ਸਿੰਘ ਘੁੱਲੀ, ਚੇਅਰਮੈਨ, ਮਾਰਕਿਟ ਕਮੇਟੀ ਧੂਰੀ ਅਤੇ ਅੰਤਰਰਾਸ਼ਟਰੀ ਵੈਟਰਨ ਖਿਡਾਰੀ ਅਤੇ ਇਸ ਦੇ ਨਾਲ ਹੀ ਰਸ਼ਦੀਪ ਕੌਰ, ਐਥਲੈਟਿਕਸ, ਏਸ਼ੀਅਨ ਖਿਡਾਰਨ ਵੱਲੋਂ ਸ਼ਿਰਕਤ ਕੀਤੀ ਗਈ ਅਤੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕੀਤੀ ਗਈ ਅਤੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਗਿਆ।



ਉਨ੍ਹਾਂ ਵੱਲੋਂ ਖਿਡਾਰੀਆ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਆਪਣੇ ਮਾਪਿਆਂ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਗੇਮ ਹਾਕੀ, ਐਥਲੈਟਿਕਸ, ਖੋਹ-ਖੋਹ, ਬੈਡਮਿੰਟਨ, ਕਿੱਕ ਬਾਕਸਿੰਗ, ਬਾਕਸਿੰਗ, ਹੈਂਡਬਾਲ, ਬਾਸਕਿਟਬਾਲ, ਟੇਬਲ ਟੈਨਿਸ, ਕੁਸ਼ਤੀ, ਖੋਹ-ਖੋਹ, ਅਤੇ ਰੋਲਰ ਸਕੇਟਿੰਗ, ਨੈੱਟਬਾਲ, ਫੈਨਸਿੰਗ ਖੇਡਾਂ ਚੱਲ ਰਹੀਆਂ ਹਨ। ਇਹ ਜਾਣਕਾਰੀ ਨਵਦੀਪ ਸਿੰਘ, ਜ਼ਿਲ੍ਹਾ ਖੇਡ ਅਫਸਰ ਸੰਗਰੂਰ ਨੇ ਦਿੱਤੀ।

**ਨਤੀਜੇ;ਅੱਜ ਮਿਤੀ: 03.10.2026 ਦਾ ਰਿਜ਼ਲਟ ਹੇਠ ਲਿਖੇ ਅਨੁਸਾਰ ਰਿਹਾ:**

**ਗੇਮ ਰੋਲਰ ਸਕੇਟਿੰਗ:**

ਅੰ: 14 ( ਲੜਕੇ) ਇਨਲਾਈਨ ਰੋਡ ਰੇਸ-1 (ਲੈਪ) ਦੇ ਮੁਕਾਬਲੇ ਦੌਰਾਨ ਕ੍ਰਮਵਾਰ ਪਹਿਲਾ ਸਥਾਨ ਨਵਰਾਜ ਸਿੰਘ ਨੇ ਅਤੇ ਜਸਨੂਰ ਸਿੰਘ ਨੇ ਦੂਸਰਾ ਅਤੇ ਗੁਰਦਅਬ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ।

ਅੰ: 14 (ਲੜਕੀਆਂ) ਇਨਲਾਈਨ ਰੋਡ ਰੇਸ-1 (ਲੈਪ) ਦੇ ਮੁਕਾਬਲੇ ਦੌਰਾਨ ਕ੍ਰਮਵਾਰ ਪਹਿਲਾ ਸਥਾਨ ਵਨੁਸ਼ਿਕਾ ਨੇ ਅਤੇ ਦੂਸਰਾ ਸਥਾਨ ਹਰਨੀਤ ਕੌਰ ਨੇ ਅਤੇ ਤੀਸਰਾ ਸਥਾਨ ਗੁਰਸਪਰਸ਼ ਨੇ ਪ੍ਰਾਪਤ ਕੀਤਾ।

ਅੰ:17 (ਲੜਕੇ) ਇਨਲਾਈਨ ਰੋਡ ਰੇਸ-1 (ਲੈਪ) ਦੇ ਮੁਕਾਬਲੇ ਦੌਰਾਨ ਪਹਿਲਾ ਸਥਾਨ ਗੁਰਪ੍ਰੀਤ ਸਿੰਘ ਨੇ ਅਤੇ ਦੂਸਰਾ ਸਥਾਨ ਹਰਧਨ ਸਿੰਘ ਨੇ ਅਤੇ ਤੀਸਰਾ ਸਥਾਨ ਅਭੀਜੋਤ ਸਿੰਘ ਨੇ ਪ੍ਰਾਪਤ ਕੀਤਾ।

ਅੰ: 14 ਸਾਲ (ਲੜਕੇ) ਕੁਆਰਡਜ਼ ਰੋਡ ਰੇਸ -1 2000 ਮੀਟਰ ਦੇ ਮੁਕਾਬਲਿਆਂ ਦੌਰਾਨ ਕ੍ਰਮਵਾਰ ਪਹਿਲਾ ਸਥਾਨ ਰੇਹਾਨ ਗਰਗ ਨੇ ਅਤੇ ਦਿਲਪ੍ਰੀਤ ਸਿੰਘ ਨੇ ਦੂਸਰਾ ਅਤੇ ਤੀਸਰਾ ਸਥਾਨ ਈਮਾਨ ਸਿੰਘ ਨੇ ਹਾਸਿਲ ਕੀਤਾ।

**ਗੇਮ ਐਥਲੈਟਿਕਸ:**

ਅੰ: 17 (ਲੜਕੀਆਂ) ਦੇ ਈਵੇਂਟ 200 ਮੀਟਰ ਮੁਕਾਬਲੇ ਦੌਰਾਨ ਕਸ਼ਿਸ ਨੇ ਪਹਿਲਾ, ਜਪਨੀਤ ਕੌਰ ਨੇ ਦੂਸਰਾ ਅਤੇ ਗੁਰਮਤਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ।

# ਡਾ. ਰਾਕੇਸ਼ ਵਰਮੀ ਗ੍ਰੇਨਾਇਟ ਖ਼ੂਨਦਾਨੀ ਨੇ ਖ਼ੂਨਦਾਨੀਆਂ ਨੂੰ ਕੀਤਾ ਸਨਮਾਨਿਤ

**ਪਟਿਆਲਾ, 3 ਅਕਤੂਬਰ (ਪੈ.ਗਾਮ-ਏ-ਜਗਤ)**

ਖ਼ੂਨਦਾਨ ਕਰਨਾ ਮਹਾਨ ਕਾਰਜ ਹੈ ਹਰੇਕ ਨੌਜਵਾਨ, ਇਸਤਰੀ, ਪੁਰਸ਼ ਨੂੰ ਮਨੁੱਖਤਾ ਦੀ ਸੇਵਾ ਲਈ ਹਮੇਸ਼ਾ ਸਹਿਯੋਗ ਦੇਣਾ ਚਾਹੀਦਾ ਹੈ 18 ਸਾਲ ਤੋਂ 65 ਸਾਲ ਤੱਕ ਦਾ ਤੰਦਰੁਸਤ ਪ੍ਰਾਣੀ ਖ਼ੂਨਦਾਨ ਕਰਨ ਦੇ ਕਾਬਿਲ ਹੈ। ਉਸਦਾ ਵਜਨ 45 ਕਿਲੋ ਤੋਂ ਵੱਧ ਹੋਵੇ ਸਰੀਰ ਵਿੱਚ ਖ਼ੂਨ ਦੀ ਮਾਤਰਾ 12.5 ਗ੍ਰਾਮ ਤੋਂ ਵੱਧ ਹੋਵੇ ਇਹ ਜਾਣਕਾਰੀ ਗ੍ਰੇਨਾਈਟ (90 ਵਾਰ ਖ਼ੂਨਦਾਨੀ) ਡਾ.ਰਾਕੇਸ਼ ਵਰਮੀ ਸੰਸਥਾਪਕ ਪ੍ਰਧਾਨ ਡੈਡੀਕੇਟਿਡ ਬ੍ਰਦਰਜ਼ ਗਰੁੱਪ ਰਜਿਸਟਰਡ ਪੰਜਾਬ ਪਟਿਆਲਾ ਨੇ ਸਾਂਝੀ ਕੀਤੀ। ਸ੍ਰੀ ਕਾਕਾ ਰਾਮ ਵਰਮਾ ਸਾਬਕਾ ਮੁੱਖ ਟ੍ਰੇਨਿੰਗ



ਅਫਸਰ ਰੈੱਡ ਕਰਾਸ ਅਤੇ ਦਲਪ੍ਰੀਤ ਸਿੰਘ ਬੈਨੀਪਾਲ ਪ੍ਰੋਜੈਕਟ ਇੰਚਾਰਜ ਡੀ.ਬੀ.ਜੀ ਐਮਰਜੈਂਸੀ ਬਲੱਡ ਬੈਂਕ ਨੇ ਸੰਦੇਸ ਦਿੱਤਾ ਕਿ ਹਮੇਸਾ ਸਚਾਈ ਦੇ ਰਾਹ ਤੇ ਚੱਲਣਾ ਚਾਹੀਦਾ ਹੈ ਗਰੀਬ ਅਤੇ ਮਜਬੂਰ ਦੀ ਮਦਦ ਕਰਨੀ ਚਾਹੀਦੀ ਹੈ ਚੰਗੇ ਕਰਮ ਕਰਨ ਨਾਲ ਅਤੇ ਮਨੁੱਖੀ ਕੀਮਤੀ ਜ਼ਿੰਦਗੀਆਂ ਬਚਾਉਣ ਨਾਲ ਆਪਣੇ ਆਪ ਨੂੰ ਸਕੂਨ ਮਿਲਦਾ ਹੈ। ਦਿਲਪ੍ਰੀਤ ਸਿੰਘ ਬੈਨੀਪਾਲ ਤੋਂ ਇਲਾਵਾ ਇਸ ਸਨਮਾਨ ਸਮਾਰੋਹ ਵਿੱਚ 31 ਵਾਰ ਖ਼ੂਨਦਾਨੀ ਅਮਨਇੰਦਰ ਸਿੰਘ ਸੈਣੀ, ਡਾ.ਰਾਕੇਸ਼ ਵਰਮੀ, ਅਸ਼ੋਕ ਸ਼ਰਮਾਂ, ਓਮ ਪ੍ਰਕਾਸ਼ ਸਿੰਗਲਾ, ਹਰਜੀਤ ਸਿੰਘ ਬੇਦੀ, ਇੰਜ ਸੁਰਿੰਦਰ ਕੁਮਾਰ ਕੋਛੜ, ਭੁਪਿੰਦਰ ਸਿੰਘ ਚੌਹਾਨ, ਜਸਵੀਰ ਸਿੰਘ, ਸ੍ਰੀਮਤੀ ਬ੍ਰਿਜਲਤਾ ਜੈਨ ਵੀ ਹਾਜਿਰ ਰਹੇ।

ਡਾ.ਰਾਕੇਸ਼ ਵਰਮੀ ਅਤੇ ਉਨਾਂ ਦੀ ਸਮੂਚੀ ਟੀਮ ਨੇ ਗੁਰੂ ਨਾਨਕ ਇੰਸੀਚਿਊਟ ਆਫ ਮੈਡੀਕਲ ਟੈਕੋਨੋਲਜੀ ਪਟਿਆਲਾ ਵੱਲੋਂ ਸਮਾਜ ਸੇਵਕਾ ਦੇ ਸਨਮਾਨ ਦੀ ਸੇਵਾ ਨਿਭਾਉਣ ਲਈ ਅਤੇ ਸਮੂਹ ਸਮਾਜ ਸੇਵੀ ਸੰਸਥਾਵਾਂ ਨਾਲ ਮਿਲਵਰਤਣ ਵਧਾਉਣ ਲਈ ਮੁਬਾਰਕਬਾਦ ਦਿੱਤੀਆਂ ਇਸ ਮੌਕੇ ਡਾ.ਰਾਕੇਸ਼ ਵਰਮੀ, ਕਾਕਾ ਰਾਮ ਵਰਮਾ, ਦਿਲਪ੍ਰੀਤ ਸਿੰਘ ਬੈਨੀਪਾਲ ਦਾ ਸਨਮਾਨ ਕੀਤਾ ਗਿਆ । ਇਹ ਜਾਣਕਾਰੀ ਅਮਨਇੰਦਰ ਸਿੰਘ ਸੈਣੀ ਨੇ ਦਿੱਤੀ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜਾ ਵਿਖੇ 'ਇੰਡੀਅਨ ਐਨਰਜੀ ਬਾਸਕਟ 2047

# ਸੰਭਾਵਨਾਵਾਂ ਅਤੇ ਚੁਣੌਤੀਆਂ' ਵਿਸ਼ੇ 'ਤੇ ਵਿਦਿਆਰਥੀ ਵਿਗਿਆਨ ਸੈਮੀਨਾਰ ਲਗਾਇਆ

**ਪੈ.ਗਾਮ-ਏ-ਜਗਤ ਗੜ੍ਹਸ਼ੰਕਰ, 03 ਅਕਤੂਬਰ (ਹਰੀ ਕ੍ਰਿਸ਼ਨ ਗੰਗੜ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜਾ ਵਿਖੇ ਸਿੱਖਿਆ ਵਿਭਾਗ ਵੱਲੋਂ ਬਲਾਕ ਨੋਡਲ ਅਫ਼ਸਰ ਸ੍ਰੀਮਤੀ ਇੰਦਰਜੀਤ ਕੌਰ ਜੀ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਸਕੂਲ ਦੇ ਇੰਚਾਰਜ ਮਨਜੀਤ ਸਿੰਘ ਜੀ ਦੀ ਹਾਜ਼ਰੀ ਵਿੱਚ 'ਇੰਡੀਅਨ ਐਨਰਜੀ ਬਾਸਕਟ 2047: ਸੰਭਾਵਨਾਵਾਂ ਅਤੇ ਚੁਣੌਤੀਆਂ' ਵਿਸ਼ੇ ਸਬੰਧੀ ਵਿਦਿਆਰਥੀ ਵਿਗਿਆਨ ਸੈਮੀਨਾਰ ਆਯੋਜਿਤ ਕੀਤਾ ਗਿਆ। ਇਹ ਮੁਕਾਬਲਾ ਏਐਸਜੀ ਗਰੁੱਪ ਬੀਆਰਸੀ ਸ੍ਰੀ ਰਾਮ ਸਰੂਪ, ਬੀਆਰਸੀ ਸ੍ਰੀ ਰਾਮ ਕਿਸ਼ਨ, ਬੀਆਰਸੀ ਸ੍ਰੀ ਭਾਗ ਸਿੰਘ



ਜੀ ਅਤੇ ਸੇਵਾਮੁਕਤ ਵਿਗਿਆਨ ਅਧਿਆਪਕ ਸ੍ਰੀ ਅਨੁਪਮ ਕੁਮਾਰ ਸ਼ਰਮਾ ਜੀ ਦੁਆਰਾ ਆਯੋਜਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ ਗੜ੍ਹਸ਼ੰਕਰ-2 ਬਲਾਕ ਦੇ ਸਮੂਹ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲੇ ਵਿੱਚ ਪਹਿਲਾ ਸਥਾਨ ਸਰਕਾਰੀ ਹਾਈ ਸਕੂਲ ਖੁਰਾਲੀ ਦੀ ਰਸ਼ਮੀਨ ਕੌਰ, ਦੂਜਾ ਸਥਾਨ ਸਰਕਾਰੀ ਹਾਈ ਸਕੂਲ ਪੰਡੋਰੀ ਬੀਤ ਦੀ ਡਿੰਪਲ ਦੇਵੀ ਅਤੇ ਤੀਜਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇਣੋਵਾਲ ਦੀ ਸੰਤੋਸ਼ ਦੇਵੀ ਨੇ ਪ੍ਰਾਪਤ ਕੀਤਾ। ਇਸ ਮੁਕਾਬਲੇ ਦੀ ਜੱਜਮੈਂਟ ਲੈਕ. ਜਸਪਾਲ ਸਿੰਘ ਧੰਜਲ, ਮਾਸਟਰ ਜਤਿੰਦਰ ਸਿੰਘ ਅਤੇ ਮਾਸਟਰ ਅਜੇ ਕੁਮਾਰ ਜੀ ਦੁਆਰਾ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਦੇ ਗਾਈਡ ਅਧਿਆਪਕ ਸ੍ਰੀਮਤੀ ਰੀਤੂ ਵਰਮਾ, ਸ੍ਰੀਮਤੀ ਰਵਨੀਤ ਕੌਰ, ਜਤਿੰਦਰ ਸਿੰਘ, ਮਨਪ੍ਰੀਤ ਕੌਰ, ਨਵਨੀਤ ਕੌਰ, ਹਨੀ ਭਾਟੀਆ, ਸੰਜੀਵ ਕੁਮਾਰ, ਪੰਕਜ ਕੁਮਾਰ, ਤੇਜਪਾਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜਾ ਦਾ ਸਟਾਫ ਹਾਜ਼ਰ ਸੀ।

# ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਸੰਗਰੂਰ ਅਤੇ ਭਵਾਨੀਗੜ੍ਹ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਦੀ ਸ਼ੁਰੂਆਤ

## ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ; ਫ਼ਸਲ ਦੀ ਸਮੇਂ ਸਿਰ ਖਰੀਦ, ਲਿਫ਼ਟਿੰਗ ਅਤੇ ਅਦਾਇਗੀ ਯਕੀਨੀ ਬਣਾਉਣ ਲਈ ਕਿਹਾ

**ਸੰਗਰੂਰ/ਭਵਾਨੀਗੜ੍ਹ, 3 ਅਕਤੂਬਰ (ਪੈ.ਗਾਮ-ਏ-ਜਗਤ)**

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਸੰਗਰੂਰ ਅਤੇ ਭਵਾਨੀਗੜ੍ਹ ਦੀਆਂ ਅਨਾਜ ਮੰਡੀਆਂ ਵਿਖੇ ਝੋਨੇ ਦੀ ਖਰੀਦ ਦੀ ਸ਼ੁਰੂਆਤ ਕਰਵਾਈ ਅਤੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਨਿਰਵਿਘਨ ਖਰੀਦ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮਿਹਨਤ ਨਾਲ ਤਿਆਰ ਹੋਈ ਫ਼ਸਲ ਦੀ ਸਮੇਂ ਸਿਰ ਖਰੀਦ ਅਤੇ ਉਸ ਦੀ ਅਦਾਇਗੀ ਯਕੀਨੀ ਬਣਾਉਣਾ ਸਰਕਾਰ ਦੀ



ਤਰਜੀਹ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਆਮਦ ਦੇ ਨਾਲ-ਨਾਲ ਖਰੀਦ ਅਤੇ ਲਿਫ਼ਟਿੰਗ ਦੀ ਪ੍ਰਕਿਰਿਆ ਵੀ ਨਿਰੰਤਰ ਜਾਰੀ ਰੱਖੀ ਜਾਵੇ, ਤਾਂ ਜੋ ਫ਼ਸਲ ਦੇ ਢੇਰ ਲੱਗਣ ਕਾਰਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਅਤੇ ਮਾਰਕੀਟ ਕਮੇਟੀਆਂ ਦੇ ਅਧਿਕਾਰੀ ਖਰੀਦ ਪ੍ਰਕਿਰਿਆ ਦੀ ਨਿਯਮਤ ਨਿਗਰਾਨੀ ਕਰਨ ਅਤੇ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਯਕੀਨੀ ਬਣਾਉਣ।

ਵਿਧਾਇਕ ਨੇ ਮੰਡੀਆਂ ਵਿੱਚ ਸਾਫ਼-ਸਫ਼ਾਈ, ਪੀਣ ਵਾਲੇ ਪਾਣੀ, ਰੌਸ਼ਨੀ ਅਤੇ ਪਖਾਨਿਆਂ ਸਮੇਤ ਬੁਨਿਆਦੀ ਸਹੂਲਤਾਂ ਦੇ ਸੁਚੱਜੇ ਪ੍ਰਬੰਧ ਯਕੀਨੀ ਬਣਾਉਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਕਿਸਾਨਾਂ, ਮਜ਼ਦੂਰਾਂ ਅਤੇ ਮੰਡੀਆਂ ਵਿੱਚ ਕੰਮ ਕਰਨ ਵਾਲੇ ਹੋਰ ਵਿਅਕਤੀਆਂ ਦੀਆਂ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਅਤੇ ਸਾਫ਼ ਝੋਨਾ ਹੀ ਲੈ ਕੇ ਆਉਣ, ਤਾਂ ਜੋ ਫ਼ਸਲ ਦੀ ਖਰੀਦ ਵਿੱਚ ਬੇਲੋੜੀ ਦੇਰੀ ਨਾ ਹੋਵੇ। ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ, ਇਸ ਦੇ ਸੁਚੱਜੇ ਪ੍ਰਬੰਧਨ ਲਈ ਉਪਲਬਧ ਸਾਧਨਾਂ ਦੀ ਵਰਤੋਂ ਕਰਨ ਦਾ ਵੀ ਸੱਦਾ ਦਿੱਤਾ।

ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਖਰੀਦ ਏਜੰਸੀਆਂ ਦੇ ਸਹਿਯੋਗ ਨਾਲ ਝੋਨੇ ਦੀ ਖਰੀਦ ਦਾ ਸੀਜ਼ਨ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਮੰਡੀਆਂ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਲਈ ਉਹ ਅਧਿਕਾਰੀਆਂ ਨਾਲ ਲਗਾਤਾਰ ਰਾਬਤਾ ਰੱਖਣਗੇ।

ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਸੰਗਰੂਰ ਦੇ ਪ੍ਰਧਾਨ ਸੁਖਵਿੰਦਰ ਸਿੰਘ ਮਾਨ, ਮਾਰਕੀਟ ਕਮੇਟੀ ਭਵਾਨੀਗੜ੍ਹ ਦੇ ਚੇਅਰਮੈਨ ਪਰਦੀਪ ਮਿੱਤਲ, ਨਗਰ ਕੌਂਸਲ ਭਵਾਨੀਗੜ੍ਹ ਦੇ ਪ੍ਰਧਾਨ ਅਵਤਾਰ ਤਾਰੀ, ਪਰਦੀਪ ਸਿੰਗਲਾ ਸੰਗਰੂਰ, ਕੌਂਸਲਰ ਕ੍ਰਿਸ਼ਨ ਲਾਲ ਵਿੱਕੀ, ਬੀਟਾ ਪ੍ਰਧਾਨ, ਕੌਂਸਲਰ ਰਾਜ ਨਫਰੀਆ ਅਤੇ ਜੱਗੀ ਘਰਾਚੋ ਵੀ ਹਾਜ਼ਰ ਸਨ।

# 5 ਅਕਤੂਬਰ ਨੂੰ ਡੀ.ਸੀ. ਦਫਤਰ ਪਟਿਆਲਾ ਦਾ ਘਿਰਾਓ

**ਪਟਿਆਲਾ, 3 ਅਕਤੂਬਰ (ਪੈ.ਗਾਮ-ਏ-ਜਗਤ)**



ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵਲੋਂ ਕਿਸਾਨੀ ਮੰਗਾਂ ਪ੍ਰਤੀ ਧਾਰੀ ਸਾਜਿਸ਼ੀ ਚੁੱਪ ਦਾ ਗੰਭੀਰ ਨੋਟਿਸ ਲੈਂਦੇ ਹੋਏ 5 ਅਕਤੂਬਰ 26 ਨੂੰ ਜਿਲਿਆ ਦੇ ਡਿਪਟੀ ਕਮਿਸ਼ਨਰਾਂ ਦੇ ਘਿਰਾਓ ਦਾ ਐਲਾਨ ਕੀਤਾ ਹੈ।

ਇਸ ਸਬੰਧੀ ਅੱਜ ਢੈਂਠਲ ਸਾਹਿਬ ਗੁਰਦੁਆਰਾ ਵਿਖੇ ਜਗਦੀਪ ਸਿੰਘ ਛੰਨਾ ਦੀ ਅਗਵਾਈ ਹੇਠ ਮੀਟਿੰਗ ਹੋਈ। ਜਿਸ ਵਿੱਚ ਜਿਲਾ ਬਲਾਕ ਆਗੂਆਂ ਨੇ ਹਿੱਸਾ ਲਿਆ। ਸੁਖਮਿੰਦਰ ਸਿੰਘ ਜਨਰਲ ਸਕੱਤਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਤੇ ਭਗਵੰਤ ਮਾਨ ਸਰਕਾਰ ਵੱਲੋਂ ਮੰਗਾਂ ਮੰਨਣ ਦੀ ਥਾਂ ਸਮਾਂ ਲੰਘਾਇਆ ਜਾ ਰਿਹਾ ਹੈ। ਜਿੱਥੇ ਮੋਦੀ ਸਰਕਾਰ ਐਮ.ਐਸ.ਪੀ. ਦੀ ਗਰੰਟੀ ਕਾਨੂੰਨ ਨਾ ਬਣਾ ਕੇ, ਬਿਜਲੀ ਬਿੱਲ, ਬੀਜ ਬਿੱਲ, ਮਨਰੇਗਾ ਦੀ ਥਾਂ ਜੀ ਰਾਮ ਜੀ, ਸਕੀਮ ਲਿਆ ਕੇ ਕਿਰਤੀ ਲੋਕਾਂ ਦੇ ਹੱਕਾਂ ਤੇ ਛਾਪਾ ਮਾਰ ਰਹੀ ਹੈ। ਕਾਲੇ ਕਾਨੂੰਨ ਤੇ ਕਿਰਤ ਕੋਡ ਲਾਗੂ ਕਰਕੇ ਲੜਦੇ ਲੋਕਾਂ ਦੀ ਸੰਘੀ ਨਪ ਰਹੀ ਹੈ ਉੱਥੇ ਪੰਜਾਬ ਸਰਕਾਰ ਵਲੋਂ ਫਸਲਾਂ ਤੇ ਹੜਾਂ ਦਾ ਮੁਆਵਜਾ ਦੇਣ, ਅਬਾਦਕਾਰਾਂ ਦੇ ਮਾਲਕੀ ਹੱਕ ਦੇਣ, ਕਰਜਾ ਮੁਆਫੀ ਖੇਤੀ ਨੀਤੀ ਬਣਾਉਣ ਸਬੰਧੀ ਖਾਮੋਸ਼ੀ ਧਾਰਨ ਕਰੀ ਬੈਠੀ ਹੈ। ਉੱਥੇ ਪੁਲਿਸ ਰਾਜ ਕਾਇਮ ਕਰਕੇ ਲੋਕਾਂ ਨੂੰ ਜ਼ੋਰ ਤੇ ਦੁਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪਹਿਲਾਂ ਵੀ 16 ਦਿਨਾਂ ਦਾ ਪੱਕਾ ਮੋਰਚਾ ਲਾਕੇ ਯੂਨੀਅਨ ਨੇ ਲੜਾਈ ਵਿੱਢੀ ਸੀ ਹੁਣ 5 ਅਕਤੂਬਰ ਨੂੰ ਵੱਡੀ ਲਾਮਬੰਦੀ ਕਰਕੇ ਡੀ.ਸੀ. ਦਫਤਰ ਪਟਿਆਲਾ ਦਾ ਘਿਰਾਓ ਕੀਤਾ ਜਾ ਰਿਹਾ ਹੈ।

ਜਥੇਬੰਦੀ ਨੇ ਮੰਗ ਕੀਤੀ ਹੈ ਕਿ ਸਰਕਾਰ ਗੱਲਬਾਤ ਕਰਕੇ ਕਿਸਾਨੀ ਮੰਗਾਂ ਦਾ ਨਿਪਟਾਰਾ ਕਰੇ। ਜਥੇਬੰਦੀ ਨੇ ਇਹ ਵੀ ਮੰਗ ਕੀਤੀ ਹੈ ਕਿ ਜੀਰੀ ਦੀ ਸੁਚਾਰੂ ਖਰੀਦ ਦੀ ਗਰੰਟੀ ਕੀਤੀ ਜਾਵੇ ਤੇ ਪਰਾਲੀ ਦਾ ਯੋਗ ਨਿਪਟਾਰਾ ਕਰਨ ਲਈ ਕਦਮ ਚੁੱਕੇ ਜਾਣ। ਅੱਜ ਦੀ ਮੀਟਿੰਗ ਵਿੱਚ ਜਿਲਾ ਖਜਾਨਚੀ ਜਗਮੇਲ ਸਿੰਘ ਗਾਜੇਵਾਸ, ਸੰਗਠਨ ਸਕੱਤਰ ਬਲਰਾਜ ਜ਼ੋਸ਼ੀ, ਬਲਾਕ ਦੇ ਪ੍ਰਧਾਨ ਅਮਰੀਕ ਸਿੰਘ ਘੱਗਾ, ਪ੍ਰੇਮ ਲਲੋਛੀ, ਭਰਭੂਰ ਸਿੰਘ ਗਾਜੇਵਾਸ, ਹਰਦੀਪ ਸਿੰਘ ਡਰੌਲੀ, ਜ਼ਸਵਿੰਦਰ ਸਿੰਘ ਸਾਲੂਵਾਲ, ਅਵਤਾਰ ਸਿੰਘ ਫੱਗਣਮਾਜਰਾ, ਦਵਿੰਦਰ ਸਿੰਘ ਸੀਲ, ਅਵਤਾਰ ਸਿੰਘ ਬੁਰੜ, ਵਰਿੰਦਰ ਸਿੰਘ ਭੋਲਾ ਤੋਂ ਇਲਾਵਾ ਹੋਰ ਆਗੂ ਮੌਜੂਦ ਸਨ।

# ਧੜੇਬੰਦੀਆਂ ਤੋਂ ਉੱਪਰ ਉੱਠ ਕੇ ਲੌਂਗੋਵਾਲ ਦੇ ਵਿਕਾਸ ਨੂੰ ਦਿੱਤੀ ਜਾਵੇਗੀ ਹੋਰ ਤੇਜ਼ੀ : ਅਮਨ ਅਰੋੜਾ

**ਲੌਂਗੋਵਾਲ/ਸੁਨਾਮ, 3 ਅਕਤੂਬਰ (ਪੈ.ਗਾਮ-ਏ-ਜਗਤ)**



ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਲੌਂਗੋਵਾਲ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ ਅਤੇ ਸਿਆਸੀ ਮਤਭੇਦਾਂ ਤੇ ਧੜੇਬੰਦੀਆਂ ਤੋਂ ਉੱਪਰ ਉੱਠ ਕੇ ਸ਼ਹਿਰ ਦੀ ਬਿਹਤਰੀ ਲਈ ਕੰਮ ਕਰਨ ਵਾਲੇ ਹਰ ਸਾਥੀ ਦਾ ਸਵਾਗਤ ਹੈ। ਉਨ੍ਹਾਂ ਕਿਹਾ ਕਿ ਲੋਕਾਂ

- **ਵਾਰਡ ਨੰਬਰ 4 ਦੇ ਕੌਂਸਲਰ ਗੁਰਪਾਲ ਸਿੰਘ ਪਾਲੀ ਸਾਥੀਆਂ ਅਤੇ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ**
- **ਨਵੇਂ ਸਾਥੀਆਂ ਨੂੰ ਮਿਲੇਗਾ ਪੂਰਾ ਮਾਣ-ਸਤਿਕਾਰ; ਲੋਕਾਂ ਦਾ ਭਰੋਸਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦੀ ਗਵਾਹੀ: ਕੈਬਨਿਟ ਮੰਤਰੀ**

ਦੀ ਇੱਕਜੁੱਟਤਾ ਅਤੇ ਸਹਿਯੋਗ ਨਾਲ ਆਉਣ ਵਾਲੇ ਸਮੇਂ ਵਿੱਚ ਲੌਂਗੋਵਾਲ ਦੇ ਵਿਕਾਸ ਕਾਰਜਾਂ ਨੂੰ ਦੁੱਗਣੀ-ਤਿੱਗਣੀ ਰਫ਼ਤਾਰ ਨਾਲ ਅੱਗੇ ਵਧਾਇਆ ਜਾਵੇਗਾ।

ਕੈਬਨਿਟ ਮੰਤਰੀ ਅੱਜ ਲੌਂਗੋਵਾਲ ਵਿਖੇ ਵਾਰਡ ਨੰਬਰ 4 ਦੇ ਕੌਂਸਲਰ ਸ੍ਰੀ ਗੁਰਪਾਲ ਸਿੰਘ ਪਾਲੀ ਅਤੇ ਉਨ੍ਹਾਂ ਦੇ ਸਾਥੀਆਂ ਤੇ ਪਰਿਵਾਰਾਂ ਦੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਮੌਕੇ ਸੰਬੋਧਨ ਕਰ ਰਹੇ ਸਨ। ਉਨ੍ਹਾਂ ਪਾਰਟੀ ਵਿੱਚ ਸ਼ਾਮਲ ਹੋਏ ਸਮੂਹ ਸਾਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।

ਅਮਨ ਅਰੋੜਾ ਨੇ ਕਿਹਾ ਕਿ 52 ਸ਼ਹੀਦਾਂ ਦੀ ਪਵਿੱਤਰ ਧਰਤੀ ਲੌਂਗੋਵਾਲ ਦੇ ਲੋਕਾਂ ਨੇ ਹਮੇਸ਼ਾ ਆਪਸੀ ਸਾਂਝ ਅਤੇ ਲੋਕ-ਹਿੱਤਾਂ ਨੂੰ ਅਹਿਮੀਅਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੁਰਾਣੇ ਸਿਆਸੀ ਮਤਭੇਦਾਂ ਨੂੰ ਪਾਸੇ ਰੱਖ ਕੇ ਸ਼ਹਿਰ ਅਤੇ ਵਾਰਡਾਂ ਦੇ ਵਿਕਾਸ ਲਈ ਇਕੱਠੇ ਹੋਣਾ ਇੱਕ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਉਨ੍ਹਾਂ ਸਤਨਾਮ ਸਿੰਘ, ਯਾਦਵਿੰਦਰ ਸਿੰਘ, ਬਲਵਿੰਦਰ ਸਿੰਘ ਅਤੇ ਹੋਰਨਾਂ ਸਾਥੀਆਂ ਵੱਲੋਂ ਇੱਕਜੁੱਟਤਾ ਲਈ ਨਿਭਾਈ ਭੂਮਿਕਾ ਦੀ ਵੀ ਸ਼ਲਾਘਾ ਕੀਤੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕਾਂ ਦੀਆਂ ਲੋੜਾਂ ਅਤੇ ਇਲਾਕੇ ਦੇ ਵਿਕਾਸ ਨੂੰ ਕੇਂਦਰ ਵਿੱਚ ਰੱਖ ਕੇ ਕੀਤੀ ਜਾਣ ਵਾਲੀ ਰਾਜਨੀਤੀ ਹੀ ਸਾਰਥਕ ਨਤੀਜੇ ਦੇ ਸਕਦੀ ਹੈ। ਉਨ੍ਹਾਂ ਕਿਹਾ ਕਿ ਲੌਂਗੋਵਾਲ ਵਿੱਚ ਪਹਿਲਾਂ ਹੋਏ ਵਿਕਾਸ ਕਾਰਜਾਂ ਦੀ ਲੜੀ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ ਅਤੇ ਸ਼ਹਿਰ ਦੀ ਬਿਹਤਰੀ ਲਈ ਸਾਂਝੇ ਯਤਨਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਉਨ੍ਹਾਂ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਲੋਕਾਂ ਨਾਲ ਨਿਰੰਤਰ ਰਾਬਤਾ ਬਣਾਈ ਰੱਖਣ ਅਤੇ ਉਨ੍ਹਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਉਠਾਉਣ ਦਾ ਸੱਦਾ ਦਿੱਤਾ। ਅਮਨ ਅਰੋੜਾ ਨੇ ਦੋਸ਼ ਲਾਇਆ ਕਿ ਸਾਲ 2007 ਤੋਂ 2017 ਤੱਕ ਅਕਾਲੀ-ਭਾਜਪਾ ਗੱਠਜੋੜ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਵਿੱਚ 'ਚਿੱਟੇ' ਦਾ ਪਸਾਰ ਹੋਇਆ ਅਤੇ ਨਸ਼ਿਆਂ ਨੂੰ ਰੋਕਣ ਦੀ ਥਾਂ ਸਰਕਾਰੀ ਗੱਡੀਆਂ ਵਿੱਚ ਵੀ ਨਸ਼ਾ ਵਿਕਦਾ ਰਿਹਾ। ਉਨ੍ਹਾਂ ਭਾਜਪਾ ਨੂੰ ਸਵਾਲ ਕੀਤਾ ਕਿ ਉਸ ਸਮੇਂ ਸਰਕਾਰ ਦਾ ਹਿੱਸਾ ਹੋਣ ਦੇ ਬਾਵਜੂਦ ਪਾਰਟੀ ਨੇ ਇਸ ਸਮੱਸਿਆ ਨੂੰ ਰੋਕਣ ਲਈ ਕੀ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਲੋਕ ਹੁਣ ਸਿਆਸੀ ਬਿਆਨਬਾਜ਼ੀ ਅਤੇ ਤਾਰੀਖ਼ਾਂ ਦੇ ਕੇ ਕੀਤੇ ਜਾਣ ਵਾਲੇ ਵਾਅਦਿਆਂ ਦੀ ਹਕੀਕਤ ਨੂੰ ਚੰਗੀ ਤਰ੍ਹਾਂ ਸਮਝਦੇ ਹਨ। ਕਾਂਗਰਸ ਦੇ ਅੰਦਰੂਨੀ ਹਾਲਾਤ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪਾਰਟੀ ਆਗੂਆਂ ਦੇ ਬਿਆਨ ਹੀ ਉਨ੍ਹਾਂ ਦੇ ਆਪਸੀ ਮਤਭੇਦਾਂ ਨੂੰ ਉਜਾਗਰ ਕਰ ਰਹੇ ਹਨ। ਉਨ੍ਹਾਂ ਟਿੱਪਣੀ ਕੀਤੀ ਕਿ ਕਾਂਗਰਸ ਵਿੱਚ ਅਹੁਦੇ 'ਤੇ ਬੈਠੇ ਆਗੂ ਦੀ ਊਰਜਾ ਆਪਣੀ ਕੁਰਸੀ ਬਚਾਉਣ ਵਿੱਚ ਲੱਗ ਜਾਂਦੀ ਹੈ, ਜਦਕਿ ਹੋਰ ਆਗੂ ਉਸ ਨੂੰ ਹਟਾਉਣ ਲਈ ਯਤਨ ਕਰਦੇ ਰਹਿੰਦੇ ਹਨ। ਇਸ ਮੌਕੇ ਉਨ੍ਹਾਂ ਆਪਣੇ ਵਿਧਾਨ ਸਭਾ ਸਾਥੀ ਅਤੇ ਸਾਬਕਾ ਓਲੰਪੀਅਨ ਸ੍ਰੀ ਪਰਗਟ ਸਿੰਘ ਨੂੰ ਸ਼ੁਭਕਾਮਨਾਵਾਂ ਵੀ ਦਿੱਤੀਆਂ। ਬੰਦੀ ਸਿੰਘਾਂ ਦੀ ਰਿਹਾਈ ਬਾਰੇ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮੁੱਦਾ ਮਨੁੱਖਤਾ ਦੇ ਨਜ਼ਰੀਏ ਤੋਂ ਵਿਚਾਰਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਚਾਹੇ ਬੰਦੀ ਸਿੰਘ ਹੋਣ ਜਾਂ ਹੋਰ ਕੈਦੀ, ਜਿਨ੍ਹਾਂ ਨੇ ਆਪਣੀਆਂ ਨਿਰਧਾਰਿਤ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਉਨ੍ਹਾਂ ਦੀ ਰਿਹਾਈ ਜਲਦ ਤੋਂ ਜਲਦ ਹੋਣੀ ਚਾਹੀਦੀ ਹੈ।

ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਅੱਜ ਦੇ ਇਕੱਠ ਵਿੱਚ ਲੋਕਾਂ ਦਾ ਉਤਸ਼ਾਹ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜਨ ਦਾ ਰੁਝਾਨ ਆਉਣ ਵਾਲੀਆਂ ਚੋਣਾਂ ਦਾ 'ਟ?ਰੇਲਰ' ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਕਾਰਜਕਾਲ ਦੇ ਇਸ ਪੜਾਅ 'ਤੇ ਵੀ ਲੋਕਾਂ ਦਾ ਆਪ ਮੁਹਾਰੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣਾ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਕੰਮਾਂ ਪ੍ਰਤੀ ਉਨ੍ਹਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਜਾ ਰਹੇ ਪਿਆਰ ਅਤੇ ਸਹਿਯੋਗ ਨਾਲ ਲੋਕ ਸੇਵਾ ਅਤੇ ਵਿਕਾਸ ਪ੍ਰਤੀ ਉਨ੍ਹਾਂ ਦੀ ਜ਼ਿੰਮੇਵਾਰੀ ਹੋਰ ਵਧੀ ਹੈ, ਜਿਸ ਨੂੰ ਉਹ ਪੂਰੀ ਵਚਨਬੱਧਤਾ ਨਾਲ ਨਿਭਾਉਣਗੇ।

# ਸੀਬੀਐਸਈ ਨੈਸ਼ਨਲ ਕਬੱਡੀ ਮੁਕਾਬਲਾ 2026 ਵਿੱਚ ਸ੍ਰਿਸ਼ਟੀ ਇੰਟਰਨੈਸ਼ਨਲ ਸਪੋਰਟਸ ਸਕੂਲ, ਮੋਠ (ਨਾਰਨੌਂਦ) ਦੇ ਖਿਡਾਰੀਆਂ ਨੇ ਜਿੱਤਿਆ ਗੋਲਡ ਮੈਡਲ

**ਪੈ.ਗਾਮ-ਏ-ਜਗਤ ਹਾਂਸੀ, 03 ਅਕਤੂਬਰ (ਦਿਨਕਰ ਗਾਵੜੀ)**



ਉੱਤਰ ਪ੍ਰਦੇਸ਼ ਦੇ ਪ੍ਰਤਾਪਗੜ੍ਹ ਸਥਿਤ 'ਨਿਊ ਏਂਜਲ ਸੀਨੀਅਰ ਸੈਕੰਡਰੀ ਸਕੂਲ' ਵਿੱਚ 28 ਸਤੰਬਰ ਤੋਂ 03 ਅਕਤੂਬਰ 2026 ਤੱਕ ਕਰਵਾਏ ਗਏ ਸੀਬੀਐਸਈ ਨੈਸ਼ਨਲ ਕਬੱਡੀ ਮੁਕਾਬਲਾ 2026 ਵਿੱਚ ਸ੍ਰਿਸ਼ਟੀ ਇੰਟਰਨੈਸ਼ਨਲ ਸਪੋਰਟਸ ਸਕੂਲ, ਮੋਠ (ਨਾਰਨੌਂਦ, ਹਰਿਆਣਾ) ਦੀ ਅੰਡਰ-17 (ਵਿਦਿਆਰਥੀ ਵਰਗ) ਟੀਮ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲਗਾਤਾਰ ਮੁਕਾਬਲਿਆਂ ਵਿੱਚ ਜਿੱਤ ਦਰਜ ਕਰਕੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਗੋਲਡ ਮੈਡਲ ਆਪਣੇ ਨਾਮ ਕੀਤਾ। ਇਸ ਕੌਮੀ ਮੁਕਾਬਲੇ ਵਿੱਚ ਦੇਸ਼ ਦੇ ਲਗਭਗ ਸਾਰੇ ਸੂਬਿਆਂ ਤੋਂ ਪ੍ਰਸਿੱਧ ਸਕੂਲਾਂ ਦੇ ਖਿਡਾਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

ਟੂਰਨਾਮੈਂਟ ਦੇ ਸ਼ੁਰੂਆਤੀ ਦੌਰ ਵਿੱਚ ਸਖ਼ਤ ਮੁਕਾਬਲੇ ਦੇਖਣ ਨੂੰ ਮਿਲੇ, ਜਿਸ ਵਿੱਚ ਸਾਰੀਆਂ ਟੀਮਾਂ ਵਿਚਕਾਰ ਕੁੱਲ 32 ਰਾਊਂਡ ਖੇਡੇ ਗਏ। ਸ੍ਰਿਸ਼ਟੀ ਸਕੂਲ ਦੇ ਖਿਡਾਰੀਆਂ ਨੇ ਹਰ ਪੜਾਅ 'ਤੇ ਸ਼ਾਨਦਾਰ ਖੇਡ ਭਾਵਨਾ, ਬਿਹਤਰੀਨ ਰੇਡਿੰਗ ਅਤੇ ਮਜ਼ਬੂਤ ਡਿਫੈਂਸ ਦਾ ਪ੍ਰਦਰਸ਼ਨ ਕੀਤਾ:

**1 ਅਕਤੂਬਰ 2026 (5ਵਾਂ ਰਾਊਂਡ)**: ਸ੍ਰਿਸ਼ਟੀ ਸਕੂਲ ਮੋਠ (ਨਾਰਨੌਂਦ), ਹਰਿਆਣਾ ਅਤੇ ਬਾਲ ਵਿਦਿਆ ਸਕੂਲ, ਦਿੱਲੀ ਵਿਚਕਾਰ ਹੋਏ ਰੋਮਾਂਚਕ ਮੁਕਾਬਲੇ ਵਿੱਚ ਸ੍ਰਿਸ਼ਟੀ ਦੀ ਟੀਮ ਨੇ ਇਕਤਰਫ਼ਾ ਅਤੇ ਸ਼ਾਨਦਾਰ ਖੇਡ ਦਿਖਾਉਂਦਿਆਂ 36-13 ਦੇ ਸ਼ਾਨਦਾਰ ਸਕੋਰ ਨਾਲ ਮੁਕਾਬਲਾ ਆਪਣੇ ਨਾਮ ਕੀਤਾ।

**2 ਅਕਤੂਬਰ 2026 (14ਵਾਂ ਰਾਊਂਡ)**: ਸ੍ਰਿਸ਼ਟੀ ਸਕੂਲ ਮੋਠ (ਨਾਰਨੌਂਦ) ਅਤੇ ਏਆਈਸੀ ਅਕੈਡਮੀ, ਲੁਧਿਆਣਾ ਵਿਚਕਾਰ ਖੇਡੇ ਗਏ ਮੁਕਾਬਲੇ ਵਿੱਚ ਸਖ਼ਤ ਸੰਘਰਸ਼ ਤੋਂ ਬਾਅਦ ਸ੍ਰਿਸ਼ਟੀ ਦੀ ਟੀਮ ਨੇ 37-25 ਦੇ ਸਕੋਰ ਨਾਲ ਜਿੱਤ ਦਰਜ ਕੀਤੀ।

**2 ਅਕਤੂਬਰ 2026 (24ਵਾਂ ਰਾਊਂਡ)**: ਸ੍ਰਿਸ਼ਟੀ ਸਕੂਲ ਮੋਠ (ਨਾਰਨੌਂਦ) ਅਤੇ ਸਾਂਦੀਪਨੀ ਅਕੈਡਮੀ, ਮੰਡਲੇਸ਼ਵਰ (ਖਰਗੋਨ), ਮੱਧ ਪ੍ਰਦੇਸ਼ ਵਿਚਕਾਰ ਹੋਏ ਮੁਕਾਬਲੇ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ 38-16 ਦੇ ਸਕੋਰ ਨਾਲ ਜਿੱਤ ਹਾਸਲ ਕਰਕੇ ਟੀਮ ਨੇ ਕੁਆਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ।

**3 ਅਕਤੂਬਰ 2026 (ਕੁਆਰਟਰ ਫਾਈਨਲ)**: ਸ੍ਰਿਸ਼ਟੀ ਸਕੂਲ ਮੋਠ (ਨਾਰਨੌਂਦ) ਅਤੇ ਮਹੇਸ਼ਵਰੀ ਪਬਲਿਕ ਸਕੂਲ, ਜੈਪੁਰ (ਰਾਜਸਥਾਨ) ਵਿਚਕਾਰ ਹੋਏ ਮੁਕਾਬਲੇ ਨੂੰ 28-13 ਦੇ ਵੱਡੇ ਫਰਕ ਨਾਲ ਜਿੱਤ ਕੇ ਟੀਮ ਨੇ ਸੈਮੀਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ।

**ਸੈਮੀਫਾਈਨਲ ਮੁਕਾਬਲਾ**: ਸੈਮੀਫਾਈਨਲ ਵਿੱਚ ਸ੍ਰਿਸ਼ਟੀ ਸਕੂਲ ਦਾ ਮੁਕਾਬਲਾ ਆਰਮੀ ਪਬਲਿਕ ਸਕੂਲ ਪੁਣੇ, ਮਹਾਰਾਸ਼ਟਰ ਨਾਲ ਹੋਇਆ। ਇੱਥੇ ਵੀ ਟੀਮ ਨੇ ਆਪਣਾ ਦਬਦਬਾ ਕਾਇਮ ਰੱਖਦਿਆਂ 36-18 ਦੇ ਸ਼ਾਨਦਾਰ ਸਕੋਰ ਨਾਲ ਜਿੱਤ ਦਰਜ ਕਰਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ।

**ਫਾਈਨਲ ਮੁਕਾਬਲਾ (ਗੋਲਡ ਮੈਡਲ ਮੈਚ)** : ਫਾਈਨਲ ਮੁਕਾਬਲਾ ਸ੍ਰਿਸ਼ਟੀ ਇੰਟਰਨੈਸ਼ਨਲ ਸਪੋਰਟਸ ਸਕੂਲ, ਮੋਠ (ਨਾਰਨੌਂਦ), ਹਰਿਆਣਾ ਅਤੇ ਆਕਸਫੋਰਡ ਗ੍ਰੀਨ ਪਬਲਿਕ ਸਕੂਲ, ਨੋਇਡਾ ਵਿਚਕਾਰ ਖੇਡਿਆ ਗਿਆ। ਸ਼ੁਰੂ ਤੋਂ ਹੀ ਮਜ਼ਬੂਤ ਡਿਫੈਂਸ, ਬਿਹਤਰੀਨ ਤਾਲਮੇਲ ਅਤੇ ਸੁਪਰ ਰੇਡਾਂ ਦੇ ਦਮ 'ਤੇ ਸ੍ਰਿਸ਼ਟੀ ਦੀ ਟੀਮ ਨੇ ਇਹ ਖ਼?ਤਾਬੀ ਮੁਕਾਬਲਾ 38-14 ਦੇ ਵੱਡੇ ਫਰਕ ਨਾਲ ਜਿੱਤ ਕੇ ਸੋਨੇ ਦਾ ਤਮਗਾ (ਗੋਲਡ ਮੈਡਲ) ਆਪਣੇ ਨਾਮ ਕਰ ਲਿਆ।

**ਸਕੂਲ ਪਰਿਵਾਰ ਵਿੱਚ ਖੁਸ਼ੀ ਦੀ ਲਹਿਰ** : ਇਸ ਇਤਿਹਾਸਕ ਜਿੱਤ 'ਤੇ ਬਿਜੇਂਦਰ ਸਿੰਘ ਲੋਹਾਨ, ਜ਼ਿਲ੍ਹਾ ਮਹਾਮੰਤਰੀ ਭਾਰਤੀ ਜਨਤਾ ਪਾਰਟੀ, ਹਾਂਸੀ ਅਤੇ ਪ੍ਰਧਾਨ ਹਰਿਆਣਾ ਆਈਸ ਸਕੇਟਿੰਗ ਐਸੋਸੀਏਸ਼ਨ ਨੇ ਕਿਹਾ ਕਿ— "ਸ੍ਰਿਸ਼ਟੀ ਇੰਟਰਨੈਸ਼ਨਲ ਸਪੋਰਟਸ ਸਕੂਲ, ਮੋਠ (ਨਾਰਨੌਂਦ) ਦੇ ਖਿਡਾਰੀਆਂ ਵੱਲੋਂ ਸੀਬੀਐਸਈ ਨੈਸ਼ਨਲ ਕਬੱਡੀ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਣਾ ਪੂਰੇ ਖੇਤਰ ਲਈ ਮਾਣ ਅਤੇ ਖੁਸ਼ੀ ਦਾ ਵਿਸ਼ਾ ਹੈ। ਖਿਡਾਰੀਆਂ ਨੇ ਆਪਣੀ ਮਿਹਨਤ, ਅਨੁਸ਼ਾਸਨ, ਖੇਡ ਪ੍ਰਤਿਭਾ ਅਤੇ ਸ਼ਾਨਦਾਰ ਟੀਮ ਭਾਵਨਾ ਦੇ ਦਮ 'ਤੇ ਕੌਮੀ ਪੱਧਰ 'ਤੇ ਹਰਿਆਣਾ ਦਾ ਨਾਮ ਰੌਸ਼ਨ ਕੀਤਾ ਹੈ। ਇਹ ਉਪਲਬਧੀ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ, ਕੋਚਾਂ ਅਤੇ ਪੂਰੇ ਸਕੂਲ ਪਰਿਵਾਰ ਦੀ ਮਿਹਨਤ ਦਾ ਨਤੀਜਾ ਹੈ। ਮੈਂ ਸਾਰੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਕੋਚ ਅਤੇ ਸਕੂਲ ਪ੍ਰਬੰਧਨ ਨੂੰ ਇਸ ਸ਼ਾਨਦਾਰ ਸਫਲਤਾ 'ਤੇ ਦਿਲੋਂ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦਾ ਹਾਂ। ਮੈਨੂੰ ਵਿਸ਼ਵਾਸ ਹੈ ਕਿ ਇਹ ਖਿਡਾਰੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੇਸ਼ ਅਤੇ ਸੂਬੇ ਦਾ ਨਾਮ ਰੌਸ਼ਨ ਕਰਨਗੇ।" ਸਕੂਲ ਦੇ ਮੈਨੇਜਰ ਅਨੂਪ ਲੋਹਾਨ ਨੇ ਜੇਤੂ ਖਿਡਾਰੀਆਂ, ਕੋਚ (ਸੁਭਾਸ਼ ਲੋਹਾਨ, ਪ੍ਰਦੀਪ ਜਾਗਲਾਨ ਅਤੇ ਦੀਪਕ ਬਡਾਲਾ) ਅਤੇ ਸਮੁੱਚੇ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡੇ ਬੱਚਿਆਂ ਨੇ ਆਪਣੀ ਮਿਹਨਤ ਅਤੇ ਅਨੁਸ਼ਾਸਨ ਨਾਲ ਕੌਮੀ ਪੱਧਰ 'ਤੇ ਹਰਿਆਣਾ ਅਤੇ ਖੇਤਰ ਦਾ ਨਾਮ ਰੌਸ਼ਨ ਕੀਤਾ ਹੈ। ਉੱਥੇ ਹੀ, ਸਕੂਲ ਦੇ ਪ੍ਰਿੰਸੀਪਲ ਘਨਸ਼ਿਆਮ ਵਰਮਾ ਨੇ ਕਿਹਾ ਕਿ ਇਹ ਸਫਲਤਾ ਬੱਚਿਆਂ ਦੀ ਅਥੱਕ ਮਿਹਨਤ ਅਤੇ ਖੇਡ ਪ੍ਰਤੀ ਉਨ੍ਹਾਂ ਦੇ ਸਮਰਪਣ ਦਾ ਨਤੀਜਾ ਹੈ। ਇਸ ਸ਼ਾਨਦਾਰ ਉਪਲਬਧੀ ਨਾਲ ਪੂਰੇ ਸਕੂਲ ਅਤੇ ਖੇਤਰ ਵਿੱਚ ਜਸ਼ਨ ਵਰਗਾ ਮਾਹੌਲ ਹੈ।

# ਟਿਊਬਵੈੱਲਾਂ ਦੇ ਵਾਧੂ ਲੋਡ ਨੂੰ ਰੈਗੂਲਰ ਕਰਵਾਉਣ ਦਾ ਮੌਕਾ, ਕਿਸਾਨ ਵੀ.ਡੀ.ਐਸ. ਸਕੀਮ ਦਾ ਲਾਭ ਲੈਣ: ਚੇਅਰਮੈਨ ਮਾਰਕੀਟ ਕਮੇਟੀ

**ਪੈ.ਗਾਮ-ਏ-ਜਗਤ/ਡੇਰਾਬੱਸੀ 03 ਅਕਤੂਬਰ (ਸੰਜੀਵ ਸਿੰਘ ਸੈਣੀ)**



ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਖੇਤੀਬਾੜੀ ਟਿਊਬਵੈੱਲ ਖਪਤਕਾਰਾਂ ਦੇ ਗੈਰ-ਅਧਿਕਾਰਤ ਵਾਧੂ ਲੋਡ ਨੂੰ ਨਿਯਮਤ ਕਰਨ ਲਈ Voluntary Disclosure Scheme ਸ਼ੁਰੂ ਕੀਤੀ ਗਈ ਹੈ। ਇਸ ਸਬੰਧੀ ਕਿਸਾਨਾਂ ਨੂੰ ਪੂਰੀ ਜਾਣਕਾਰੀ ਦਿੰਦਿਆਂ ਗੁਰਸੇਵਕ ਸਿੰਘ ਪੁਆਧੀ, ਸੰਗਠਨ ਇੰਚਾਰਜ ਹਲਕਾ ਡੇਰਾਬੱਸੀ ਅਤੇ ਚੇਅਰਮੈਨ ਮਾਰਕੀਟ ਕਮੇਟੀ ਲਾਲੜੂ ਨੇ ਕਿਸਾਨ ਭਰਾਵਾਂ ਨੂੰ ਨਿਰਧਾਰਤ ਸਮੇਂ ਅੰਦਰ ਇਸ ਸਹੂਲਤ ਦਾ ਲਾਭ ਲੈਣ ਦੀ ਅਪੀਲ ਕੀਤੀ।

ਉਨ੍ਹਾਂ ਦੱਸਿਆ ਕਿ ਇਹ ਸਕੀਮ 1 ਅਕਤੂਬਰ 2026 ਤੋਂ 45 ਦਿਨਾਂ ਲਈ ਲਾਗੂ ਰਹੇਗੀ। ਇਸ ਤਹਿਤ 29 ਮਈ 2026 ਤੱਕ ਮੌਜੂਦ ਖੇਤੀਬਾੜੀ ਟਿਊਬਵੈੱਲ ਕੁਨੈਕਸ਼ਨਾਂ ਦੇ ਗੈਰ-ਅਧਿਕਾਰਤ ਵਾਧੂ ਲੋਡ ਨੂੰ ਨਿਯਮਤ ਕਰਵਾਉਣ ਦੀ ਸਹੂਲਤ ਦਿੱਤੀ ਗਈ ਹੈ।

ਵੀ.ਡੀ.ਐਸ. ਅਧੀਨ ਵਾਧੂ ਲੋਡ ਰੈਗੂਲਰ ਕਰਵਾਉਣ ਲਈ ਸਰਵਿਸ ਕਨੈਕਸ਼ਨ ਚਾਰਜ 2,500 ਪ੍ਰਤੀ ਬੀ.ਐਚ.ਪੀ. ਅਤੇ ਸਕਿਉਰਿਟੀ (ਕੰਜ਼ੰਪਸ਼ਨ) 200 ਪ੍ਰਤੀ ਬੀ.ਐਚ.ਪੀ. ਨਿਰਧਾਰਤ ਕੀਤੀ ਗਈ ਹੈ। ਇਸ ਤੋਂ ਇਲਾਵਾ, ਸਕੀਮ ਦੀ ਮਿਆਦ ਦੌਰਾਨ ਖਪਤਕਾਰ ਵੱਲੋਂ ਖੁਦ ਦੱਸੇ ਜਾਂ ਜਾਂਚ ਦੌਰਾਨ ਸਾਹਮਣੇ ਆਏ ਗੈਰ-ਅਧਿਕਾਰਤ ਵਾਧੂ ਲੋਡ 'ਤੇ ਜੁਰਮਾਨਾ/ਲੋਡ ਸਰਚਾਰਜ ਨਾ ਲਗਾਉਣ ਦੀ ਵਿਵਸਥਾ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਕਿਸਾਨ Self-Declaration ਰਾਹੀਂ ਵੀ ਆਪਣਾ ਵਾਧੂ ਲੋਡ ਰੈਗੂਲਰ ਕਰਵਾ ਸਕਦੇ ਹਨ। ਜੇ ਕਿਸੇ ਟਿਊਬਵੈੱਲ ਦਾ ਵਾਧੂ ਲੋਡ ਰੈਗੂਲਰ ਕਰਨ ਲਈ ਸਰਵਿਸ ਲਾਈਨ, ਕੇਬਲ ਜਾਂ ਟਰਾਂਸਫਾਰਮਰ ਦੀ ਸਮਰੱਥਾ ਵਧਾਉਣ ਦੀ ਲੋੜ ਪੈਂਦੀ ਹੈ ਤਾਂ ਨਿਰਧਾਰਤ ਨਿਯਮਾਂ ਅਨੁਸਾਰ ਇਹ ਕੰਮ ਪੀ.ਐਸ.ਪੀ.ਸੀ.ਐਲ. ਵੱਲੋਂ ਆਪਣੇ ਖਰਚੇ 'ਤੇ ਕੀਤਾ ਜਾਵੇਗਾ। ਗੁਰਸੇਵਕ ਸਿੰਘ ਪੁਆਧੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੇ ਟਿਊਬਵੈੱਲਾਂ ਦਾ ਲੋਡ ਮਨਜ਼ੂਰਸ਼ੁਦਾ ਲੋਡ ਤੋਂ ਵੱਧ ਹੈ, ਉਹ ਆਪਣੇ ਨੇੜਲੇ ਪੀ.ਐਸ.ਪੀ.ਸੀ.ਐਲ. ਦਫ਼ਤਰ ਤੋਂ ਪੂਰੀ ਜਾਣਕਾਰੀ ਪ੍ਰਾਪਤ ਕਰਨ ਅਤੇ 45 ਦਿਨਾਂ ਦੀ ਮਿਆਦ ਅੰਦਰ ਲੋੜੀਂਦੀ ਕਾਰਵਾਈ ਕਰਵਾਉਣ। ਉਨ੍ਹਾਂ ਕਿਹਾ ਕਿ ਕਿਸਾਨਾਂ ਤੱਕ ਅਜਿਹੀਆਂ ਮਹੱਤਵਪੂਰਨ ਵਿਭਾਗੀ ਸਹੂਲਤਾਂ ਅਤੇ ਨਿਯਮਾਂ ਦੀ ਸਹੀ ਜਾਣਕਾਰੀ ਪਹੁੰਚਾਉਣਾ ਜ਼ਰੂਰੀ ਹੈ, ਤਾਂ ਜੋ ਉਹ ਸਮੇਂ ਸਿਰ ਇਸ ਦਾ ਲਾਭ ਲੈ ਸਕਣ।

# ਹਾਂਸੀ ਵਿੱਚ ਡਾ. ਨੇਹਾ ਧਵਨ ਨੇ 6 ਆਂਗਣਵਾੜੀ ਕੇਂਦਰਾਂ ਦਾ ਕੀਤਾ ਦੌਰਾ

**ਪੈ.ਗਾਮ-ਏ-ਜਗਤ ਹਾਂਸੀ, 03 ਅਕਤੂਬਰ (ਦਿਨਕਰ ਗਾਵੜੀ)**

- **ਔਰਤਾਂ ਅਤੇ ਬੱਚਿਆਂ ਦੇ ਪੋਸ਼ਣ ਤੇ ਸਿਹਤ ਸਬੰਧੀ ਕੀਤਾ ਜਾਗਰੂਕ, ਆਂਗਣ ਮਿਲਣ ਪ੍ਰੋਗਰਾਮ: ਡਾ. ਨੇਹਾ ਧਵਨ ਨੇ ਆਂਗਣਵਾੜੀ ਵਰਕਰਾਂ ਦਾ ਕੀਤਾ ਸਨਮਾਨ**



ਔਰਤਾਂ ਅਤੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸਮੁੱਚੇ ਵਿਕਾਸ ਸਬੰਧੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਭਾਜਪਾ ਦੀ ਸੂਬਾ ਬੁਲਾਰਨ ਅਤੇ ਭਾਰਤ ਸਰਕਾਰ ਦੇ ਹੁਨਰ ਵਿਕਾਸ ਅਤੇ ਉੱਦਮਤਾ ਮੰਤਰਾਲੇ ਦੀ ਰਾਸ਼ਟਰੀ ਸਲਾਹਕਾਰ ਡਾ. ਨੇਹਾ ਧਵਨ ਨੇ ਹਾਂਸੀ ਖੇਤਰ ਦੇ ਛੇ ਆਂਗਣਵਾੜੀ ਕੇਂਦਰਾਂ ਦਾ ਦੌਰਾ ਕੀਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮਦਿਨ ਦੇ ਮੌਕੇ ਕਰਵਾਏ ਗਏ ਸੇਵਾ ਸੰਕਲਪ ਅਭਿਆਨ ਤਹਿਤ ਆਂਗਣਵਾੜੀ ਕੇਂਦਰਾਂ ਵਿੱਚ 'ਆਂਗਣ ਮਿਲਣ' ਪ੍ਰੋਗਰਾਮ ਕਰਵਾਇਆ ਗਿਆ। 'ਆਂਗਣ ਮਿਲਣ' ਦਾ ਉਦੇਸ਼ ਸਮਾਜ ਦੇ ਆਖਰੀ ਪੱਧਰ ਤੱਕ ਸਿਹਤ, ਪੋਸ਼ਣ ਅਤੇ ਲੋਕ ਭਲਾਈ ਨਾਲ ਸਬੰਧਤ ਯੋਜਨਾਵਾਂ ਦੀ ਜਾਣਕਾਰੀ ਪਹੁੰਚਾਉਣਾ ਹੈ। ਡਾ. ਨੇਹਾ ਧਵਨ ਨੇ ਦੱਸਿਆ ਕਿ ਇਸ ਪਹਿਲਕਦਮੀ ਰਾਹੀਂ ਆਂਗਣਵਾੜੀ ਕੇਂਦਰਾਂ ਨੂੰ ਸਿਰਫ਼ ਬੱਚਿਆਂ ਅਤੇ ਔਰਤਾਂ ਦੀ ਦੇਖਭਾਲ ਦੇ ਕੇਂਦਰ ਨਾ ਬਣਾਕੇ ਲੋਕ ਜਾਗਰੂਕਤਾ ਅਤੇ ਸਮਾਜਿਕ ਭਾਗੀਦਾਰੀ ਦਾ ਮਜ਼ਬੂਤ ਮਾਧਿਅਮ ਬਣਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਡਾ. ਧਵਨ ਨੇ ਕਿਹਾ ਕਿ ਪ੍ਰੋਗਰਾਮ ਦੌਰਾਨ ਔਰਤਾਂ, ਬੱਚਿਆਂ ਅਤੇ ਪਰਿਵਾਰਾਂ ਨੂੰ ਸੰਤੁਲਿਤ ਪੋਸ਼ਣ, ਸਫ਼ਾਈ, ਸਿਹਤ ਸੰਭਾਲ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਦੌਰਾਨ ਉਨ੍ਹਾਂ ਨੇ ਆਂਗਣਵਾੜੀ ਵਰਕਰਾਂ ਤੋਂ ਕੇਂਦਰਾਂ ਵਿੱਚ ਚੱਲ ਰਹੀਆਂ ਗਤੀਵਿਧੀਆਂ, ਬੱਚਿਆਂ ਦੀ ਦੇਖਭਾਲ, ਪੋਸ਼ਣ ਪ੍ਰਬੰਧ ਅਤੇ ਔਰਤਾਂ ਤੇ ਬੱਚਿਆਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਬਾਰੇ ਜਾਣਕਾਰੀ ਲਈ।

ਡਾ. ਨੇਹਾ ਧਵਨ ਨੇ ਹਾਂਸੀ ਦੀ ਵਕੀਲ ਕਲੋਨੀ ਅਤੇ ਨਹਿਰ ਦੇ ਨੇੜੇ ਸਥਿਤ ਆਂਗਣਵਾੜੀ ਕੇਂਦਰਾਂ ਅਤੇ ਮੰਡੀ ਸੈਨਿਆਨ ਦੇ ਦੋ ਆਂਗਣਵਾੜੀ ਕੇਂਦਰਾਂ ਦਾ ਦੌਰਾ ਕੀਤਾ। ਡਾ. ਨੇਹਾ ਧਵਨ ਨੇ ਆਂਗਣਵਾੜੀ ਵਰਕਰਾਂ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਂਗਣਵਾੜੀ ਕੇਂਦਰ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਔਰਤਾਂ ਅਤੇ ਬੱਚਿਆਂ ਤੱਕ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਬਾਲ ਵਿਕਾਸ ਨਾਲ ਸਬੰਧਤ ਮਹੱਤਵਪੂਰਨ ਸੇਵਾਵਾਂ ਪਹੁੰਚਾਉਣ ਦਾ ਮਜ਼ਬੂਤ ਮਾਧਿਅਮ ਹਨ। ਉਨ੍ਹਾਂ ਨੇ ਵਰਕਰਾਂ ਨੂੰ ਬੱਚਿਆਂ ਦੇ ਪੋਸ਼ਣ, ਸਫ਼ਾਈ, ਨਿਯਮਤ ਸਿਹਤ ਜਾਂਚ ਅਤੇ ਮਾਵਾਂ ਨੂੰ ਸੰਤੁਲਿਤ ਖੁਰਾਕ ਪ੍ਰਤੀ ਜਾਗਰੂਕ ਕਰਨ 'ਤੇ ਵਿਸ਼ੇਸ਼ ਧਿਆਨ ਦੇਣ ਦੀ ਅਪੀਲ ਕੀਤੀ।

ਦੌਰੇ ਦੌਰਾਨ ਔਰਤਾਂ ਨੂੰ ਗਰਭ ਅਵਸਥਾ ਅਤੇ ਮਾਤਾ ਬਣਨ ਦੇ ਸਮੇਂ ਦੌਰਾਨ ਪੋਸ਼ਣ, ਬੱਚਿਆਂ ਦੀ ਸੰਤੁਲਿਤ ਖੁਰਾਕ, ਸਫ਼ਾਈ ਅਤੇ ਸਿਹਤ ਸਬੰਧੀ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਲੋਕਾਂ ਨੂੰ ਆਂਗਣਵਾੜੀ ਕੇਂਦਰਾਂ ਰਾਹੀਂ ਮਿਲਣ ਵਾਲੀਆਂ ਸਰਕਾਰੀ ਯੋਜਨਾਵਾਂ ਅਤੇ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ।

ਡਾ. ਨੇਹਾ ਧਵਨ ਨੇ ਕਿਹਾ ਕਿ ਤੰਦਰੁਸਤ ਮਾਂ ਅਤੇ ਤੰਦਰੁਸਤ ਬੱਚਾ ਹੀ ਮਜ਼ਬੂਤ ਪਰਿਵਾਰ ਅਤੇ ਸਸ਼ਕਤ ਸਮਾਜ ਦੀ ਨੀਂਹ ਹਨ। ਉਨ੍ਹਾਂ ਨੇ ਆਂਗਣਵਾੜੀ ਵਰਕਰਾਂ ਦੀ ਸਮਰਪਣ ਭਾਵਨਾ ਨੂੰ ਮਹੱਤਵਪੂਰਨ ਦੱਸਦਿਆਂ ਕਿਹਾ ਕਿ ਸਰਕਾਰ ਦੀਆਂ ਯੋਜਨਾਵਾਂ ਨੂੰ ਆਖਰੀ ਵਿਅਕਤੀ ਤੱਕ ਪਹੁੰਚਾਉਣ ਵਿੱਚ ਉਨ੍ਹਾਂ ਦੀ ਭੂਮਿਕਾ ਬੇਹੱਦ ਅਹਿਮ ਹੈ। ਉਨ੍ਹਾਂ ਨੇ ਕੇਂਦਰਾਂ ਵਿੱਚ ਬੱਚਿਆਂ ਅਤੇ ਔਰਤਾਂ ਲਈ ਬਿਹਤਰ ਮਾਹੌਲ ਬਣਾਈ ਰੱਖਣ ਅਤੇ ਲੋਕਾਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ 'ਤੇ ਵੀ ਜ਼ੋਰ ਦਿੱਤਾ। ਇਨ੍ਹਾਂ ਪ੍ਰੋਗਰਾਮਾਂ ਵਿੱਚ ਕਈ ਔਰਤਾਂ ਅਤੇ ਬੱਚੇ ਹਾਜ਼ਰ ਰਹੇ। ਆਂਗਣਵਾੜੀ ਵਰਕਰ ਮੀਨੂ ਬਾਲਾ, ਅਨੀਤਾ ਰਾਣੀ, ਆਰਤੀ, ਅਨੀਤਾ, ਪਾਰਵਤੀ, ਪ੍ਰੋਮਿਲਾ, ਸੁਸ਼ੀਲਾ, ਪ੍ਰਿਯੰਕਾ, ਸਰੋਜ, ਹੈਲਪਰ ਰੋਸ਼ਨੀ, ਅੰਜੂ, ਹਰਸ਼ਾ, ਸ਼ਾਰਦਾ, ਕਿਸਮਤੀ, ਕਿਰਨ, ਗੀਤਾ, ਸੀਮਾ, ਮਾਇਆ ਅਤੇ ਅਰਚਨਾ ਆਦਿ ਹਾਜ਼ਰ ਸਨ।

# ਲੜਾਈ ਛੁਡਾਉਣ ਦੌਰਾਨ ਨੱਗਲ ਐਸਐਚਓ ਨੂੰ ਨੌਜਵਾਨਾਂ ਨੇ ਚਾਕੂ ਮਾਰ ਕੇ ਕੀਤਾ ਗੰਭੀਰ ਜ਼ਖ਼ਮੀ

**ਪੈ.ਗਾਮ-ਏ-ਜਗਤ ਪੈ.ਗਾਮ-ਏ-ਜਗਤ/ਅੰਬਾਲਾ, 3 ਅਕਤੂਬਰ**



ਲੰਘੀ ਰਾਤ ਕੁਝ ਨੌਜਵਾਨਾਂ ਨੇ ਨੱਗਲ ਥਾਣੇ ਦੇ ਐਸਐਚਓ ਸੁਰੇਸ਼ ਕੁਮਾਰ ਤੇ ਚਾਕੂ ਨਾਲ ਹਮਲਾ ਕਰ ਦਿੱਤਾ। ਗੰਭੀਰ ਹਾਲਤ ਵਿਚ ਉਸ ਨੂੰ ਸਿਵਲ ਹਸਪਤਾਲ ਅੰਬਾਲਾ ਸ਼ਹਿਰ ਲਿਆਂਦਾ ਗਿਆ ਜਿੱਥੇ ਉਸ ਦੀ ਸਿਰ, ਧੌਣ, ਬਾਂਹ, ਹੱਥ ਆਦਿ ਤੇ ਟਾਂਕੇ ਲਾ ਕੇ ਚੰਡੀਗੜ੍ਹ ਦੇ ਸੈਕਟਰ-32 ਹਸਪਤਾਲ ਰੈਫ਼ਰ ਕਰ ਦਿੱਤਾ ਗਿਆ। ਪੁਲੀਸ ਨੇ ਹਮਲਾਵਰਾਂ ਨੂੰ ਫੜਨ ਲਈ ਤਲਾਸ਼ੀ ਮੁਹਿੰਮ ਤੇਜ਼ ਕਰ ਦਿੱਤੀ ਹੈ।

ਰਿਪੋਰਟਾਂ ਅਨੁਸਾਰ, ਇੰਸਪੈਕਟਰ ਸੁਰੇਸ਼ ਕੁਮਾਰ ਸ਼ੁੱਕਰਵਾਰ ਰਾਤ ਲਗਭਗ 9:30 ਵਜੇ ਆਪਣੀ ਨਿੱਜੀ ਕਾਰ ਵਿੱਚ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ। ਉਨ੍ਹਾਂ ਨੇ ਕੁਝ ਨੌਜਵਾਨਾਂ ਨੂੰ ਇੱਕ ਹੋਰ ਨੌਜਵਾਨ ਨਾਲ ਲੜਦੇ ਦੇਖਿਆ। ਸਥਿਤੀ ਨੂੰ ਵੇਖਦਿਆਂ ਐਸਐਚਓ ਨੇ ਆਪਣੀ ਗੱਡੀ ਰੋਕੀ ਅਤੇ ਦਖ਼ਲ ਦੇ ਕੇ ਹਮਲਾਵਰਾਂ ਕੋਲੋਂ ਇਕ ਨੌਜਵਾਨ ਨੂੰ ਬਚਾ ਲਿਆ ਪਰ ਚਾਰ-ਪੰਜ ਹਮਲਾਵਰਾਂ ਨੇ ਐਸਐਚਓ ਤੇ ਹਮਲਾ ਕਰ ਦਿੱਤਾ। ਮੁਲਜ਼ਮਾਂ ਵਿੱਚੋਂ ਇੱਕ ਨੇ ਚਾਕੂ ਕੱਢਿਆ ਅਤੇ ਐਸਐਚਓ ਦੇ ਸਿਰ, ਧੌਣ ਤੇ ਹੱਥ ਤੇ ਵਾਰ ਕੀਤਾ। ਅਚਾਨਕ ਹੋਏ ਹਮਲੇ ਨੇ ਮੌਕੇ 'ਤੇ ਦਹਿਸ਼ਤ ਫੈਲਾ ਦਿੱਤੀ। ਇਸ ਦੇ ਬਾਵਜੂਦ ਐਸਐਚਓ ਸੁਰੇਸ਼ ਕੁਮਾਰ ਨੇ ਸਥਿਤੀ ਦਾ ਸਾਹਮਣਾ ਕੀਤਾ ਅਤੇ ਹਮਲਾਵਰਾਂ ਦਾ ਮੁਕਾਬਲਾ ਕੀਤਾ। ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਿਸ ਟੀਮ ਸਰਗਰਮ ਹੋ ਗਈ। ਜ਼ਖ਼ਮੀ ਐਸਐਚਓ ਨੂੰ ਇਲਾਜ ਲਈ ਅੰਬਾਲਾ ਸ਼ਹਿਰ ਦੇ ਸਿਵਲ ਹਸਪਤਾਲ ਲਿਆਂਦਾ ਜਿੱਥੇ ਡਾਕਟਰਾਂ ਨੇ ਉਨ੍ਹਾਂ ਦਾ ਇਲਾਜ ਕੀਤਾ।

ਘਟਨਾ ਦੀ ਜਾਣਕਾਰੀ ਮਿਲਦੇ ਹੀ ਡੀਐਸਪੀ ਸਮੇਤ ਕਈ ਪੁਲੀਸ ਅਧਿਕਾਰੀ ਹਸਪਤਾਲ ਪਹੁੰਚੇ ਅਤੇ ਐਸਐਚਓ ਦੀ ਹਾਲਤ ਬਾਰੇ ਪੁੱਛਿਆ। ਸ਼ਹਿਰ ਤੋਂ ਸਾਬਕਾ ਮੰਤਰੀ ਅਸੀਮ ਗੋਇਲ ਵੀ ਹਸਪਤਾਲ ਪਹੁੰਚੇ ਅਤੇ ਜ਼ਖ਼ਮੀ ਸੁਰੇਸ਼ ਕੁਮਾਰ ਦਾ ਹਾਲ ਜਾਣਿਆ।

ਪੁਲੀਸ ਨੇ ਹਮਲਾਵਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਦੀਆਂ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਹਨ। ਆਲੇ ਦੁਆਲੇ ਦੇ ਇਲਾਕਿਆਂ ਵਿੱਚ ਤਲਾਸ਼ੀ ਲਈ ਜਾ ਰਹੀ ਹੈ। ਪੁਲੀਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਹਮਲੇ ਵਿੱਚ ਸ਼ਾਮਲ ਨੌਜਵਾਨਾਂ ਦੀ ਪਛਾਣ ਕਰਨ ਲਈ ਘਟਨਾ ਸਥਾਨ ਦੇ ਨੇੜੇ ਮੌਜੂਦ ਲੋਕਾਂ ਤੋਂ ਵੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਪੁਲੀਸ ਹਮਲੇ ਦੇ ਪਿੱਛੇ ਦੇ ਉਦੇਸ਼ ਦੀ ਵੀ ਜਾਂਚ ਕਰ ਰਹੀ ਹੈ। ਗਸ਼ਤ ਦੌਰਾਨ ਵਾਪਰੀ ਇਸ ਘਟਨਾ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੁਲੀਸ ਅਧਿਕਾਰੀਆਂ ਨੇ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕਰਨ ਦੀਆਂ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਹਨ।

# ਝੋਨੇ ਦੀ ਖ਼ਰੀਦ ਨਾ ਹੋਣ ਨੂੰ ਲੈ ਕੇ ਚੜੂਨੀ ਨੇ ਕਿਸਾਨਾਂ ਨੂੰ 5 ਅਕਤੂਬਰ ਨੂੰ ਸਾਹਬਾਦ ਪਹੁੰਚ ਕੇ ਪ੍ਰਦਰਸ਼ਨ ਕਰਨ ਦਾ ਦਿੱਤਾ ਸੱਦਾ

**ਪੈ.ਗਾਮ-ਏ-ਜਗਤ ਅੰਬਾਲਾ, 3 ਅਕਤੂਬਰ (ਆਰ.ਸਿੰਘ)**

ਝੋਨੇ ਦੀ ਖ਼ਰੀਦ ਨਾ ਹੋਣ ਨੂੰ ਲੈ ਕੇ ਕਿਸਾਨਾਂ ਅਤੇ ਸਰਕਾਰ ਵਿਚਕਾਰ ਇੱਕ ਵਾਰ ਫਿਰ ਟਕਰਾਅ ਦੀ ਸਥਿਤੀ ਬਣਦੀ ਜਾ ਰਹੀ ਹੈ। ਪੋਰਟਲ ਅਤੇ ਝੋਨੇ ਦੀ ਖ਼ਰੀਦ ਨਾਲ ਸਬੰਧਿਤ ਹੋਰ ਪ੍ਰਬੰਧਾਂ ਦੀ ਤਸਦੀਕ ਕਰਨ ਵਿੱਚ ਆ ਰਹੀਆਂ ਮੁਸ਼ਕਲਾਂ ਦੇ ਸੰਬੰਧ ਵਿੱਚ ਭਾਰਤੀ ਕਿਸਾਨ ਯੂਨੀਅਨ ਦੇ ਬਾਨੀ ਪ੍ਰਧਾਨ, ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਨੇ ਇੱਕ ਵੀਡੀਓ ਜਾਰੀ ਕਰਕੇ ਕਿਸਾਨਾਂ ਨੂੰ 5 ਅਕਤੂਬਰ ਨੂੰ ਸਵੇਰੇ 10 ਵਜੇ ਸ਼ਾਹਬਾਦ (ਮਾਰਕੰਡਾ) ਵਿੱਚ ਸ਼ਹੀਦ ਊਧਮ ਸਿੰਘ ਯਾਦਗਾਰ ਵਿਖੇ ਵੱਡੀ ਗਿਣਤੀ ਵਿੱਚ ਇਕੱਠੇ ਹੋਣ ਦੀ ਅਪੀਲ ਕੀਤੀ ਹੈ।

ਚੜੂਨੀ ਨੇ ਗੁੱਸੇ ਵਿਚ ਬੋਲਦਿਆਂ ਦੋਸ਼ ਲਾਇਆ ਕਿ ਪੋਰਟਲ ਤਸਦੀਕ ਦੀ ਘਾਟ ਕਾਰਨ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣਾ ਝੋਨਾ ਵੇਚਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ 'ਤੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਨਾ ਲੈਣ ਦਾ ਦੋਸ਼ ਲਾਇਆ ਹੈ। ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ 5 ਅਕਤੂਬਰ ਨੂੰ ਉਸੇ ਥਾਂ ਇਕੱਠੇ ਹੋਣਾ ਹੈ ਜਿੱਥੇ ਪਿਛਲੀ ਵੇਰ 22 ਤਾਰੀਖ਼ ਨੂੰ ਵਿਰੋਧ ਪ੍ਰਦਰਸ਼ਨ ਦੌਰਾਨ ਪੁਲੀਸ ਨੇ ਲਾਠੀਆਂ, ਜਲ ਤੋਪਾਂ ਅਤੇ ਅੱਥਰੂ ਗੈਸ ਦੀ ਵਰਤੋਂ ਕੀਤੀ ਸੀ। ਉਨ੍ਹਾਂ ਇਸ ਵੇਰ 5 ਅਕਤੂਬਰ ਨੂੰ ਕਿਸਾਨਾਂ ਨੂੰ ਆਪਣੇ ਨਾਲ ਲੱਠ ਲੈ ਕੇ ਆਉਣ ਲਈ ਕਿਹਾ ਹੈ ਜਿਸ ਤੋਂ ਜਾਪਦਾ ਹੈ ਕਿ ਕਿਸਾਨਾਂ ਅਤੇ ਪੁਲੀਸ ਵਿਚ ਟਕਰਾਅ ਹੋ ਸਕਦਾ ਹੈ।

ਚੜੂਨੀ ਨੇ ਕਿਹਾ ਕਿ ਆਗੂ ਫੋਟੋ ਖਿਚਵਾਉਣ ਲਈ ਮੰਡੀਆਂ ਦਾ ਦੌਰਾ ਕਰਦੇ ਹਨ ਪਰ ਕਿਸਾਨਾਂ ਦੀਆਂ ਅਸਲ ਸਮੱਸਿਆਵਾਂ ਦਾ ਹੱਲ ਨਹੀਂ ਹੋ ਰਿਹਾ। ਗੁਰਨਾਮ ਸਿੰਘ ਚੜੂਨੀ ਦੀ ਇਸ ਵੀਡੀਓ ਨੂੰ ਲੈ ਕੇ ਆਲ ਇੰਡੀਆ ਟੈਰੋਰਿਸਟ ਫਰੰਟ ਦੇ ਕੌਮੀ ਪ੍ਰਧਾਨ ਵੀਰੇਸ਼ ਸ਼ਾਂਡਿਲਿਆ ਨੇ ਚੜੂਨੀ ਨੂੰ ਅਜਿਹੀ ਕਾਰਵਾਈ ਤੋਂ ਬਚਣ ਦੀ ਸਲਾਹ ਦਿੱਤੀ ਹੈ। ਸ਼ਾਂਡਿਲਆ ਨੇ ਕਿਹਾ ਕਿ ਕਾਨੂੰਨ ਵਿਵਸਥਾ ਕਾਇਮ ਰੱਖਣੀ ਪੁਲੀਸ ਦੀ ਡਿਊਟੀ ਹੈ ਜੋ ਸੰਵਿਧਾਨ ਅਨੁਸਾਰ ਚਲਦੀ ਹੈ ਅਤੇ ਕੋਈ ਟਕਰਾਅ ਨਹੀਂ ਹੋਣਾ ਚਾਹੀਦਾ। ਕਿਸਾਨ ਆਪਣੀਆਂ ਮੰਗਾਂ ਲਈ ਸ਼ਾਂਤਮਈ ਧਰਨਾ ਲਾ ਸਕਦੇ ਹਨ।

# ਪੀਜੀਆਈ ਵਿੱਚ ਕੌਮੀ ਸਵੈ-ਇੱਛਤ ਖ਼ੂਨਦਾਨ ਦਿਵਸ ਮੌਕੇ 86 ਯੂਨਿਟ ਖ਼ੂਨ ਇਕੱਤਰ




**ਪੈ.ਗਾਮ-ਏ-ਜਗਤ/ਚੰਡੀਗੜ੍ਹ (ਹਰਮਿੰਦਰ ਸਿੰਘ ਨਾਗਪਾਲ)**

ਥੈਲੇਸੀਮਿਕ ਚੈਰੀਟੇਬਲ ਟਰੱਸਟ (ਟੀਸੀਟੀ) ਅਤੇ ਪੀਜੀਆਈ ਚੰਡੀਗੜ੍ਹ ਦੇ ਟਰਾਂਸਫਿਊਜ਼ਨ ਮੈਡੀਸਨ ਵਿਭਾਗ ਵੱਲੋਂ ਕੌਮੀ ਸਵੈ-ਇੱਛਤ ਖ਼ੂਨਦਾਨ ਦਿਵਸ ਮੌਕੇ ਇੱਕ ਵਿਸ਼ੇਸ਼ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਟਰੱਸਟ ਵੱਲੋਂ ਆਯੋਜਿਤ 343ਵਾਂ ਖ਼ੂਨਦਾਨ ਕੈਂਪ ਸੀ।

ਕੈਂਪ ਦਾ ਉਦਘਾਟਨ ਪੀਜੀਆਈ ਦੇ ਡੀਨ (ਅਕਾਦਮਿਕ) ਪ੍ਰੋ. (ਡਾ.) ਸੰਜੇ ਜੈਨ ਨੇ ਮੁੱਖ ਮਹਿਮਾਨ ਵਜੋਂ ਕੀਤਾ। ਇਸ ਮੌਕੇ ਮੈਡੀਕਲ ਸੁਪਰਡੈਂਟ ਪ੍ਰੋ. (ਡਾ.) ਅਸ਼ੋਕ ਕੁਮਾਰ, ਟਰਾਂਸਫਿਊਜ਼ਨ ਮੈਡੀਸਨ ਵਿਭਾਗ ਦੇ ਮੁਖੀ ਪ੍ਰੋ. (ਡਾ.) ਆਰ.ਆਰ. ਸ਼ਰਮਾ ਅਤੇ ਐਡੀਸ਼ਨਲ ਪ੍ਰੋਫੈਸਰ ਡਾ. ਸੁਚੇਤ ਸਚਦੇਵ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਮੁੱਖ ਮਹਿਮਾਨ ਨੇ ਫੈਕਲਟੀ, ਥੈਲੇਸੀਮੀਆ ਮਰੀਜ਼ਾਂ, ਵਿਦਿਆਰਥੀਆਂ ਅਤੇ ਸਟਾਫ਼ ਨਾਲ ਕੇਕ ਕੱਟ ਕੇ ਸਮਾਗਮ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਸਾਰਿਆਂ ਨੇ ਵੱਧ ਤੋਂ ਵੱਧ ਖ਼ੂਨਦਾਨ ਕਰਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਦਾ ਅਹਿਦ ਲਿਆ। ਕੈਂਪ ਦੌਰਾਨ ਕੁੱਲ 86 ਸਵੈ-ਇੱਛਤ ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਇਸ ਉਪਰਾਲੇ ਵਿੱਚ ਨਰਸਿੰਗ ਵਿਦਿਆਰਥੀਆਂ, ਪੀਜੀਆਈ ਵਲੰਟੀਅਰਾਂ ਅਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ ਯੂਟੀ ਚੰਡੀਗੜ੍ਹ ਨੇ ਸਰਗਰਮ ਸਹਿਯੋਗ ਦਿੱਤਾ। ਸਮਾਗਮ ਵਿੱਚ ਨਿਯਮਿਤ ਖ਼ੂਨਦਾਨੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਅੰਤ ਵਿੱਚ ਪ੍ਰੋ. (ਡਾ.) ਆਰ.ਆਰ. ਸ਼ਰਮਾ, ਟਰੱਸਟ ਦੀ ਚੇਅਰਪਰਸਨ ਵਿਭਾ ਮਿੱਤਲ, ਮੈਂਬਰ ਸਕੱਤਰ ਰਜਿੰਦਰ ਕਾਲਰਾ ਅਤੇ ਸੀਨੀਅਰ ਮੀਤ ਪ੍ਰਧਾਨ ਏ.ਪੀ. ਸਿੰਘ ਨੇ ਖ਼ੂਨਦਾਨੀਆਂ ਅਤੇ ਸਮੁੱਚੀ ਟੀਮ ਦਾ ਧੰਨਵਾਦ ਕੀਤਾ।

# ਸ਼ਿਵਾਲਿਕ ਸੋਸ਼ਲ ਵੈਲਫੇਅਰ ਸੁਸਾਇਟੀ ਨੇ ਪਿੰਡ ਸੂਜੋਂ ਦੀ ਗ੍ਰਾਮ ਪੰਚਾਇਤ ਨੂੰ ਦਿੱਤੇ 150 ਬੂਟੇ

**ਪੈ.ਗਾਮ-ਏ-ਜਗਤ ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)**



ਵਾਤਾਵਰਣ ਨੂੰ ਹਰਾ-ਭਰਾ ਬਣਾਉਣ ਦੇ ਉਦੇਸ਼ ਨਾਲ ਸ਼ਿਵਾਲਿਕ ਸੋਸ਼ਲ ਵੈਲਫੇਅਰ ਸੁਸਾਇਟੀ ਗੜ੍ਹਸ਼ੰਕਰ ਵੱਲੋਂ ਇਲਾਕੇ ਦੇ ਪਿੰਡ ਸੂਜੋਂ ਵਿਖੇ ਗ੍ਰਾਮ ਪੰਚਾਇਤ ਨੂੰ ਵੱਖ-ਵੱਖ ਤਰ੍ਹਾਂ ਦੇ ਫ਼ਲਦਾਰ ਅਤੇ ਛਾਦਾਰ ਕਰੀਬ 150 ਦੇ ਕਰੀਬ ਬੂਟੇ ਦਿੱਤੇ ਗਏ।

ਇਸ ਮੌਕੇ ਸੁਸਾਇਟੀ ਦੇ ਮੈਂਬਰਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਵੱਧ ਰਹੇ ਪ੍ਰਦੂਸ਼ਣ ਨੂੰ ਰੋਕਣ ਲਈ ਵੱਧ ਤੋਂ ਵੱਧ ਬੂਟੇ ਲਗਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸੁਸਾਇਟੀ ਵੱਲੋਂ ਪਿਛਲੇ ਕਈ ਸਾਲਾਂ ਤੋਂ ਵਾਤਾਵਰਣ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਵੱਖ-ਵੱਖ ਪਿੰਡਾਂ ਵਿੱਚ ਬੂਟੇ ਵੰਡੇ ਜਾ ਰਹੇ ਹਨ। ਸਰਪੰਚ ਅਤੇ ਪਿੰਡ ਵਾਸੀਆਂ ਨੇ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਸ਼ਵਾਸ ਦਿਵਾਇਆ ਕਿ ਇਨ੍ਹਾਂ ਬੂਟਿਆਂ ਦੀ ਸਹੀ ਦੇਖ-ਭਾਲ ਕੀਤੀ ਜਾਵੇਗੀ ਤਾਂ ਜੋ ਪਿੰਡ ਨੂੰ ਹਰਿਆ-ਭਰਿਆ ਬਣਾਇਆ ਜਾ ਸਕੇ। ਇਸ ਮੌਕੇ ਪੰਚਾਇਤ ਵੱਲੋਂ ਸੁਸਾਇਟੀ ਦਾ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਤਰਨਜੀਤ ਸਿੰਘ, ਸੁਰਿੰਦਰ ਕੌਰ,ਜਸਵਿੰਦਰ ਕੌਰ, ਧਰਮਜੀਤ ਸਿੰਘ ਰਾਜਾ ,ਡਾਕਟਰ ਲਖਵਿੰਦਰ ਸਿੰਘ ਲੱਕੀ, ਜਸਪ੍ਰੀਤ ਸਿੰਘ, ਜਸਵਿੰਦਰ ਸਿੰਘ ਸਮੇਤ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।

# ਸੁਨਿਆਰਾ ਸਮਾਜ ਦੀ ਨਵੀਂ ਕਾਰਜਕਾਰਨੀ ਦਾ ਗਠਨ

ਪੈ.ਗਾਮ-ਏ-ਜਗਤ/ਰਤੀਆ, 03 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)



ਸੁਨਿਆਰਾ ਸਮਾਜ ਦੀ ਇੱਕ ਮਹੱਤਵਪੂਰਨ ਮੀਟਿੰਗ ਅਗਰਵਾਲ ਧਰਮਸ਼ਾਲਾ ਵਿਖੇ ਹੋਈ। ਮੀਟਿੰਗ ਵਿੱਚ ਸਮਾਜ ਦੀ ਏਕਤਾ, ਆਪਸੀ ਭਾਈਚਾਰੇ ਅਤੇ ਸਮਾਜ ਹਿੱਤ ਨਾਲ ਜੁੜੇ ਵੱਖ-ਵੱਖ

- **ਸਰਬਸੰਮਤੀ ਨਾਲ ਸੋਹਣਲਾਲ ਖੀਪਲ ਬਣੇ ਪ੍ਰਧਾਨ, ਹਰਵੀਰ ਜੌੜਾ ਨੂੰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ**

ਮਾਮਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਸਮਾਜ ਦੇ ਸਾਰੇ ਮੈਂਬਰਾਂ ਦੀ ਸਹਿਮਤੀ ਨਾਲ ਨਵੀਂ ਕਾਰਜਕਾਰਨੀ ਦਾ ਗਠਨ ਕਰਦਿਆਂ ਸੋਹਣਲਾਲ ਖੀਪਲ ਨੂੰ ਸਰਬਸੰਮਤੀ ਨਾਲ ਪ੍ਰਧਾਨ ਅਤੇ ਹਰਵੀਰ ਜੌੜਾ ਨੂੰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ। ਨਵੀਂ ਕਾਰਜਕਾਰਨੀ ਦੇ ਗਠਨ 'ਤੇ ਸਮਾਜ ਦੇ ਮੈਂਬਰਾਂ ਨੇ ਨਵ-ਨਿਯੁਕਤ ਪ੍ਰਧਾਨ ਸੋਹਣਲਾਲ ਖੀਪਲ ਅਤੇ ਮੀਤ ਪ੍ਰਧਾਨ ਹਰਵੀਰ ਜੌੜਾ ਨੂੰ ਵਧਾਈ ਦਿੱਤੀ। ਮੈਂਬਰਾਂ ਨੇ ਭਰੋਸਾ ਪ੍ਰਗਟਾਇਆ ਕਿ ਨਵੀਂ ਕਾਰਜਕਾਰਨੀ ਸਾਰਿਆਂ ਨੂੰ ਨਾਲ ਲੈ ਕੇ ਸਮਾਜ ਦੀ ਏਕਤਾ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਮਾਜ ਹਿੱਤ ਅਤੇ ਸੇਵਾ ਕਾਰਜਾਂ ਨੂੰ ਨਵੀਂ ਦਿਸ਼ਾ ਪ੍ਰਦਾਨ ਕਰੇਗੀ।

ਇਸ ਮੌਕੇ ਸਾਬਕਾ ਪ੍ਰਧਾਨ ਦਰਸ਼ਨ ਸਿੰਘ ਦੇ ਕਾਰਜਕਾਲ ਦੀ ਵੀ ਸ਼ਲਾਘਾ ਕੀਤੀ ਗਈ। ਸਮਾਜ ਦੇ ਮੈਂਬਰਾਂ ਨੇ ਉਨ੍ਹਾਂ ਵੱਲੋਂ ਸਮਾਜ ਲਈ ਕੀਤੇ ਗਏ ਕੰਮਾਂ ਅਤੇ ਦਿੱਤੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਮੀਟਿੰਗ ਦੌਰਾਨ ਸਾਬਕਾ ਪ੍ਰਧਾਨ ਦਰਸ਼ਨ ਸਿੰਘ ਨੂੰ ਸਨਮਾਨ ਸਹਿਤ ਵਿਦਾਇਗੀ ਦਿੱਤੀ ਗਈ ਅਤੇ ਸਮਾਜ ਦੇ ਮੈਂਬਰਾਂ ਨੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਨਵ-ਨਿਯੁਕਤ ਪ੍ਰਧਾਨ ਸੋਹਣਲਾਲ ਖੀਪਲ ਨੇ ਸਮਾਜ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਸਮਾਜ ਹਿੱਤ ਵਿੱਚ ਕੰਮ ਕਰਨਗੇ। ਉਨ੍ਹਾਂ ਨੇ ਸਮਾਜ ਦੀ ਏਕਤਾ ਅਤੇ ਭਾਈਚਾਰੇ ਨੂੰ ਕਾਇਮ ਰੱਖਣ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਮੀਟਿੰਗ ਦੇ ਅੰਤ ਵਿੱਚ ਹਾਜ਼ਰ ਸਾਰੇ ਮੈਂਬਰਾਂ ਨੇ ਆਪਸੀ ਸਹਿਯੋਗ ਅਤੇ ਭਾਈਚਾਰੇ ਨਾਲ ਸਮਾਜ ਨੂੰ ਅੱਗੇ ਵਧਾਉਣ ਅਤੇ ਸਮਾਜ ਹਿੱਤ ਦੇ ਕੰਮਾਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੰਕਲਪ ਲਿਆ।

# ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੀ ਤਰਜੀਹ: ਵਿਧਾਇਕ ਜਿੰਪਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ, 03 ਅਕਤੂਬਰ
(ਦਲਜੀਤ ਅਜਨੋਹਾ)



ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਸਵਰਨਕਾਰ ਭਲਾਈ ਬੋਰਡ ਦੇ ਚੇਅਰਮੈਨ ਤੇ ਸਾਬਕਾ ਕੌਂਸਲਰ ਸੁਦਰਸ਼ਨ ਧੀਰ ਨੇ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਦੁਕਾਨਦਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਲਈ। ਇਸ ਮੌਕੇ ਸ੍ਰੀ ਧੀਰ ਨੇ ਕਿਹਾ ਕਿ ਵਿਧਾਇਕ ਜਿੰਪਾ ਜਿੱਥੇ ਸਮੇਂ-ਸਮੇਂ 'ਤੇ ਦੁਕਾਨਦਾਰਾਂ ਅਤੇ ਵਪਾਰੀ ਭਰਾਵਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਜਾਣਦੇ ਰਹਿੰਦੇ ਹਨ, ਉੱਥੇ ਚੰਡੀਗੜ੍ਹ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਵੀ ਕਰਵਾਉਂਦੇ ਹਨ। ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਖੁਸ਼ੀ ਦੀ ਗੱਲ ਹੈ ਕਿ ਸਾਨੂੰ ਇੰਨਾ ਮਿਹਨਤੀ ਵਿਧਾਇਕ ਮਿਲਿਆ ਹੈ। ਇਸ ਦੌਰਾਨ ਦੁਕਾਨਦਾਰਾਂ ਨੇ ਵਿਧਾਇਕ ਜਿੰਪਾ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਉਹ ਲੋਕਾਂ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨਿਭਾ ਰਹੇ ਹਨ ਅਤੇ ਉਨ੍ਹਾਂ ਦਾ ਹਮੇਸ਼ਾ ਯਤਨ ਰਹਿੰਦਾ ਹੈ ਕਿ ਉਨ੍ਹਾਂ ਦੇ ਧਿਆਨ ਵਿੱਚ ਆਉਣ ਵਾਲੀ ਹਰ ਸਮੱਸਿਆ ਦਾ ਸਮੇਂ ਸਿਰ ਹੱਲ ਕੀਤਾ ਜਾਵੇ। ਇਸ ਮੌਕੇ ਪਿੰਡ ਨੰਗਲ ਸ਼ਹੀਦਾਂ ਦੀ ਸਰਪੰਚ ਸਰਵਜੀਤ ਕੌਰ, ਸਰਪੰਚ ਪ੍ਰੀਤਪਾਲ ਸਿੰਘ, ਪੰਚ ਪ੍ਰਿੰਸ, ਵਿਸ਼ਾਲ ਸ਼ਰਮਾ, ਨਿੱਪੀ ਚੱਢਾ, ਬੱਬਲਾ ਧੀਰ, ਰਾਜਿੰਦਰ ਕੁਮਾਰ, ਅਰਵਿੰਦ ਵਾਸੂਦੇਵ, ਗੋਵਿੰਦ ਚੱਢਾ, ਰਿੰਕਾ ਚੱਢਾ, ਰਾਮ ਸਰੂਪ, ਪਪਲ ਧੀਰ, ਲਾਟ ਸਾਹਿਬ ਆਦਿ ਮੌਜੂਦ ਸਨ।

# ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਖ਼ਾਲਸਾ ਕਾਲਜ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖਾਲਸਾ ਕਾਲਜ ਗੜ੍ਹਸ਼ੰਕਰ ਦੇ ਖਿਡਾਰੀਆਂ ਨੇ ਸਰਕਾਰੀ ਕਾਲਜ ਟਾਂਡਾ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਖੇਡਾਂ ਵਿਚ ਮੋਹਰੀ ਸਥਾਨ ਹਾਸਿਲ ਕੀਤੇ ਹਨ। ਇਨ੍ਹਾਂ ਮੁਕਾਬਲਿਆਂ ਵਿਚ ਖਿਡਾਰੀਆਂ ਨੇ ਅਥਲੈਟਿਕਸ ਦੇ ਡਿਸਕਸ ਥਰੋਅ ਅੰਡਰ 30 ਸਾਲ ਵਰਗ ਵਿਚ ਮੋਹਿਤ ਨੇ ਪਹਿਲਾ ਤੇ ਦਿਲਜੀਤ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਟੇਟ ਪੱਧਰ ਲਈ ਕੁਆਲੀਫਾਈ ਕੀਤਾ। 1500 ਮੀਟਰ ਦੌੜ ਅੰਡਰ 30 ਸਾਲ ਵਰਗ ਵਿਚ ਧਰਮਵੀਰ ਨੇ ਤੀਜਾ ਸਥਾਨ, ਪਾਵਰਲਿਫਟਿੰਗ ਦੇ ਅੰਡਰ 21 ਸਾਲ ਵਰਗ ਦੇ 74 ਕਿਲੋ ਗ੍ਰਾਮ ਭਾਰ ਵਰਗ ਵਿਚ ਸ਼ੁਭਮ ਨੇ ਤੀਜਾ ਸਥਾਨ, ਅੰਡਰ 30 ਸਾਲ ਵਰਗ ਦੇ 83 ਕਿਲੋ ਭਾਰ ਵਰਗ ਵਿਚ ਅਨੁਜ ਨੇ ਤੀਜਾ ਸਥਾਨ ਹਾਸਿਲ ਕੀਤਾ। ਕਬੱਡੀ ਪੰਜਾਬ ਸਟਾਇਲ ਲੜਕੇ ਅੰਡਰ 21 ਸਾਲ ਵਰਗ ਵਿਚ ਟੀਮ ਨੇ ਦੂਜਾ ਸਥਾਨ ਹਾਸਿਲ ਕੀਤਾ। ਸ਼ੂਟਿੰਗ ਦੇ ਅੰਡਰ 21 ਸਾਲ ਉਮਰ ਵਰਗ ਵਿਚ ਪਰਮਜੀਤ ਸਿੰਘ ਨੇ ਦੂਜਾ ਸਥਾਨ ਹਾਸਿਲ ਕੀਤਾ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆ ਉਨ੍ਹਾਂ ਦੀ ਹੌਂਸਲਾ ਅਫ਼ਜਾਈ ਕਰਦਿਆਂ ਭਵਿੱਖ ਲਈ ਹੋਰ ਮਿਹਨਤ ਕਰਕੇ ਉੱਚ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਟੇਟ ਪੱਧਰ ਲਈ ਕੁਆਲੀਫਾਈ ਕਰਨ ਵਾਲੇ ਖਿਡਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸ਼ੁਭਕਾਮਨਾਵਾਂ ਦਿੱਤੀਆਂ।

ਉਨ੍ਹਾਂ ਕਿਹਾ ਕਿ ਪ੍ਰੋ. ਸਤਿੰਦਰਜੀਤ ਕੌਰ ਫਿਜ਼ੀਕਲ ਐਜੂਕੇਸ਼ਨ ਅਧਿਆਪਕ ਦਾ ਇਨ੍ਹਾਂ ਪ੍ਰਾਪਤੀਆਂ ਲਈ ਵਿਸ਼ੇਸ਼ ਯੋਗਦਾਨ ਰਿਹਾ ਹੈ ਜਿਨ੍ਹਾਂ ਨੇ ਖਿਡਾਰੀਆਂ ਨੂੰ ਨਿਰੰਤਰ ਮੁਕਾਬਲਿਆਂ ਲਈ ਤਿਆਰੀ ਕਰਵਾਈ। ਪ੍ਰੋ. ਲਖਵਿੰਦਰਜੀਤ ਕੌਰ ਅਤੇ ਕਾਲਜ ਸਪੋਰਟਸ ਕਲੱਬ ਦੇ ਮੈਂਬਰਾਂ ਨੇ ਵੀ ਖਿਡਾਰੀਆਂ ਨੂੰ ਵਧਾਈ ਦਿੱਤੀ।

# ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਰੋਸ ਮਾਰਚ ਲਈ ਪਿੰਡਾਂ ਵਿੱਚ ਪ੍ਰਚਾਰ ਮੁਹਿੰਮ ਜ਼ੋਰਾਂ 'ਤੇ

ਪੈ.ਗਾਮ-ਏ-ਜਗਤ
ਰਤੀਆ, 03 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)



ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਰਤੀਆ ਵਿੱਚ 5 ਅਕਤੂਬਰ ਦੇ ਰੋਸ ਮਾਰਚ ਪ੍ਰੋਗਰਾਮ ਲਈ ਖੇਤਰ ਦੇ ਵੱਖ-ਵੱਖ ਪਿੰਡਾਂ ਵਿੱਚ 3 ਟੀਮਾਂ ਵੱਲੋਂ ਰੂਟ ਬਣਾ ਕੇ ਪ੍ਰਚਾਰ ਮੁਹਿੰਮ ਚਲਾਈ ਜਾ ਰਹੀ ਹੈ, ਤਾਂ ਜੋ ਵੱਧ ਤੋਂ ਵੱਧ ਸੰਗਤ ਰੋਸ ਮਾਰਚ ਵਿੱਚ ਸ਼ਾਮਲ ਹੋ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਕਾਕਾ ਸਿੰਘ ਲਧੂਵਾਸ ਨੇ ਦੱਸਿਆ ਕਿ ਪਿਛਲੇ 3 ਦਿਨਾਂ ਤੋਂ ਰਤੀਆ ਖੇਤਰ ਦੇ ਪਿੰਡਾਂ ਅਤੇ ਸ਼ਹਿਰ ਵਿੱਚ ਪ੍ਰਚਾਰ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਨੂੰ ਗੁਰਦੁਆਰਾ ਕਮੇਟੀਆਂ ਅਤੇ ਸੰਗਤ ਵੱਲੋਂ ਚੰਗਾ ਹੁੰਗਾਰਾ ਮਿਲ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪੁਰਾਣਾ ਬਾਜ਼ਾਰ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਹਿਬ ਰਤੀਆ ਤੋਂ ਤਹਿਸੀਲ ਤੱਕ ਵਿਸ਼ਾਲ ਰੋਸ ਮਾਰਚ ਕੱਢਿਆ ਜਾਵੇਗਾ ਅਤੇ ਜੇਲ੍ਹਾਂ ਵਿੱਚ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੰਘਾਂ ਦੀ ਰਿਹਾਈ ਸਬੰਧੀ ਪ੍ਰਸ਼ਾਸਨ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ।

ਰੋਸ ਪ੍ਰੋਗਰਾਮ ਸਬੰਧੀ ਪਹਿਲੀ ਟੀਮ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਕਾਕਾ ਸਿੰਘ ਲਧੂਵਾਸ ਵੱਲੋਂ ਟੀਮ ਵਿੱਚ ਸ਼ਾਮਲ ਮਨਜੀਤ ਸਿੰਘ, ਅਜੈਬ ਸਿੰਘ ਮੰਡੇਰ, ਰਣਜੀਤ ਸਿੰਘ ਮੈਂਬਰਾਂ ਸਮੇਤ ਪਿੰਡ ਬ੍ਰਾਹਮਣਵਾਲਾ ਪਲਾਟ, ਮਿਰਾਣਾ ਢਾਣੀ, ਬੋੜਾ, ਬਲਿਆਲਾ, ਤੇਲੀਵਾੜਾ ਸਮੇਤ ਪਿੰਡਾਂ ਵਿੱਚ ਗੁਰਦੁਆਰਾ ਕਮੇਟੀਆਂ ਨੂੰ ਰੋਸ ਮਾਰਚ ਪ੍ਰੋਗਰਾਮ ਸਬੰਧੀ ਜਾਣਕਾਰੀ ਦੇ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਦੂਜੀ ਟੀਮ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਇਕਬਾਲ ਸਿੰਘ ਖੋਖਰ ਅਤੇ ਗੁਰਮੇਲ ਸਿੰਘ ਸਹਨਾਲ, ਗੁਰਜੀਤ ਸਿੰਘ, ਬੰਤਾ ਸਿੰਘ ਸਮੇਤ ਵੱਲੋਂ ਪਿੰਡ ਹਸੰਗਾ, ਪਾਂਡਰੀ, ਸ਼ੇਖੁਪੁਰ ਸੌਤਰ, ਗੁਰਦੁਆਰਾ ਦਸ਼ਮੇਸ਼ ਦਰਬਾਰ ਸਮੇਤ ਸ਼ਹਿਰ-ਪਿੰਡਾਂ ਵਿੱਚ ਗੁਰਦੁਆਰਾ ਕਮੇਟੀਆਂ ਨੂੰ ਪ੍ਰੇਰਿਤ ਕਰਦਿਆਂ ਪ੍ਰਚਾਰ ਕੀਤਾ ਗਿਆ। ਤੀਜੀ ਟੀਮ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਸੇਵਾ ਟਰੱਸਟ ਦੇ ਪ੍ਰਧਾਨ ਜਰਨੈਲ ਸਿੰਘ ਸਮੇਤ ਟੀਮ ਮੈਂਬਰ ਫਤਿਹ ਸਿੰਘ, ਗੁਰਚਰਨ ਸਿੰਘ, ਰੂਪ ਸਿੰਘ, ਜਰਨੈਲ ਸਿੰਘ, ਸੁਰਿੰਦਰ ਸਿੰਘ, ਚਰਨਜੀਤ ਸਿੰਘ ਸਮੇਤ ਮੈਂਬਰਾਂ ਵੱਲੋਂ ਪਿੰਡ ਕਮਾਣਾ ਸਮੇਤ ਆਸ-ਪਾਸ ਦੇ ਖੇਤਰ ਵਿੱਚ ਜਾ ਕੇ ਸਿੱਖ ਸੰਗਤ ਨੂੰ ਰੋਸ ਮਾਰਚ ਦੇ ਪ੍ਰੋਗਰਾਮ ਸਬੰਧੀ ਪ੍ਰੇਰਿਤ ਕੀਤਾ ਗਿਆ।

# ਭਾਜਪਾ ਦੇ ਸੂਬਾ ਜਨਰਲ ਸਕੱਤਰ ਗੋਪਾਲ ਸ਼ਰਮਾ ਦਾ ਹਿਸਾਰ ਵਿੱਚ ਸੰਗਠਨਾਤਮਕ ਦੌਰਾ, ਵਰਕਰਾਂ ਨਾਲ ਸੰਗਠਨਾਤਮਕ ਮਾਮਲਿਆਂ 'ਤੇ ਸੰਵਾਦ

ਪੈ.ਗਾਮ-ਏ-ਜਗਤ
ਹਾਂਸੀ, 03 ਅਕਤੂਬਰ
(ਦਿਨਕਰ ਗਾਵੜੀ)



ਭਾਜਪਾ ਦੇ ਸੂਬਾ ਜਨਰਲ ਸਕੱਤਰ ਗੋਪਾਲ ਸ਼ਰਮਾ ਦਾ ਹਾਂਸੀ ਜ਼ਿਲ੍ਹੇ ਵਿੱਚ ਸੰਗਠਨਾਤਮਕ ਦੌਰਾ ਰਿਹਾ। ਭਾਜਪਾ ਹਾਂਸੀ ਜ਼ਿਲ੍ਹਾ ਦਫ਼ਤਰ ਵਿਖੇ ਕਰਵਾਏ ਗਏ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਅਸ਼ੋਕ ਸੈਣੀ ਨੇ ਕੀਤੀ। ਜ਼ਿਲ੍ਹਾ ਪ੍ਰਧਾਨ ਅਸ਼ੋਕ ਸੈਣੀ ਨੇ ਸੂਬਾ ਜਨਰਲ ਸਕੱਤਰ ਨਾਲ ਹਾਂਸੀ ਜ਼ਿਲ੍ਹੇ ਦੀ ਸੰਗਠਨਾਤਮਕ ਸਥਿਤੀ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਸੰਗਠਨਾਤਮਕ ਕੰਮਾਂ, ਸੰਗਠਨ ਦੀ ਸਰਗਰਮੀ, ਮੰਡਲ ਅਤੇ ਬੂਥ ਪੱਧਰ ਦੀਆਂ ਗਤੀਵਿਧੀਆਂ ਅਤੇ ਸਰਗਰਮ ਅਹੁਦੇਦਾਰਾਂ ਦੀ ਭੂਮਿਕਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

ਇਸ ਦੌਰਾਨ ਜ਼ਿਲ੍ਹੇ ਵਿੱਚ ਸੰਗਠਨ ਦੀ ਮੌਜੂਦਾ ਸਥਿਤੀ, ਸਰਗਰਮ ਵਰਕਰਾਂ ਅਤੇ ਅਹੁਦੇਦਾਰਾਂ ਦੀ ਸ਼ਮੂਲੀਅਤ, ਮੰਡਲ ਪੱਧਰ 'ਤੇ ਕੀਤੇ ਜਾ ਰਹੇ ਕੰਮਾਂ ਅਤੇ ਸੰਗਠਨ ਨੂੰ ਹੋਰ ਵਿਸਥਾਰ ਦੇਣ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਹਾਂਸੀ ਜ਼ਿਲ੍ਹੇ ਵਿੱਚ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਵਰਕਰਾਂ ਵੱਲੋਂ ਲਗਾਤਾਰ ਸਰਗਰਮੀ ਨਾਲ ਕੰਮ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਇੰਚਾਰਜ ਪ੍ਰਤਿਭਾ ਸੁਮਨ ਨੇ ਕਿਹਾ ਕਿ ਹਾਂਸੀ ਜ਼ਿਲ੍ਹੇ ਵਿੱਚ ਸੰਗਠਨਾਤਮਕ ਗਤੀਵਿਧੀਆਂ ਨੂੰ ਲੈ ਕੇ ਵਰਕਰਾਂ ਵਿੱਚ ਲਗਾਤਾਰ ਉਤਸ਼ਾਹ ਅਤੇ ਸਰਗਰਮੀ ਦਿਖਾਈ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵਰਕਰ ਆਧਾਰਿਤ ਸੰਗਠਨ ਹੈ ਅਤੇ ਹਰੇਕ ਅਹੁਦੇਦਾਰ ਤੇ ਵਰਕਰ ਦੀ ਭੂਮਿਕਾ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਮੰਡਲ ਤੋਂ ਲੈ ਕੇ ਬੂਥ ਪੱਧਰ ਤੱਕ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਲੋਕ ਸੇਵਾ ਦੇ ਕੰਮਾਂ ਨੂੰ ਲਗਾਤਾਰ ਅੱਗੇ ਵਧਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਸੂਬਾ ਜਨਰਲ ਸਕੱਤਰ ਗੋਪਾਲ ਸ਼ਰਮਾ ਨੇ ਜ਼ਿਲ੍ਹਾ ਅਹੁਦੇਦਾਰਾਂ, ਮੰਡਲ ਪ੍ਰਧਾਨਾਂ, ਵੱਖ-ਵੱਖ ਮੋਰਚਿਆਂ ਦੇ ਪ੍ਰਧਾਨਾਂ ਅਤੇ ਪ੍ਰਮੁੱਖ ਵਰਕਰਾਂ ਨਾਲ ਜਾਣ-ਪਛਾਣ ਕੀਤੀ ਅਤੇ ਸੰਗਠਨ ਦੇ ਵਿਸਥਾਰ ਸਬੰਧੀ ਉਨ੍ਹਾਂ ਦੇ ਵਿਚਾਰ ਅਤੇ ਸੁਝਾਅ ਜਾਣੇ। ਉਨ੍ਹਾਂ ਕਿਹਾ ਕਿ ਭਾਜਪਾ ਦੀ ਸਭ ਤੋਂ ਵੱਡੀ ਤਾਕਤ ਇਸ ਦਾ ਸਮਰਪਿਤ ਵਰਕਰ ਹੈ। ਲਗਾਤਾਰ ਲੋਕ ਸੰਪਰਕ, ਸਰਗਰਮੀ ਅਤੇ ਸੇਵਾ ਭਾਵਨਾ ਰਾਹੀਂ ਸੰਗਠਨ ਨੂੰ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਾਇਆ ਜਾ ਸਕਦਾ ਹੈ। ਉਨ੍ਹਾਂ ਨੇ ਮੰਡਲ ਅਤੇ ਬੂਥ ਪੱਧਰ ਦੀਆਂ ਸੰਗਠਨਾਤਮਕ ਗਤੀਵਿਧੀਆਂ ਅਤੇ ਵੱਖ-ਵੱਖ ਮੋਰਚਿਆਂ ਦੀ ਸਰਗਰਮੀ ਬਾਰੇ ਵੀ ਜਾਣਕਾਰੀ ਲਈ। ਇਸ ਦੇ ਨਾਲ ਹੀ ਆਉਣ ਵਾਲੀ ਕਾਰਜਯੋਜਨਾ ਬਾਰੇ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਨੇ ਵਰਕਰਾਂ ਨੂੰ ਆਪਸੀ ਤਾਲਮੇਲ ਨਾਲ ਸੰਗਠਨਾਤਮਕ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਸੈਣੀ, ਜ਼ਿਲ੍ਹਾ ਇੰਚਾਰਜ ਪ੍ਰਤਿਭਾ ਸੁਮਨ, ਜ਼ਿਲ੍ਹਾ ਜਨਰਲ ਸਕੱਤਰ ਧਰਮਵੀਰ ਰਤੇਰੀਆ, ਬਿਜੇਂਦਰ ਲੋਹਾਨ ਸਮੇਤ ਜ਼ਿਲ੍ਹਾ ਅਹੁਦੇਦਾਰ, ਸਾਰੇ ਮੰਡਲ ਪ੍ਰਧਾਨ ਅਤੇ ਵੱਖ-ਵੱਖ ਮੋਰਚਿਆਂ ਦੇ ਪ੍ਰਧਾਨ ਹਾਜ਼ਰ ਰਹੇ। ਸੂਬਾ ਜਨਰਲ ਸਕੱਤਰ ਦਾ ਇਹ ਦੌਰਾ ਵਰਕਰਾਂ ਵਿੱਚ ਨਵੀਂ ਊਰਜਾ ਅਤੇ ਉਤਸ਼ਾਹ ਪੈਦਾ ਕਰਨ ਦੇ ਨਾਲ ਹਾਂਸੀ ਜ਼ਿਲ੍ਹੇ ਵਿੱਚ ਸੰਗਠਨ ਦੇ ਵਿਸਥਾਰ ਅਤੇ ਜ਼ਮੀਨੀ ਮਜ਼ਬੂਤੀ ਦੀ ਦਿਸ਼ਾ ਵਿੱਚ ਮਹੱਤਵਪੂਰਨ ਸੰਵਾਦ ਵਜੋਂ ਸਾਹਮਣੇ ਆਇਆ।



ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਨਿਯੁੱਕਤ ਹੋਣ ਉੱਤੇ ਪ੍ਰਗਟ ਸਿੰਘ ਸਾਬਕਾ ਓਲੰਪੀਅਨ ਨੂੰ ਮਾਰਕਫੈੱਡ ਦੇ ਸਾਬਕਾ ਚੈਅਰਮੈਨ ਲਾਭ ਸਿੰਘ ਆਹਲੂਵਾਲੀਆ ਵਲੋਂ ਬਹੁਤ ਬਹੁਤ ਮੁਬਾਰਕਾਂ ਪ੍ਰਮਾਤਮਾ ਮੇਹਰ ਭਰਿਆ ਹੱਥ ਸਦਾ ਸਿਰ ਤੇ ਰੱਖੇ ਜੀ ਰਸਮੀ ਤੋਰ ਤੇ ਮਿਲਕੇ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਦਾ ਪ੍ਰਧਾਨ ਨਿਯੁੱਕਤ ਹੋਣ ਉੱਤੇ ਵਧਾਈਆਂ ਦਿੱਤੀਆਂ ਅਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਪ੍ਰਮਾਤਮਾ ਮੇਹਰ ਕਰੇ ਅਤੇ 2027 ਦੀਆਂ ਚੋਣਾਂ ਵਿੱਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ ਲਈ ਸਾਬਕਾ ਓਲੰਪੀਅਨ ਪਰਗਟ ਸਿੰਘ ਦੀ ਅਗਵਾਈ ਹੇਠ ਮਜ਼ਬੂਤੀ ਬਖਸ਼ੇ
(ਹਰਮਿੰਦਰ ਸਿੰਘ ਨਾਗਪਾਲ ਬਿਊਰੋ ਚੀਫ ਪੇ.ਗਾਮ-ਏ-ਜਗਤ ਚੰਡੀਗੜ੍ਹ)

# ਰੇਲਵੇ ਨੇ ਮੱਕੀ ਲੋਡ ਕਰਕੇ 3 ਕਰੋੜ 20 ਲੱਖ ਦਾ ਮਾਲੀਆ ਕਮਾਇਆ

*ਪੈ.ਗਾਮ-ਏ-ਜਗਤ/ਅੰਬਾਲਾ, 3 ਅਕਤੂਬਰ (ਆਰ.ਸਿੰਘ)*

*ਉੱਤਰੀ ਰੇਲਵੇ ਦੀ ਅੰਬਾਲਾ ਡਿਵੀਜ਼ਨ ਨੇ ਰਾਜਪੁਰਾ ਅਤੇ ਧੂਲਕੋਟ (ਅੰਬਾਲਾ) ਰੇਲਵੇ ਸਟੇਸ਼ਨਾਂ ਤੋਂ ਮੱਕੀ ਲੋਡ ਕਰਕੇ 3 ਕਰੋੜ 20 ਲੱਖ ਰੁਪਏ ਦਾ ਮਾਲੀਆ ਕਮਾਇਆ ਹੈ। ਡੀਆਰਐਮ ਦੇ ਲੋਕ ਸੰਪਰਕ ਵਿਭਾਗ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਮੈਸਰਜ਼ ਐਬੀਸ ਫੂਡ ਐਂਡ ਪ੍ਰੋਟੀਨ ਪ੍ਰਾਈਵੇਟ ਲਿਮਟਿਡ ਸ਼ੰਭੂ ਨੇ 2023 ਵਿੱਚ ਰਾਜਪੁਰਾ ਰੇਲਵੇ ਸਟੇਸ਼ਨ ਤੋਂ ਮੱਕੀ ਦੇ 62 ਵੈਗਨ ਲੋਡ ਕੀਤੇ ਸਨ ਜਿਸ ਤੋਂ ਰੇਲਵੇ ਨੂੰ 87.33 ਲੱਖ ਰੁਪਏ ਦੀ ਕਮਾਈ ਹੋਈ ਸੀ। ਤਿੰਨ ਸਾਲਾਂ ਬਾਅਦ 2026 ਵਿੱਚ ਅੰਬਾਲਾ ਡਿਵੀਜ਼ਨ ਦੇ ਫਲਦਾਇਕ ਯਤਨਾਂ ਸਦਕਾ 210 ਵੈਗਨਾਂ ਨੂੰ ਸਫਲਤਾਪੂਰਵਕ ਲੋਡ ਕਰਕੇ ਮੱਕੀ ਲੋਡ ਕਰਨ ਵਿੱਚ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਗਿਆ ਹੈ ਜਿਸ ਨਾਲ 3.20 ਕਰੋੜ ਦੀ ਵਾਧੂ ਆਮਦਨ ਹੋਈ ਹੈ।*

*ਜਾਣਕਾਰੀ ਅਨੁਸਾਰ ਜੁਲਾਈ 2026 ਵਿੱਚ, ਐਬੀਸ ਫੂਡ ਐਂਡ ਪ੍ਰੋਟੀਨ ਪ੍ਰਾਈਵੇਟ ਲਿਮਟਿਡ ਨੂੰ ਸੂਚਿਤ ਕੀਤਾ ਗਿਆ ਕਿ 30 ਸਤੰਬਰ 2026 ਤੱਕ 15 ਪ੍ਰਤੀਸ਼ਤ ਬਿਜ਼ੀ ਸੀਜ਼ਨ ਸਰਚਾਰਜ ਮੁਆਫ਼ ਕਰ ਦਿੱਤਾ ਗਿਆ ਹੈ ਜਿਸ ਤੋਂ ਬਾਅਦ ਉਨ੍ਹਾਂ ਨੇ ਰਾਜਪੁਰਾ ਸਟੇਸ਼ਨ ਤੋਂ ਛਤਰਪਤੀ ਸੰਭਾਜੀ ਨਗਰ ਤੱਕ 84 ਵੈਗਨ ਲੋਡ ਕੀਤੇ ਜਿਸ ਨਾਲ 1.17 ਕਰੋੜ ਦੀ ਵਾਧੂ ਆਮਦਨ ਹੋਈ। ਇਸ ਕ੍ਰਮ ਵਿੱਚ 1 ਅਗਸਤ ਤੋਂ ਅਨਾਜ ਲਈ ਨਵਾਂ ਤਰਕਸੰਗਤ ਭਾੜਾ ਸਮਾਂ-ਸਾਰਣੀ ਐਬੀਸ ਫੂਡ ਐਂਡ ਪ੍ਰੋਟੀਨ ਪ੍ਰਾਈਵੇਟ ਲਿਮਟਿਡ ਨੂੰ ਸਮਝਾਇਆ ਗਿਆ ਅਤੇ ਉਨ੍ਹਾਂ ਨੇ ਧੂਲਕੋਟ ਰੇਲਵੇ ਸਟੇਸ਼ਨ ਤੋਂ ਰਾਜਨੰਦਗਾਓਂ ਛੱਤੀਸਗੜ੍ਹ ਅਤੇ ਕਿਆਤਸੰਦਰਾ ਕਰਨਾਟਕ ਰਾਜਾਂ ਲਈ 126 ਵੈਗਨ ਲੋਡ ਕੀਤੇ ਜਿਸ ਨਾਲ ਰੇਲਵੇ ਨੂੰ 2.03 ਕਰੋੜ ਰੁਪਏ ਦਾ ਵਾਧੂ ਮਾਲੀਆ ਮਿਲਿਆ।*

# ਸਿੱਖਿਆ ਵਿਭਾਗ ਦੀ ਸਟੇਟ ਟੀਮ ਵਲੋਂ ਜਿਲ੍ਹੇ ਦੇ ਸਕੂਲਾਂ ਦੀ ਕੀਤੀ ਚੈਕਿੰਗ

ਪੈ.ਗਾਮ-ਏ-ਜਗਤ
ਨਵਾਂਸਹਿਰ, 3 ਅਕਤੂਬਰ
(ਗੁਰਬਖਸ਼ ਸਿੰਘ ਮਹੇ)



ਸਟੇਟ ਵਲੋਂ ਆਈ ਟੀਮ ਵਲੋਂ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ ਵੱਖ ਸਕੂਲਾਂ ਦੀ ਚੈਕਿੰਗ ਕੀਤੀ ਗਈ। ਸਟੇਟ ਵਲੋਂ ਸਕੱਤਰੇਤ ਤੋਂ ਆਏ ਅਧਿਕਾਰੀ ਸ਼ਾਕੇਤ ਸ਼ੁਭ ਵਲੋਂ ਜਿਲ੍ਹਾ ਸਿੱਖਿਆ ਅਫਸਰ ਅਨੀਤਾ ਸ਼ਰਮਾ ਅਤੇ ਉਪ ਜਿਲ੍ਹਾ ਸਿੱਖਿਆ ਅਫਸਰ ਲਖਵੀਰ ਸਿੰਘ ਨੂੰ ਨਾਲ ਲੈ ਕੇ ਜਿਲ੍ਹੇ ਦੇ ਵੱਖ ਵੱਖ ਸਕੂਲਾਂ ਸਰਕਾਰੀ ਪ੍ਰਾਇਮਰੀ ਸਕੂਲ ਲੰਗੜੋਆ, ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਜਾਡਲਾ,ਸਰਕਾਰੀ ਪ੍ਰਾਇਮਰੀ ਸਕੂਲ ਮਹਿੰਦੀਪੁਰ, ਸਰਕਾਰੀ ਹਾਈ ਸਕੂਲ ਨਵਾਂ ਪਿੰਡ ਟੱਪਰੀਆਂ ਅਤੇ ਚੌਧਰੀ ਮੇਲਾ ਰਾਮ ਭੂੰਬਲਾ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਮਾਲੇਵਾਲ ਦੀ ਵਿਸ਼ੇਸ ਚੈਕਿੰਗ ਕੀਤੀ। ਇਸ ਚੈਕਿੰਗ ਦੌਰਾਨ ਟੀਮ ਵਲੋਂ ਸਕੂਲਾਂ ਦੀ ਸਫਾਈ ਦੀ ਵਿਸ਼ੇਸ ਚੈਕਿੰਗ ਕੀਤੀ ਤੇ ਇਸ ਤੋਂ ਇਲਾਵਾ ਸਕੂਲਾਂ ਦੇ ਹੋਰ ਵੀ ਵੱਖ ਵੱਖ ਪਹਿਲੂਆਂ ਦੀ ਚੈਕਿੰਗ ਕੀਤੀ ।

ਇਸ ਤੋਂ ਇਲਾਵਾ ਐਮ ਸਟਾਰ ਐਪ ਬਾਰੇ ਵੀ ਜਾਣਕਾਰੀ ਦਿੱਤੀ।ਇਸ ਸਬੰਧੀ ਗੱਲਬਾਤ ਦੌਰਾਨ ਸ਼ਾਕੇਤ ਸ਼ੁਭ ਨੇ ਦੱਸਿਆ ਕਿ ਉਹਨਾਂ ਵਲੋਂ ਜਿੰਨੇ ਵੀ ਸਕੂਲ ਦੇਖੇ ਗਏ ਹਨ ਉਹ ਬਹੁਤ ਹੀ ਵਧੀਆ ਸਕੂਲ ਹਨ ਤੇ ਇਹਨਾਂ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਦੀ ਪੂਰੀ ਝਲਕ ਦੇਖਣ ਨੂੰ ਮਿਲੀ।

ਇਸ ਮੌਕੇ ਜਿਲ੍ਹਾ ਸਿੱਖਿਆ ਅਫਸਰ ਅਨੀਤਾ ਸ਼ਰਮਾ ਨੇ ਦੱਸਿਆ ਕਿ ਸਕੂਲਾਂ ਵਿੱਚ ਸਫਾਈ ਸਬੰਧੀ ਵਿਸ਼ੇਸ਼ ਡਰਾਈਵ ਚਲਾਈ ਜਾ ਰਹੀ ਹੈ ਜਿਸ ਤਹਿਤ ਸਕੂਲਾਂ ਨੂੰ ਸਾਫ ਸੁਥਰੇ ਰੱਖਣ ਲਈ ਵਿਸ਼ੇਸ ਕੰਮ ਕੀਤੇ ਜਾ ਰਹੇ ਹਨ ਉਹਨਾਂ ਦੱਸਿਆ ਕਿ ਇਸ ਸਬੰਧੀ ਜਿਲ੍ਹੇ ਵਿੱਚ ਜਿਲ੍ਹਾ ਸਿੱਖਿਆ ਅਫਸਰ,ਉਪ ਜਿਲ੍ਹਾ ਸਿੱਖਿਆ ਅਫਸਰ ਅਤੇ ਡਾਇਟ ਪ੍ਰਿੰਸੀਪਲ ਦੀ ਅਗਵਾਈ ਵਿੱਚ ਚੈਕਿੰਗ ਟੀਮਾਂ ਬਣਾਈਆ ਗਈਆਂ ਹਨ ਜੋ ਕਿ ਲਗਾਤਾਰ ਸਕੂਲਾਂ ਦੀ ਸਫਾਈ ਮੁਹਿੰਮ ਦੀ ਚੈਕਿੰਗ ਕਰਨਗੇ।ਇਸ ਮੌਕੇ ਉਹਨਾਂ ਸਕੂਲ ਅਧਿਆਪਕਾਂ ਦੀ ਵੀ ਸ਼ਲਾਘਾ ਕੀਤੀ। ਇਸ ਚੈਕਿੰਗ ਦੌਰਾਨ ਉਹਨਾਂ ਵਲੋਂ ਸ.ਸ.ਸ.ਸ ਮਾਲੇਵਾਲ ਵਿਖੇ ਇੱਕ ਬੂਟਾ ਵੀ ਲਗਾਇਆ।ਇਸ ਮੌਕੇ ਉਹਨਾਂ ਨਾਲ ਅਨੀਤਾ ਸ਼ਰਮਾ ਜਿਲ੍ਹਾ ਸਿੱਖਿਆ ਅਫਸਰ, ਲਖਵੀਰ ਸਿੰਘ ਉਪ ਜਿਲ੍ਹਾ ਸਿੱਖਿਆ ਅਫਸਰ, ਪ੍ਰਿੰਸੀਪਲ ਰਜਨੀਸ਼ ਕੁਮਾਰ ,ਏ.ਸੀ ਬਲਜਿੰਦਰ ਸਿੰਘ ਵਿਰਕ,ਲੈਕ. ਅਸੋਕ ਕੁਮਾਰ ਮਹਿਤਾ ,ਲੈਕ. ਹਰਜਿੰਦਰ ਸਿੰਘ ਗਿੱਲ,ਪ੍ਰਮੋਦ ਕੁਮਾਰ,ਸੁਖਵਿੰਦਰ ਸਿੰਘ ,ਓਂਕਾਰ ਸਿੰਘ ਵੀ ਹਾਜਰ ਸਨ।

# ਲੈਮਰਿਨ ਯੂਨੀਵਰਸਿਟੀ ਸਨੈਪ ਐਂਡ ਸਪ੍ਰਿੰਟ ਫਲੈਗ ਬਾਊਲ ਇੰਟਰ ਕਲੱਬ ਫਲੈਗ ਫੁੱਟਬਾਲ ਚੈਂਪੀਅਨਸ਼ਿਪ 2026 ਸ਼ੁਰੂ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ, 03 ਅਕਤੂਬਰ
(ਦਲਜੀਤ ਅਜਨੋਹਾ)



ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਚਾਰ ਦਿਨਾਂ ਦੀ ਸਨੈਪ ਐਂਡ ਸਪ੍ਰਿੰਟ ਫਲੈਗ ਬਾਊਲ ਇੰਟਰ ਕਲੱਬ ਫਲੈਗ ਫੁੱਟਬਾਲ ਚੈਂਪੀਅਨਸ਼ਿਪ 2026 ਦੀ ਮੇਜ਼ਬਾਨੀ ਕਰ ਰਹੀ ਹੈ।

ਇਸ ਚੈਂਪੀਅਨਸ਼ਿਪ ਵਿੱਚ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਕੁੱਲ 34 ਟੀਮਾਂ ਹਿੱਸਾ ਲੈ ਰਹੀਆਂ ਹਨ, ਜਿਨ੍ਹਾਂ ਵਿੱਚ ਪੁਰਸ਼ ਵਰਗ ਦੀਆਂ 20 ਟੀਮਾਂ ਅਤੇ ਮਹਿਲਾ ਵਰਗ ਦੀਆਂ 14 ਟੀਮਾਂ ਸ਼ਾਮਲ ਹਨ। ਇਹ ਚੈਂਪੀਅਨਸ਼ਿਪ ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਦੇ ਚਾਂਸਲਰ ਐਨ. ਐਸ. ਰਿਆਤ ਦੀ ਅਗਵਾਈ ਹੇਠ ਪ੍ਰੋਫੈਸਰ (ਡਾ.) ਮਹੇਸ਼ ਜੇਟਲੀ, ਡੀਨ, ਫਿਜ਼ੀਕਲ ਐਜੂਕੇਸ਼ਨ ਅਤੇ ਯੂਨੀਵਰਸਿਟੀ ਸਪੋਰਟਸ ਦੇ ਡਾਇਰੈਕਟਰ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਚੈਂਪੀਅਨਸ਼ਿਪ ਦਾ ਉਦਘਾਟਨ ਮੁੱਖ ਮਹਿਮਾਨ ਪ੍ਰੋਫੈਸਰ ਬੀ. ਐਸ. ਸਤਿਆਲ, ਪ੍ਰੋ ਵਾਈਸ ਚਾਂਸਲਰ, ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਨੇ ਕੀਤਾ।

ਉਦਘਾਟਨੀ ਸਮਾਰੋਹ ਵਿੱਚ ਕਈ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ, ਜਿਨ੍ਹਾਂ ਵਿੱਚ ਮੋਹਾਲੀ-ਚੰਡੀਗੜ੍ਹ ਦੇ ਸੀਏ ਵਿਨਾਇਕ ਗੁਪਤਾ, ਸੀਈਓ ਸ੍ਰੀ ਵਿਮਲ ਮਨਹੋਤਰਾ, ਡੀਨ ਡਾ. ਆਸ਼ੂਤੋਸ਼ ਸ਼ਰਮਾ ਅਤੇ ਏਐਫਐਫਆਈ ਦੇ ਸੀਈਓ ਸ੍ਰੀ ਦੀਪੇਸ਼ ਸੋਲੰਕੀ ਸ਼ਾਮਲ ਸਨ, ਜੋ ਗੈਸਟ ਆਫ਼ ਆਨਰ ਵਜੋਂ ਮੌਜੂਦ ਸਨ। ਇਸ ਸਮਾਗਮ ਵਿੱਚ ਏਐਫਐਫਆਈ ਦੇ ਸਕੱਤਰ ਸ੍ਰੀ ਲੋਕੇਂਦਰ ਸਿੰਘ; ਅਮਰੀਕਨ ਫੁੱਟਬਾਲ ਐਸੋਸੀਏਸ਼ਨ, ਚੰਡੀਗੜ੍ਹ ਦੇ ਸਕੱਤਰ ਸ੍ਰੀ ਬਲਪ੍ਰੀਤ ਸਿੰਘ; ਏਐਫਐਫਆਈ ਦੇ ਮੈਂਬਰ ਸ੍ਰੀ ਸੁਖਜਿੰਦਰ ਸਿੰਘ; ਅਤੇ ਏਐਫਐਫਆਈ ਦੇ ਤਕਨੀਕੀ ਡਾਇਰੈਕਟਰ ਸ੍ਰੀ ਹਿਮਾਂਸ਼ੂ ਵੀ ਸ਼ਾਮਲ ਹੋਏ। ਪ੍ਰੋ. ਬੀ. ਐਸ. ਸਤਿਆਲ, ਪ੍ਰੋ ਵਾਈਸ ਚਾਂਸਲਰ ਨੇ ਸਾਰੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਉਤਸ਼ਾਹਿਤ ਕੀਤਾ।

# ਪਾਰਟੀ ਵਿਰੋਧੀ ਗਤੀਵਿਧੀਆਂ ਦੇ ਦੋਸ਼ ਹੇਠ ਹਲਕਾ ਮੌੜ ਦੇ ਵਿਧਾਇਕ ਸੁਖਵੀਰ ਸਿੰਘ ਮਾਇਸਰਸਰਖਾਨਾ ਮੁਅੱਤਲ

## ਵਿਧਾਇਕ ਮਾਈਸਰਖਾਨਾ ਨੇ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਦਾ ਚੁੱਕਿਆ ਸੀ ਮੁੱਦਾ

ਪੈ.ਗਾਮ-ਏ-ਜਗਤ, 3 ਅਕਤੂਬਰ
ਮੌੜ ਮੰਡੀ (ਚਮਕੌਰ ਸਿੰਘ ਕੈਰਵੇ)

ਪੰਜਾਬ ਦੀ ਰਾਜਨੀਤੀ ਵਿੱਚੋਂ ਅੱਜ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਆਮ ਆਦਮੀ ਪਾਰਟੀ (ਆਪ) ਨੇ ਪਾਰਟੀ ਦੇ ਅਨੁਸ਼ਾਸਨ ਨੂੰ ਬਣਾਏ ਰੱਖਣ ਲਈ ਇੱਕ ਸਖ਼ਤ ਕਦਮ ਚੁੱਕਿਆ ਹੈ। ਆਮ ਆਦਮੀ ਪਾਰਟੀ ਦੀ ਹਾਈਕਮਾਨ ਨੇ ਮੌੜ ਵਿਧਾਨ ਸਭਾ ਹਲਕੇ ਤੋਂ ਆਪਣੀ ਹੀ ਪਾਰਟੀ ਦੇ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਨੂੰ ਤੁਰੰਤ ਪ੍ਰਭਾਵ ਨਾਲ ਪਾਰਟੀ ਤੋਂ ਸਸਪੈਂਡ ਕਰ ਦਿੱਤਾ ਹੈ। ਪਾਰਟੀ ਵਲੋਂ ਅੱਜ ਲਏ ਗਏ ਇਸ ਅਚਾਨਕ ਅਤੇ ਵੱਡੇ ਫੈਸਲੇ ਨੇ ਰਾਜਨੀਤਿਕ ਗਲਿਆਰਿਆਂ ਵਿੱਚ ਚਰਚਾ ਛੇੜ ਦਿੱਤੀ ਹੈ।

ਮਿਲੀ ਜਾਣਕਾਰੀ ਅਨੁਸਾਰ ਆਮ ਆਦਮੀ ਪਾਰਟੀ ਦੇ ਉੱਚ ਆਗੂਆਂ ਅਤੇ ਅਨੁਸ਼ਾਸਨੀ ਕਮੇਟੀ ਵਲੋਂ ਸੁਖਵੀਰ ਸਿੰਘ ਮਾਈਸਰਖਾਨਾ 'ਤੇ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਗੰਭੀਰ ਦੋਸ਼ ਲਗਾਏ ਗਏ ਹਨ। ਪਾਰਟੀ ਨੇ ਸਪੱਸ਼ਟ ਕੀਤਾ ਹੈ ਕਿ ਕਿਸੇ ਵੀ ਆਗੂ ਜਾਂ ਵਿਧਾਇਕ ਵਲੋਂ ਪਾਰਟੀ ਦੇ ਨਿਯਮਾਂ ਦੀ ਉਲੰਘਣਾ ਜਾਂ ਪਾਰਟੀ ਵਿਰੋਧੀ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਚਾਹੇ ਉਹ ਕਿੰਨਾ ਵੀ ਸੀਨੀਅਰ ਕਿਉਂ ਨਾ ਹੋਵੇ। ਇਸੇ ਅਧਾਰ 'ਤੇ ਹੀ ਮਾਈਸਰਖਾਨਾ ਖ਼?ਲਾਫ਼ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।



ਉੱਥੇ? ਹੀ ਅੱਜ? ਇੱਕ ਵਾਇਰਲ ਹੋਈ ਵੀਡੀਓ ਵਿੱਚ ਵਿਧਾਇਕ ਮਾਈਸਰਖਾਨਾ ਨੇ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਬਾਰੇ ਆਪਣੀ ਹੀ ਪਾਰਟੀ ਤੇ ਦੋਸ਼ ਲਗਾਏ ਹਨ ਤੇ ਉਹ ਭਾਵੁਕ ਹੋਕੇ ਵੀਡੀਓ ਵਿੱਚ ਇਹ ਕਹਿ ਰਹੇ ਹਨ ਕਿ ਉਹਨਾਂ ਦੀ ਕੋਈ ਵੀ ਨਹੀਂ ਸੁਣ ਰਿਹਾ। ਉਸਨੂੰ ਹਮੇਸ਼ਾ ਪਾਸੇ ਕੀਤਾ ਜਾਂਦਾ ਰਿਹਾ।

ਜ਼ਿਕਰਯੋਗ ਹੈ ਕਿ ਸੁਖਵੀਰ ਸਿੰਘ ਮਾਈਸਰਖਾਨਾ ਨੇ ਸਾਲ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਮੌੜ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੀ ਟਿਕਟ 'ਤੇ ਚੋਣ ਲੜੀ ਸੀ ਅਤੇ ਇੱਕ ਸ਼ਾਨਦਾਰ ਜਿੱਤ ਦਰਜ ਕਰਕੇ ਪਹਿਲੀ ਵਾਰ ਵਿਧਾਇਕ ਵਜੋਂ ਵਿਧਾਨ ਸਭਾ ਪਹੁੰਚੇ ਸਨ। ਆਪਣੀ ਜਿੱਤ ਤੋਂ ਬਾਅਦ ਉਹ ਆਪਣੇ ਇਲਾਕੇ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਅੱਗੇ ਵਧਾਉਣ ਲਈ ਲਗਾਤਾਰ ਕੰਮ ਕਰਦੇ ਰਹੇ ਹਨ। ਸਾਲ 2026 ਦੌਰਾਨ ਵੀ ਉਹ 'ਆਪ' ਦੇ ਵਿਧਾਇਕ ਵਜੋਂ ਪੂਰੀ ਤਰ੍ਹਾਂ ਸਰਗਰਮ ਰਹੇ ਹਨ। ਮਾਰਚ 2026 ਵਿੱਚ ਉਹ ਉਦੋਂ ਕਾਫ਼ੀ ਚਰਚਾ ਵਿੱਚ ਆਏ ਸਨ, ਜਦੋਂ ਮੀਡੀਆ ਰਿਪੋਰਟਾਂ ਵਿੱਚ ਇਹ ਗੱਲ ਸਾਹਮਣੇ ਆਈ ਸੀ ਕਿ ਉਨ੍ਹਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹਨ। ਇਸ ਕਦਮ ਦੀ ਪਾਰਟੀ ਦੇ ਨਾਲ-ਨਾਲ ਆਮ ਲੋਕਾਂ ਵਲੋਂ ਵੀ ਕਾਫ਼ੀ ਸ਼ਲਾਘਾ ਕੀਤੀ ਗਈ ਸੀ ਅਤੇ ਇਸ ਨੂੰ ਸਰਕਾਰੀ ਸਿੱਖਿਆ ਪ੍ਰਣਾਲੀ 'ਤੇ ਵਿਸ਼ਵਾਸ ਵਧਾਉਣ ਵਾਲੀ ਪਹਿਲਕਦਮੀ ਵਜੋਂ ਵੇਖਿਆ ਗਿਆ ਸੀ। ਹਾਲਾਂਕਿ, ਪਿਛਲੇ ਕੁਝ ਸਮੇਂ ਤੋਂ ਪਾਰਟੀ ਦੇ ਅੰਦਰੂਨੀ ਸੂਤਰਾਂ ਤੋਂ ਇਹ ਸੰਕੇਤ ਮਿਲ ਰਹੇ ਸਨ ਕਿ ਸੁਖਵੀਰ ਸਿੰਘ ਮਾਈਸਰਖਾਨਾ ਅਤੇ ਪਾਰਟੀ ਹਾਈਕਮਾਨ ਵਿਚਕਾਰ ਕੁਝ ਮੁੱਦਿਆਂ 'ਤੇ ਮਤਭੇਦ ਚੱਲ ਰਹੇ ਸਨ। ਇਨ੍ਹਾਂ ਮਤਭੇਦਾਂ ਅਤੇ ਪਾਰਟੀ ਵਿਰੋਧੀ ਗਤੀਵਿਧੀਆਂ ਦੀਆਂ ਸ਼ਿਕਾਇਤਾਂ ਤੋਂ ਬਾਅਦ ਹੀ ਪਾਰਟੀ ਨੇ ਇਹ ਸਖ਼ਤ ਕਦਮ ਚੁੱਕਣ ਦਾ ਫੈਸਲਾ ਕੀਤਾ ਹੈ। ਫਿਲਹਾਲ 'ਆਪ' ਨੇ ਉਨ੍ਹਾਂ ਨੂੰ ਸਸਪੈਂਡ ਕਰਨ ਦਾ ਕਾਰਨ ਪਾਰਟੀ ਵਿਰੋਧੀ ਕੰਮ ਹੀ ਦੱਸਿਆ ਹੈ, ਜਦਕਿ ਇਸ ਮਾਮਲੇ 'ਤੇ ਸੁਖਵੀਰ ਸਿੰਘ ਮਾਈਸਰਖਾਨਾ ਵਲੋਂ ਅਜੇ ਤੱਕ ਕੋਈ ਅਧਿਕਾਰਤ ਬਿਆਨ ਸਾਹਮਣੇ ਨਹੀਂ ਆਇਆ ਹੈ। ਆਉਣ ਵਾਲੇ ਦਿਨਾਂ ਵਿੱਚ ਇਹ ਵੇਖਣਾ ਅਹਿਮ ਹੋਵੇਗਾ ਕਿ ਮਾਈਸਰਖਾਨਾ ਆਪਣੇ ਬਚਾਅ ਵਿੱਚ ਕੀ ਬਿਆਨ ਦਿੰਦੇ ਹਨ।

# ਸਮੱਸਿਆਵਾਂ ਦੇ ਹੱਲ ਲਈ ਰਾਈਸ ਮਿਲਰਜ਼ ਨੇ ਖੰਨਾ ਨੂੰ ਸੌਂਪਿਆ ਮੰਗ ਪੱਤਰ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ, 03 ਅਕਤੂਬਰ
(ਦਲਜੀਤ ਅਜਨੋਹਾ)



ਰਾਈਸ ਮਿਲਰਜ਼ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਸਾਬਕਾ ਸੰਸਦ ਮੈਂਬਰ ਅਤੇ ਸੀਨੀਅਰ ਭਾਜਪਾ ਆਗੂ ਸ੍ਰੀ ਅਵਿਨਾਸ਼ ਰਾਏ ਖੰਨਾ ਨੂੰ ਝੋਨੇ ਦੀ ਖਰੀਦ ਸੀਜ਼ਨ 2026-27 ਦੌਰਾਨ ਰਾਈਸ ਮਿਲਰਜ਼ ਨੂੰ ਪੇਸ਼ ਆ ਰਹੀਆਂ ਗੰਭੀਰ ਸਮੱਸਿਆਵਾਂ ਸਬੰਧੀ ਇੱਕ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ ਵਿੱਚ ਰਾਈਸ ਮਿਲਿੰਗ ਉਦਯੋਗ ਨੂੰ ਆਰਥਿਕ ਸੰਕਟ ਤੋਂ ਬਚਾਉਣ ਅਤੇ ਝੋਨੇ ਦੀ ਖਰੀਦ, ਭੰਡਾਰਨ ਅਤੇ ਚੌਲਾਂ ਦੀ ਡਿਲੀਵਰੀ ਨਾਲ ਜੁੜੀਆਂ ਸਮੱਸਿਆਵਾਂ ਦਾ ਜਲਦ ਹੱਲ ਕਰਨ ਦੀ ਮੰਗ ਕੀਤੀ ਗਈ।

ਇਸ ਮੌਕੇ ਐਸੋਸੀਏਸ਼ਨ ਨੇ ਖੰਨਾ ਨੂੰ ਦੱਸਿਆ ਕਿ ਪੰਜਾਬ ਵਿੱਚ ਰਾਈਸ ਮਿਲਰਜ਼ ਹਰ ਸਾਲ ਕਿਸਾਨਾਂ ਅਤੇ ਆੜ੍ਹਤੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਝੋਨੇ ਦੇ ਭੰਡਾਰਨ ਦੀ ਜ਼ਿੰਮੇਵਾਰੀ ਨਿਭਾਉਂਦੇ ਹਨ, ਪਰ ਮੌਜੂਦਾ ਹਾਲਾਤਾਂ ਵਿੱਚ ਉਨ੍ਹਾਂ ਲਈ ਆਪਣਾ ਕਾਰੋਬਾਰ ਚਲਾਉਣਾ ਲਗਾਤਾਰ ਮੁਸ਼ਕਲ ਹੁੰਦਾ ਜਾ ਰਿਹਾ ਹੈ। ਜੇਕਰ ਸਮੇਂ ਸਿਰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਗਿਆ ਤਾਂ ਰਾਈਸ ਮਿਲਿੰਗ ਉਦਯੋਗ ਦੇ ਭਵਿੱਖ 'ਤੇ ਗੰਭੀਰ ਸੰਕਟ ਖੜ੍ਹਾ ਹੋ ਸਕਦਾ ਹੈ। ਐਸੋਸੀਏਸ਼ਨ ਨੇ ਮੰਗ ਕੀਤੀ ਕਿ ਚੌਲਾਂ ਦੇ ਭੰਡਾਰਨ ਲਈ ਲੋੜੀਂਦੀ ਜਗ?ਹਾ ਉਪਲਬਧ ਕਰਵਾਈ ਜਾਵੇ। ਇਸ ਸਾਲ ਦੀ ਫ਼ਸਲ ਦੇ ਲਗਭਗ 35,000 ਤੋਂ 40,000 ਰੈਕ ਚੌਲਾਂ ਦੀ ਡਿਲੀਵਰੀ ਅਜੇ ਵੀ ਬਕਾਇਆ ਹੈ। ਭਾਰਤੀ ਖੁਰਾਕ ਨਿਗਮ ਕੋਲ ਲੋੜੀਂਦੀ ਭੰਡਾਰਨ ਜਗ੍ਹਾ ਨਾ ਹੋਣ ਕਾਰਨ ਮਿਲਰਜ਼ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਜਿਹੇ ਵਿੱਚ ਨਵੇਂ ਝੋਨੇ ਦਾ ਭੰਡਾਰਨ ਕਰਨਾ ਉਨ੍ਹਾਂ ਲਈ ਆਰਥਿਕ ਜੋਖਮ ਬਣ ਗਿਆ ਹੈ। ਐਸੋਸੀਏਸ਼ਨ ਨੇ ਮੰਗ ਕੀਤੀ ਕਿ ਸਰਕਾਰ 31 ਮਾਰਚ ਤੱਕ ਲੋੜੀਂਦੀ ਭੰਡਾਰਨ ਜਗ੍ਹਾ ਉਪਲਬਧ ਕਰਵਾਉਣ ਦੀ ਲਿਖਤੀ ਗਾਰੰਟੀ ਦੇਵੇ ਅਤੇ ਦੇਰੀ ਹੋਣ ਦੀ ਸੂਰਤ ਵਿੱਚ ਚੌਲਾਂ ਦੀ ਰਿਕਵਰੀ ਸਬੰਧੀ ਰਿਆਇਤਾਂ ਦੀ ਨੀਤੀ ਸਪੱਸ਼ਟ ਕਰੇ।

ਖੰਨਾ ਨੇ ਐਸੋਸੀਏਸ਼ਨ ਨੂੰ ਭਰੋਸਾ ਦਿਵਾਇਆ ਕਿ ਕੇਂਦਰ ਸਰਕਾਰ ਦੀ ਮਦਦ ਨਾਲ ਉਹ ਰਾਈਸ ਮਿਲਰਜ਼ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨਗੇ। ਇਸ ਮੌਕੇ ਰਾਈਸ ਮਿਲਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਸੰਜੀਵ ਨੈਯਰ, ਸਰਪ੍ਰਸਤ ਸ੍ਰੀ ਪਰਮਜੀਤ ਸਿੰਘ ਮੋਟੀਆ, ਸੀਨੀਅਰ ਮੀਤ ਪ੍ਰਧਾਨ ਸ੍ਰੀ ਵੀਰੇਂਦਰ ਅਗਰਵਾਲ ਅਤੇ ਜਨਰਲ ਸਕੱਤਰ ਮਨਦੀਪ ਸਿੰਘ ਮਨੀ ਵੀ ਹਾਜ਼ਰ ਸਨ।